PAIGAM-E-JAGAT
PAIGAM-E-JAGAT
# ਪੈਗ਼ਾਮ-ਏ-ਜਗਤ

ਤੁਹਾਨੂੰ ਕਿਸੇ ਨਾਲ ਮੁਕਾਬਲਾ ਕਰਨ ਦੀ ਜ਼ਰੂਰਤ ਨਹੀਂ ਹੈ; ਤੁਸੀਂ ਜਿਸ ਤਰ੍ਹਾਂ ਹੋ ਉਸੇ ਤਰ੍ਹਾਂ ਸੰਪੂਰਨ ਹੋ।
-ਓਸ਼ੋ ਰਜਨੀਸ਼

Title code : CHAMUL00914 | E-mail : Info@paigamejagat.com | ਬੁੱਧਵਾਰ, 14 ਅਕਤੂਬਰ 2026, ਸਾਲ-4, ਅੰਕ-10, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

## ਸਾਡਾ ਟੀਚਾ ਮਿਆਰੀ ਸਿੱਖਿਆ ਰਾਹੀਂ ਬੱਚਿਆਂ ਨੂੰ ਆਪਣੇ ਪੈਰਾਂ ’ਤੇ ਖੜ੍ਹੇ ਹੋਣ ਦੇ ਸਮਰੱਥ ਬਣਾਉਣਾ ਹੈ: ਸੀਐਮ ਮਾਨ

### ਆਈ.ਕੇ. ਗੁਜਰਾਲ ਪੰਜਾਬ ਤਕਨੀਕੀ ਯੂਨੀਵਰਸਿਟੀ ਦੇ ਕਨਵੋਕੇਸ਼ਨ ਸਮਾਰੋਹ ਵਿੱਚ ਮੁੱਖ ਮੰਤਰੀ ਮਾਨ ਨੇ ਵਿਦਿਆਰਥੀਆਂ ਨੂੰ ਡਿਗਰੀਆਂ ਵੰਡੀਆਂ

**ਕਪੂਰਥਲਾ, 13 ਅਕਤੂਬਰ (ਪੈ.ਗਾਮ-ਏ-ਜਗਤ)**

ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕਿਹਾ ਕਿ ਸਾਡੀ ਸਰਕਾਰ ਨੌਜਵਾਨਾਂ ਨੂੰ ਆਪਣੇ ਪੈਰਾਂ ’ਤੇ ਖੜ੍ਹੇ ਹੋਣ ਦੇ ਯੋਗ ਬਣਾਉਣ ਲਈ ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਬਦਲਾਅ ਕਰ ਰਹੀ ਹੈ ਅਤੇ ਰੋਜ਼ਗਾਰ ਦੇ ਮੌਕੇ ਪੈਦਾ ਕਰ ਰਹੀ ਹੈ। ਉਨਾਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਸਾਡਾ ਮੁੱਖ ਟੀਚਾ ਨੌਕਰੀ ਲੱਭਣ ਵਾਲਿਆਂ ਨੂੰ ਨੌਕਰੀਆਂ ਦੇਣ ਵਾਲੇ ਬਣਾਉਣਾ ਹੈ। ਇੱਥੇ ਆਈ.ਕੇ. ਗੁਜਰਾਲ ਪੰਜਾਬ ਤਕਨੀਕੀ ਯੂਨੀਵਰਸਿਟੀ ਦੇ 14ਵੇਂ ਕਨਵੋਕੇਸ਼ਨ ਸਮਾਰੋਹ ਦੌਰਾਨ ਉਨਾਂ ਕਿਹਾ ਕਿ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਕਾਇਆ-ਕਲਪ ਕਰਨ ਦੇ ਨਾਲ-ਨਾਲ ਮੈਰਿਟ ਦੇ ਆਧਾਰ ’ਤੇ 70,000 ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਨਾਂ ਅੱਗੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਸਿੱਖਿਆ ਅਤੇ ਰੋਜ਼ਗਾਰ ਦੀ ਕੀਤੀ ਗਈ ਅਣਦੇਖੀ ਨੇ ਹੀ ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ

- **ਪੰਜਾਬ ਨੂੰ ਬਦਨਾਮ ਕਰਨ ਦੀ ਬਜਾਏ ਭਾਜਪਾ ਨੂੰ ਗੁਜਰਾਤ ਤੋਂ ਨਸ਼ਿਆਂ ਦੀ ਸਪਲਾਈ ਰੋਕਣੀ ਚਾਹੀਦੀ ਹੈ: ਮੁੱਖ ਮੰਤਰੀ ਮਾਨ**

ਮੌਕਿਆਂ ਦੀ ਭਾਲ ਕਰਨ ਲਈ ਮਜਬੂਰ ਕੀਤਾ ਸੀ। ਮੁੱਖ ਮੰਤਰੀ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਚਾਰ ਸਾਲਾਂ ਦੀਆਂ ਲਗਾਤਾਰ ਕੋਸ਼ਿਸ਼ਾਂ ਨੇ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਪਹਿਲੇ ਨੰਬਰ ’ਤੇ ਪਹੁੰਚਾ ਦਿੱਤਾ ਹੈ ਅਤੇ ਉਨ੍ਹਾਂ ਨੌਜਵਾਨਾਂ ਨੂੰ ਸੂਬੇ ਦੇ ਸੁਨਹਿਰੀ ਭਵਿੱਖ ਦੀ ਨੀਂਹ ਸਿੱਖਿਆ ਅਤੇ ਖੇਡਾਂ ਨੂੰ ਬਣਾਉਣ ਦੀ ਅਪੀਲ ਕੀਤੀ। ਮੁੱਖ ਮੰਤਰੀ ਮਾਨ ਨੇ ਭਾਜਪਾ ’ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਉਹ ਪੰਜਾਬ ਨੂੰ ਬਦਨਾਮ ਕਰਨ ਦੀ ਬਜਾਏ ਗੁਜਰਾਤ ਤੋਂ ਨਸ਼ਿਆਂ ਦੀ ਸਪਲਾਈ ਨੂੰ ਰੋਕੇ।

ਮੁੱਖ ਮੰਤਰੀ ਮਾਨ ਨੇ ਕਿਹਾ, “ਅੱਜ ਮੈਨੂੰ ਆਈ.ਕੇ. ਗੁਜਰਾਲ ਪੰਜਾਬ ਤਕਨੀਕੀ




ਯੂਨੀਵਰਸਿਟੀ, ਕਪੂਰਥਲਾ ਦੇ 14ਵੇਂ ਕਨਵੋਕੇਸ਼ਨ ਸਮਾਰੋਹ ਵਿੱਚ ਵਿਦਿਆਰਥੀਆਂ ਨੂੰ ਡਿਗਰੀਆਂ ਵੰਡਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਡਿਗਰੀ ਸਿਰਫ਼ ਕਾਗਜ਼ ਦਾ ਟੁਕੜਾ ਨਹੀਂ ਹੈ, ਇਹ ਇਕ ਅਜਿਹਾ ਸਰਟੀਫਿਕੇਟ ਹੈ, ਜੋ ਨੌਜਵਾਨਾਂ ਨੂੰ ਉਨ੍ਹਾਂ ਦੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲਣ ਦੇ ਮੌਕੇ ਦਿੰਦਾ ਹੈ। ਸਾਡਾ ਟੀਚਾ ਪੰਜਾਬ ਦੇ ਨੌਜਵਾਨਾਂ ਨੂੰ ਨੌਕਰੀਆਂ ਲੱਭਣ ਵਾਲੇ ਨਹੀਂ, ਸਗੋਂ ਨੌਕਰੀਆਂ ਦੇਣ ਵਾਲੇ ਬਣਾਉਣਾ ਹੈ। ਸਿੱਖਿਆ ਅਤੇ ਖੇਡਾਂ ਪੰਜਾਬ ਦੇ ਸੁਨਹਿਰੀ ਭਵਿੱਖ ਦੀਆਂ ਕੁੰਜੀਆਂ ਹਨ। ਡਿਗਰੀ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਦਿਲੋਂ ਵਧਾਈਆਂ। ਮੈਂ ਉਨ੍ਹਾਂ ਦੇ ਸਫ਼ਲ ਭਵਿੱਖ ਦੀ ਕਾਮਨਾ ਕਰਦਾ ਹਾਂ। ਇਨਕਲਾਬ ਜ਼ਿੰਦਾਬਾਦ।” ਕਨਵੋਕੇਸ਼ਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਜੋ ਲੋਕ ਨਸ਼ੇ ਦੀ ਸਮੱਸਿਆ ਨੂੰ ਲੈ ਕੇ ਪੰਜਾਬ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਉਨ੍ਹਾਂ ਨੂੰ ਪਹਿਲਾਂ ਇਸ ਸਮੱਸਿਆ ਨਾਲ ਨਜਿੱਠਣ ਵਿੱਚ ਆਪਣੀ ਨਾਕਾਮੀ ਲਈ ਜਵਾਬਦੇਹ ਹੋਣਾ ਚਾਹੀਦਾ ਹੈ।

ਮੈਂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੂੰ ਚੁਣੌਤੀ ਦਿੰਦਾ ਹਾਂ ਕਿ ਉਹ ਸਪੱਸ਼ਟ ਕਰੇ ਕਿ ਕੇਂਦਰ ਅਤੇ ਗੁਜਰਾਤ ਦੋਵਾਂ ਥਾਵਾਂ ’ਤੇ ਭਾਜਪਾ ਦੀ ਸਰਕਾਰ ਹੋਣ ਦੇ ਬਾਵਜੂਦ ਗੁਜਰਾਤ ਅਤੇ ਦੇਸ਼ ਦੇ ਹੋਰ ਹਿੱਸਿਆਂ ਦੀਆਂ ਬੰਦਰਗਾਹਾਂ ਰਾਹੀਂ ਨਸ਼ਿਆਂ ਦੀ ਸਪਲਾਈ ਕਿਵੇਂ ਜਾਰੀ ਰਹੀ। ਪੰਜਾਬ ਕਿਸੇ ਨੂੰ ਇਹ ਇਜਾਜ਼ਤ ਨਹੀਂ ਦੇਵੇਗਾ ਕਿ ਨਸ਼ਾ ਤਸਕਰੀ ਦੀ ਸਮੱਸਿਆ ਦੇ ਕੌਮੀ ਪਰਿਪੇਖ ਨੂੰ ਅਣਡਿੱਠ ਕਰ ਕੇ ਨਿਸ਼ਾਨਾ ਬਣਾ ਕੇ ਆਲੋਚਨਾ ਅਤੇ ਸਿਆਸੀ ਪ੍ਰਚਾਰ ਰਾਹੀਂ ਦਿੱਖ ਖ਼ਰਾਬ ਕੀਤੀ ਜਾਵੇ। ਜੋ ਲੋਕ ਆਪਣੇ ਸੂਬਿਆਂ ਵਿੱਚ ਇਸ ਸਮੱਸਿਆ (ਬਾਕੀ ਸਫ਼ਾ 2 ’ਤੇ)

## ਸਰਕਾਰ ਵੱਲੋਂ ਯੂ.ਪੀ.ਆਈ. ਰਾਹੀਂ ਵਪਾਰਕ ਭੁਗਤਾਨ ’ਤੇ ਵਾਧੂ ਫ਼ੀਸ ਲਾਉਣ ਦਾ ਫ਼ੈਸਲਾ ਦੀਵਾਲੀ ਤੱਕ ਮੁਲਤਵੀ

**ਨਵੀਂ ਦਿੱਲੀ, 13 ਅਕਤੂਬਰ (ਪੈ.ਗਾਮ-ਏ-ਜਗਤ)**

ਯੂ.ਪੀ.ਆਈ. ਰਾਹੀਂ ਹੋਣ ਵਾਲੇ ਭੁਗਤਾਨਾਂ ’ਤੇ ਵਾਧੂ ਫ਼ੀਸ ਲਗਾਏ ਜਾਣ ਨੂੰ ਲੈ ਕੇ ਹੋ ਰਹੀਆਂ ਚਿੰਤਾਵਾਂ ਅਤੇ ਪੈਦਾ ਹੋਏ ਵਿਵਾਦ ਤੋਂ ਬਾਅਦ ਕੇਂਦਰ ਸਰਕਾਰ ਨੇ ਵੱਡਾ ਫ਼ੈਸਲਾ ਲੈਂਦਿਆਂ ਚੁਣਵੇਂ ਵਪਾਰਕ ਲੈਣ-ਦੇਣ ’ਤੇ ਲੱਗਣ ਵਾਲੇ ਮਰਚੈਂਟ ਡਿਸਕਾਊਂਟ ਰੇਟ ਨੂੰ ਦੀਵਾਲੀ ਤੋਂ ਬਾਅਦ ਤੱਕ ਲਈ ਮੁਲਤਵੀ ਕਰ ਦਿੱਤਾ ਹੈ।

‘ਨੈਸ਼ਨਲ ਪੇਮੈਂਟਸ ਕਾਰਪੋਰੇਸ਼ਨ ਆਫ਼ ਇੰਡੀਆ’ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਤਿਉਹਾਰਾਂ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਯੂ.ਪੀ.ਆਈ. ਐਂਡ ਸਰਵਿਸਿਜ਼ ਸਟੀਅਰਿੰਗ ਕਮੇਟੀ ਨੇ ਚੁਣਵੇਂ ‘ਪਰਸਨ-ਟੂ-ਮਰਚੈਂਟ’ ਲੈਣ-ਦੇਣ ’ਤੇ ਐੱਮ.ਡੀ.ਆਰ. ਲਾਗੂ ਕਰਨ ਦੀ ਤਾਰੀਖ਼ ਅੱਗੇ ਵਧਾ ਦਿੱਤੀ ਹੈ, ਜਿਸ ਦੀ ਨਵੀਂ ਤਾਰੀਖ਼ ਦਾ ਐਲਾਨ ਦੀਵਾਲੀ ਤੋਂ ਬਾਅਦ ਵੱਖਰੇ ਤੌਰ ’ਤੇ ਕੀਤਾ ਜਾਵੇਗਾ। ਪਹਿਲਾਂ ਇਹ ਨਿਯਮ 15 ਅਕਤੂਬਰ ਤੋਂ ਲਾਗੂ

- **15 ਅਕਤੂਬਰ ਤੋਂ ਲਾਗੂ ਹੋਣਾ ਸੀ 0.4 ਫ਼ੀਸਦੀ ਮਰਚੈਂਟ ਡਿਸਕਾਊਂਟ ਰੇਟ**




ਹੋਣਾ ਸੀ, ਪਰ ਹੁਣ ਇਸ ਦੇ ਜਨਵਰੀ ਤੋਂ ਲਾਗੂ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ।

ਜ਼ਿਕਰਯੋਗ ਹੈ ਕਿ 15 ਸਤੰਬਰ ਨੂੰ ਐੱਨ.ਪੀ.ਸੀ.ਆਈ. ਨੇ ਐਲਾਨ ਕੀਤਾ ਸੀ ਕਿ 2,000 ਰੁਪਏ ਤੋਂ ਵੱਧ ਦੇ ਯੂ.ਪੀ.ਆਈ. ਰਾਹੀਂ ਕੀਤੇ ਜਾਣ ਵਾਲੇ ਵੱਡੇ ਵਪਾਰਕ ਲੈਣ-ਦੇਣ ਉੱਤੇ 0.4 ਫ਼ੀਸਦੀ ਫ਼ੀਸ ਲਗਾਈ ਜਾਵੇਗੀ, ਜੋ ਕਿ 75,000 ਰੁਪਏ ਜਾਂ ਇਸ ਤੋਂ ਵੱਧ ਦੇ ਲੈਣ-ਦੇਣ ’ਤੇ ਵੱਧ ਤੋਂ ਵੱਧ 300 ਰੁਪਏ ਪ੍ਰਤੀ ਤਬਾਦਲਾ ਰੱਖੀ ਗਈ ਸੀ।

## ਭਾਰਤ ਦੁਨੀਆ ਦੇ ਨਾਲ-ਨਾਲ ਅੱਗੇ ਵਧ ਰਿਹਾ: ਮੋਦੀ

### ਦੂਜਿਆਂ ਦਾ ਨੁਕਸਾਨ ਕਰਨਾ ਸਾਡਾ ਮਕਸਦ ਨਹੀਂ

**ਨਵੀਂ ਦਿੱਲੀ, 13 ਅਕਤੂਬਰ (ਪੈ.ਗਾਮ-ਏ-ਜਗਤ)**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਕਿਹਾ ਕਿ ਭਾਰਤ ਦਾ ਆਰਥਿਕ ਵਿਕਾਸ ਇੱਕ ਮਜ਼ਬੂਤ ਨੀਂਹ ਅਤੇ ਨਿਰੰਤਰ ਸੁਧਾਰਾਂ ’ਤੇ ਆਧਾਰਿਤ ਹੈ। ਉਨ੍ਹਾਂ ਕਿਹਾ ਕਿ ਭਾਰਤ ਦੂਜੇ ਦੇਸ਼ਾਂ ਨੂੰ ਨੁਕਸਾਨ ਪਹੁੰਚਾ ਕੇ ਨਹੀਂ, ਸਗੋਂ ਸਾਰਿਆਂ ਲਈ ਖੁਸ਼ਹਾਲੀ ਨੂੰ ਉਤਸ਼ਾਹਿਤ ਕਰਕੇ ਆਪਣੀ ਵਿਸ਼ਵਵਿਆਪੀ ਆਰਥਿਕ ਭੂਮਿਕਾ ਦਾ ਵਿਸਥਾਰ ਕਰਨਾ ਚਾਹੁੰਦਾ ਹੈ।

ਮੋਦੀ ਨੇ ਕਿਹਾ, ਅਸੀਂ ਦੂਜਿਆਂ ਦੀ ਕੀਮਤ ’ਤੇ ਵਿਕਾਸ ਨਹੀਂ ਕਰਦੇ। ਅਸੀਂ ਦੁਨੀਆ ਦੇ ਨਾਲ ਅਤੇ ਦੁਨੀਆ ਲਈ ਅੱਗੇ ਵਧਦੇ ਹਾਂ। ਉਨ੍ਹਾਂ ਨੇ ਭੂ-ਰਾਜਨੀਤਿਕ ਤਣਾਅ, ਵਪਾਰਕ ਰੁਕਾਵਟਾਂ ਅਤੇ ਅਹਿਮ ਤਕਨਾਲੋਜੀਆਂ ਤੇ ਸਰੋਤਾਂ ਨੂੰ ਲੈ ਕੇ ਵਧਦੇ ਮੁਕਾਬਲੇ ਦੇ ਦੌਰ ਵਿੱਚ ਭਾਰਤ ਨੂੰ ਇੱਕ ਭਰੋਸੇਮੰਦ ਆਰਥਿਕ ਭਾਈਵਾਲ ਵਜੋਂ ਪੇਸ਼ ਕੀਤਾ। ‘ਬਲੂਮਬਰਗ ਨਿਊ ਇਕਾਨਮੀ ਫੋਰਮ’ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਨੇ



ਅਪ੍ਰੈਲ-ਜੂਨ ਤਿਮਾਹੀ ਵਿੱਚ ਦੇਸ਼ ਦੇ 7.8 ਫੀਸਦੀ ਆਰਥਿਕ ਵਿਕਾਸ, 700 ਬਿਲੀਅਨ ਡਾਲਰ ਤੋਂ ਵੱਧ ਦੇ ਵਿਦੇਸ਼ੀ ਮੁਦਰਾ ਭੰਡਾਰ ਅਤੇ ਟੈਕਸ, ਦੀਵਾਲੀਆਪਨ ਤੇ ਕਿਰਤ ਕਾਨੂੰਨਾਂ ਨਾਲ ਸਬੰਧਤ ਸੁਧਾਰਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਭਾਰਤ ਦੀ ਤਾਕਤ ਨੂੰ ਦਰਸਾਉਂਦੇ ਹਨ। ਮੋਦੀ ਨੇ ਕਿਹਾ, ਅਨਿਸ਼ਚਿਤਤਾਵਾਂ ਨਾਲ ਭਰੀ ਦੁਨੀਆ ਵਿੱਚ, ਭਾਰਤ ਭਰੋਸਾ ਅਤੇ ਸਥਿਰਤਾ ਪ੍ਰਦਾਨ ਕਰਦਾ ਹੈ।

ਉਨ੍ਹਾਂ ਕਿਹਾ, ਇਸ ਸਾਲ ਅਪ੍ਰੈਲ-ਜੂਨ ਤਿਮਾਹੀ ਵਿੱਚ ਭਾਰਤ ਦਾ ਆਰਥਿਕ ਵਿਕਾਸ 7.8 ਫੀਸਦੀ ਰਿਹਾ। ਇਹ ਵਿਕਾਸ ਇੱਕ ਮਜ਼ਬੂਤ ਨੀਂਹ ’ਤੇ ਹੋ ਰਿਹਾ ਹੈ। ਦੇਸ਼ ਦੀ ਮਜ਼ਬੂਤ ਮੈਕਰੋ-ਇਕਨਾਮਿਕ (ਸਮੁੱਚੀ ਆਰਥਿਕ) ਸਥਿਤੀ ਵੱਲ ਇਸ਼ਾਰਾ ਕਰਦਿਆਂ, ਮੋਦੀ ਨੇ ਦੱਸਿਆ ਕਿ ਭਾਰਤ ਦਾ ਚਾਲੂ ਖਾਤਾ ਘਾਟਾ, ਜੋ 12-13 ਸਾਲ ਪਹਿਲਾਂ ਚਾਰ ਫੀਸਦੀ ਤੋਂ ਵੱਧ ਸੀ, ਹੁਣ ਘੱਟ ਕੇ ਲਗਭਗ ਅੱਧਾ ਫੀਸਦੀ ਰਹਿ ਗਿਆ ਹੈ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਕਿਸੇ ਦੇਸ਼ ਦੀ ਆਰਥਿਕ ਅਤੇ ਤਕਨੀਕੀ ਤਾਕਤ ਦਾ ਮੁਲਾਂਕਣ ਸਿਰਫ਼ ਉਸ ਕੋਲ ਮੌਜੂਦ ਸ਼ਕਤੀ ਦੇ ਆਧਾਰ ’ਤੇ ਨਹੀਂ, ਸਗੋਂ ਇਸ ਆਧਾਰ ’ਤੇ ਵੀ ਕੀਤਾ ਜਾਣਾ ਚਾਹੀਦਾ ਹੈ ਕਿ ਉਹ ਉਸ ਤਾਕਤ ਦੀ ਵਰਤੋਂ ਦੂਜਿਆਂ ਲਈ ਮੌਕੇ ਪੈਦਾ ਕਰਨ ਵਾਸਤੇ ਕਿੰਨੀ ਪ੍ਰਭਾਵਸ਼ਾਲੀ ਢੰਗ ਨਾਲ ਕਰਦਾ ਹੈ।

ਉਨ੍ਹਾਂ ਕਿਹਾ, ਅਸਲ ਸਵਾਲ ਇਹ ਨਹੀਂ ਹੈ ਕਿ ਸ਼ਕਤੀ ਕਿਸ ਕੋਲ ਹੈ। ਅਸਲ ਸਵਾਲ ਇਹ ਹੈ ਕਿ ਉਸ ਸ਼ਕਤੀ ਦੀ ਵਰਤੋਂ ਕਿਵੇਂ ਕੀਤੀ ਜਾ ਰਹੀ ਹੈ। ਭਾਰਤ ਦੇ ਡਿਜੀਟਲ ਜਨਤਕ ਬੁਨਿਆਦੀ ਢਾਂਚੇ, ਤੇਜ਼ੀ ਨਾਲ ਵਧ ਰਹੇ ਸਟਾਰਟਅੱਪ ਈਕੋਸਿਸਟਮ ਅਤੇ (ਬਾਕੀ ਸਫ਼ਾ 2 ’ਤੇ)

## ਈ.ਡੀ. ਵੱਲੋਂ ਓ.ਐੱਸ.ਡੀ. ਰਾਜਬੀਰ ਸਿੰਘ ਘੁੰਮਣ ਖ਼ਿਲਾਫ਼ ਮਨੀ ਲਾਂਡਰਿੰਗ ਦਾ ਕੇਸ ਦਰਜ

**ਚੰਡੀਗੜ੍ਹ, 13 ਅਕਤੂਬਰ (ਪੈ.ਗਾਮ-ਏ-ਜਗਤ)**

ਐਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਰਾਜਬੀਰ ਸਿੰਘ ਘੁੰਮਣ ਖ਼?ਲਾਫ਼ ਮੁੱਖ ਮੰਤਰੀ ਦਫ਼ਤਰ ਨਾਲ ਜੁੜੇ ਵਿਅਕਤੀਆਂ ਵੱਲੋਂ ਭ੍ਰਿਸ਼ਟਾਚਾਰ ਅਤੇ ਰਸੂਖ਼ ਦੀ ਵਰਤੋਂ ਕਰਨ ਦੇ ਦੋਸ਼ਾਂ ਦੇ ਸਬੰਧ ਵਿੱਚ ਜਲੰਧਰ ’ਚ ਕੇਸ ਦਰਜ ਕੀਤਾ ਹੈ।



ਇਹ ਘਟਨਾਕ੍ਰਮ ਸੁਪਰੀਮ ਕੋਰਟ ਵੱਲੋਂ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਵੱਲੋਂ ਦਰਜ ਕੇਸ ਵਿੱਚ ਕੋਈ ਸਖ਼ਤ ਕਾਰਵਾਈ ਨਾ ਕਰਨ ਦੇ ਦਿੱਤੇ ਨਿਰਦੇਸ਼ਾਂ ਤੋਂ ਇੱਕ ਦਿਨ ਬਾਅਦ ਸਾਹਮਣੇ ਆਇਆ ਹੈ, ਜਦਕਿ ਅਦਾਲਤ ਨੇ ਐੱਫ.ਆਈ.ਆਰ. ’ਤੇ ਰੋਕ ਲਗਾਉਣ ਜਾਂ ਜਾਂਚ ਰੋਕਣ ਤੋਂ ਇਨਕਾਰ ਕਰ ਦਿੱਤਾ ਸੀ। ਅਦਾਲਤ ਨੇ ਪੰਜਾਬ ਸਰਕਾਰ ਨੂੰ ਜਾਂਚ ਵਿੱਚ ਸਹਿਯੋਗ ਕਰਨ ਦੇ ਨਿਰਦੇਸ਼ ਵੀ ਦਿੱਤੇ ਸਨ। ‘ਆਪ’ ਵੱਲੋਂ ਜਾਰੀ ਇੱਕ ਅਧਿਕਾਰਤ ਬਿਆਨ ਵਿੱਚ ਕਿਹਾ ਗਿਆ ਹੈ ਕਿ ਈ.ਡੀ. ਵੱਲੋਂ ਘੁੰਮਣ ਖ਼?ਲਾਫ਼ ਕੇਸ ਦਰਜ ਕਰਨ ਵਿੱਚ ਦਿਖਾਈ ਗਈ ਕਾਹਲੀ ਹੈਰਾਨੀਜਨਕ ਹੈ, ਕਿਉਂਕਿ ਸੁਪਰੀਮ ਕੋਰਟ ਨੇ ਸੀ.ਬੀ.ਆਈ. ਨੂੰ 21 ਜਨਵਰੀ 2027 ਨੂੰ ਹੋਣ ਵਾਲੀ ਅਗਲੀ ਸੁਣਵਾਈ ਤੱਕ ਕੋਈ ਵੀ ਸਖ਼ਤ ਕਾਰਵਾਈ ਨਾ ਕਰਨ ਲਈ ਕਿਹਾ ਹੈ। ਇਹ ਮਾਮਲਾ ਈ.ਡੀ. ਵੱਲੋਂ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲੀਸ ਗੌਰਵ ਯਾਦਵ ਨੂੰ ਭੇਜੇ ਗਏ ਸੰਚਾਰਾਂ ਤੋਂ ਉਪਜਿਆ ਹੈ, ਜਿਸ ਵਿੱਚ ਸਰਕਾਰੀ ਤਬਾਦਲਿਆਂ ਅਤੇ ਤੈਨਾਤੀਆਂ, ਟੈਂਡਰ ਪ੍ਰਕਿਰਿਆਵਾਂ, (ਬਾਕੀ ਸਫ਼ਾ 2 ’ਤੇ)

## ਅਸੀਂ ਗਿਆਨੇਸ਼ ਕੁਮਾਰ ਦਾ ਅਸਤੀਫ਼ਾ ਲੈ ਕੇ ਰਹਾਂਗੇ: ਰਾਹੁਲ

### ਇਹ ਸੰਘਰਸ਼ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਲੋੜ ਪਵੇਗੀ

- **8 ਦਿਨਾਂ ਵਿੱਚ ‘ਇੰਡੀਆ’ ਗਠਜੋੜ ਦੀ ਛੇਵੀਂ ਮੀਟਿੰਗ**

**ਨਵੀਂ ਦਿੱਲੀ, 13 ਅਕਤੂਬਰ (ਪੈ.ਗਾਮ-ਏ-ਜਗਤ)**

‘ਇੰਡੀਆ’ ਗਠਜੋੜ ਦੇ ਆਗੂਆਂ ਨੇ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ



ਰਾਹੁਲ ਗਾਂਧੀ ਦੀ ਰਿਹਾਇਸ਼ ’ਤੇ ਚਾਹ ’ਤੇ ਮੁਲਾਕਾਤ ਕੀਤੀ। ਲਗਭਗ ਦੋ ਘੰਟੇ ਚੱਲੀ ਇਸ ਮੀਟਿੰਗ ਤੋਂ ਬਾਅਦ, ਆਗੂਆਂ ਨੇ ਇਕੱਠੇ ਬਾਹਰ ਆ ਕੇ ਮੀਡੀਆ ਨੂੰ ਸੰਬੋਧਨ ਕੀਤਾ।

ਰਾਹੁਲ ਗਾਂਧੀ ਨੇ ਕਿਹਾ ਕਿ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਅਸਤੀਫ਼ਾ ਲੈਣਾ ਉਨ੍ਹਾਂ ਦਾ ਮਕਸਦ ਹੈ। ਉਨ੍ਹਾਂ ਦ੍ਰਿੜਤਾ ਨਾਲ ਕਿਹਾ ਕਿ ਇਹ ਸੰਘਰਸ਼ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਵੀ ਸਮਾਂ ਲੱਗੇ—ਭਾਵੇਂ ਇੱਕ ਦਿਨ, ਇੱਕ ਸਾਲ ਜਾਂ ਦੋ ਸਾਲ। ਰਾਹੁਲ ਨੇ ਅੱਗੇ (ਬਾਕੀ ਸਫ਼ਾ 2 ’ਤੇ)

### ਰਾਹੁਲ ਗਾਂਧੀ ਸਮੇਤ ਕਈ ਆਗੂਆਂ ਖ਼ਿਲਾਫ਼ ਦੋ ਐੱਫ.ਆਈ.ਆਰ. ਦਰਜ

*ਦਿੱਲੀ ਪੁਲੀਸ ਨੇ ‘ਇੰਡੀਆ’ ਗਠਜੋੜ ਵੱਲੋਂ ਸੁਪਰੀਮ ਕੋਰਟ ਵੱਲ ਕੱਢੇ ਗਏ ਵਿਰੋਧ ਮਾਰਚ ਦੇ ਸਬੰਧ ਵਿੱਚ ਦੋ ਵੱਖ-ਵੱਖ ਐੱਫ.ਆਈ.ਆਰ. ਦਰਜ ਕੀਤੀਆਂ ਹਨ। ਪੁਲੀਸ ਦਾ ਕਹਿਣਾ ਹੈ ਕਿ ਇਹ ਮਾਰਚ ਬਿਨਾਂ ਕਿਸੇ ਇਜਾਜ਼ਤ ਦੇ ਕੱਢਿਆ ਗਿਆ ਸੀ ਅਤੇ ਪ੍ਰਦਰਸ਼ਨਕਾਰੀਆਂ ਉੱਤੇ ਪੁਲੀਸ ਬੈਰੀਕੇਡ ਤੋੜਨ ਦੇ ਗੰਭੀਰ ਦੋਸ਼ ਹਨ। ਇਹ ਐੱਫ.ਆਈ.ਆਰ. ਬਾਰਾਖੰਭਾ ਰੋਡ ਅਤੇ ਤਿਲਕ ਮਾਰਗ ਪੁਲੀਸ ਸਟੇਸ਼ਨਾਂ ਵਿੱਚ* (ਬਾਕੀ ਸਫ਼ਾ 2 ’ਤੇ)

### ਸੀ.ਜੇ.ਪੀ. ਆਗੂ ਸੌਰਵ ਦਾਸ ਤੇ ਆਸ਼ੂਤੋਸ਼ ਰਾਂਕਾ ਪੁਲਿਸ ਹਿਰਾਸਤ ’ਚ ਲਏ

*ਦਿੱਲੀ ਦੇ ਜੰਤਰ-ਮੰਤਰ ਵਿਖੇ ਪ੍ਰਦਰਸ਼ਨ ਕਰਨ ਜਾ ਰਹੇ ਕੌਕਰੇਚ ਜਨਤਾ ਪਾਰਟੀ ਦੇ ਸੀਨੀਅਰ ਆਗੂਆਂ ਸੌਰਵ ਦਾਸ ਅਤੇ ਆਸ਼ੂਤੋਸ਼ ਰਾਂਕਾ ਨੂੰ ਦਿੱਲੀ ਪੁਲੀਸ ਨੇ ਮੰਗਲਵਾਰ ਨੂੰ ਹਿਰਾਸਤ ਵਿੱਚ ਲੈ ਲਿਆ। ਪੁਲੀਸ ਸਰੋਤਾਂ ਅਨੁਸਾਰ ਇਹ ਕਾਰਵਾਈ ਸ਼ਹਿਰ ਵਿੱਚ ਬਣਾਏ ਗਏ ਸੁਰੱਖਿਆ ਘੇਰੇ ਨੂੰ ਤੋੜਨ ਦੀ ਕੋਸ਼ਿਸ਼ ਤੋਂ ਬਾਅਦ ਕੀਤੀ ਗਈ। ਇਸ ਘਟਨਾਕ੍ਰਮ ਦੀ ਪੁਸ਼ਟੀ ਕਰਦਿਆਂ ਸੀ.ਜੇ.ਪੀ. ਦੇ ਬਾਨੀ ਅਭਿਜੀਤ* (ਬਾਕੀ ਸਫ਼ਾ 2 ’ਤੇ)



## ਕੇਂਦਰੀ ਰਾਜ ਮੰਤਰੀ ਐੱਲ. ਮੁਰੂਗਨ ਨੇ ਅਚਾਨਕ ਦਿੱਤਾ ਅਸਤੀਫ਼ਾ

**ਨਵੀਂ ਦਿੱਲੀ, 13 ਅਕਤੂਬਰ (ਪੈ.ਗਾਮ-ਏ-ਜਗਤ)**

ਕੇਂਦਰੀ ਰਾਜ ਮੰਤਰੀ ਐੱਲ. ਮੁਰੂਗਨ ਨੇ ਅੱਜ ਅਚਾਨਕ ਕੇਂਦਰੀ ਮੰਤਰੀ ਮੰਡਲ ਤੋਂ ਅਸਤੀਫ਼ਾ ਦੇ ਦਿੱਤਾ ਹੈ। ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਮੰਤਰੀ ਮੰਡਲ ਦੀਆਂ ਜ਼ਿੰਮੇਵਾਰੀਆਂ ਤੋਂ ਮੁਕਤ ਕਰਨ ਦੇ ਨਾਲ-ਨਾਲ ਰਾਜ ਸਭਾ ਦੀ ਮੈਂਬਰਸ਼ਿਪ ਵੀ ਛੱਡਣ ਦੀ ਇਜਾਜ਼ਤ ਮੰਗੀ ਹੈ।

ਐੱਲ. ਮੁਰੂਗਨ ਕੇਂਦਰੀ ਸੂਚਨਾ ਤੇ ਪ੍ਰਸਾਰਨ ਅਤੇ ਸੰਸਦੀ ਮਾਮਲਿਆਂ ਦੇ ਰਾਜ ਮੰਤਰੀ ਵਜੋਂ ਸੇਵਾਵਾਂ ਨਿਭਾਅ ਰਹੇ ਸਨ। ਪ੍ਰਧਾਨ ਮੰਤਰੀ ਮੋਦੀ ਨੂੰ ਭੇਜੇ ਅਸਤੀਫ਼ੇ ਵਿਚ ਉਨ੍ਹਾਂ ਦੱਸਿਆ ਕਿ ਉਹ 2029 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਤਾਮਿਲਨਾਡੂ ਵਿਚ ਜ਼ਮੀਨੀ ਪੱਧਰ ’ਤੇ ਜਾ ਕੇ ਭਾਰਤੀ ਜਨਤਾ ਪਾਰਟੀ ਨੂੰ ਮਜ਼ਬੂਤ ਕਰਨ ਲਈ ਆਪਣਾ ਪੂਰਾ ਸਮਾਂ ਸਮਰਪਿਤ ਕਰਨਾ ਚਾਹੁੰਦੇ ਹਨ। ਸੋਸ਼ਲ ਮੀਡੀਆ ਮੰਚ ‘ਐਕਸ”’ਤੇ ਜਾਣਕਾਰੀ ਸਾਂਝੀ ਕਰਦਿਆਂ



ਮੁਰੂਗਨ ਨੇ ਕਿਹਾ ਕਿ ਇਕ ਦਿਹਾੜੀਦਾਰ ਦੇ ਬੇਟੇ ਵਜੋਂ ਸ਼ੁਰੂਆਤ ਕਰਕੇ ਕੇਂਦਰੀ ਮੰਤਰੀ ਮੰਡਲ ਵਿਚ ਸੇਵਾ ਨਿਭਾਉਣਾ ਉਨ੍ਹਾਂ ਦੇ ਜੀਵਨ ਦਾ ਸਭ ਤੋਂ ਵੱਡਾ ਸੁਭਾਗ ਰਿਹਾ ਹੈ।

ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਉਹ ਕੇਂਦਰ ਸਰਕਾਰ ਵਿਚ ਮੱਛੀ ਪਾਲਣ, ਪਸ਼ੂ ਪਾਲਣ ਅਤੇ ਡੇਅਰੀ ਵਿਭਾਗਾਂ ਦੀਆਂ ਜ਼ਿੰਮੇਵਾਰੀਆਂ ਵੀ ਸੰਭਾਲ ਚੁੱਕੇ ਹਨ। ਇਸ ਤੋਂ ਇਲਾਵਾ, ਉਹ 2017 ਤੋਂ 2020 ਤੱਕ ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ ਦੇ ਉਪ-ਪ੍ਰਧਾਨ ਅਤੇ ਬੀ.ਜੇ.ਪੀ. ਦੀ ਤਾਮਿਲਨਾਡੂ ਇਕਾਈ ਦੇ ਪ੍ਰਧਾਨ ਵਜੋਂ ਵੀ ਸੇਵਾ ਨਿਭਾਅ ਚੁੱਕੇ ਹਨ।

## ਆਈ.ਐੱਮ.ਐੱਫ. ਨੇ ਭਾਰਤ ਦੀ ਜੀ.ਡੀ.ਪੀ. ਵਿਕਾਸ ਦਰ ਦਾ ਅਨੁਮਾਨ ਵਧਾਇਆ

**ਬੈਂਕਾਕ, 13 ਅਕਤੂਬਰ (ਪੈ.ਗਾਮ-ਏ-ਜਗਤ)**

ਕੌਮਾਂਤਰੀ ਮੁਦਰਾ ਫੰਡ ਨੇ ਦੁਨੀਆ ਦੀ ਅਰਥਵਿਵਸਥਾ (ਆਰਥਿਕ ਸਥਿਤੀ) ਬਾਰੇ ਨਵੀਂ ਰਿਪੋਰਟ ਜਾਰੀ ਕੀਤੀ ਹੈ। ਰਿਪੋਰਟ ਅਨੁਸਾਰ ਇਸ ਸਾਲ ਦੁਨੀਆ ਦੀ ਕੁੱਲ ਆਰਥਿਕ ਵਾਧਾ ਦਰ 3.1 ਫ਼ੀਸਦੀ ਰਹਿਣ ਦੀ ਉਮੀਦ ਹੈ, ਜੋ ਪਿਛਲੇ ਸਾਲ ਦੀ 3.5 ਫ਼ੀਸਦੀ ਨਾਲੋਂ ਥੋੜ੍ਹੀ ਘੱਟ ਹੈ। ਕੱਚੇ ਤੇਲ ਦੀਆਂ ਕੀਮਤਾਂ ਵਧਣ ਅਤੇ ਮਹਿੰਗਾਈ ਦੇ ਬੋਝ ਦੇ ਬਾਵਜੂਦ, ਆਰਟੀਫਿਸ਼ੀਅਲ ਇੰਟੈਲੀਜੈਂਸ ਦੀ ਵਧਦੀ ਮੰਗ ਨੇ ਦੁਨੀਆ ਦੀ ਆਰਥਿਕਤਾ ਨੂੰ ਸੰਭਾਲਣ ਵਿੱਚ ਮਦਦ ਕੀਤੀ ਹੈ। ਅਨੁਮਾਨ ਹੈ ਕਿ ਇਸ ਸਾਲ ਤੇਲ ਦੀਆਂ ਕੀਮਤਾਂ 96 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਸਕਦੀਆਂ ਹਨ, ਜਿਸ ਨਾਲ ਮਹਿੰਗਾਈ ਹੋਰ ਵਧ ਸਕਦੀ ਹੈ। ਭਾਰਤ 7 ਫ਼ੀਸਦੀ ਦੀ ਵਾਧਾ ਦਰ ਨਾਲ ਦੁਨੀਆ ਦੀ ਸਭ ਤੋਂ ਤੇਜ਼ੀਨਾਲ ਵਧਣ ਵਾਲੀ ਅਰਥਵਿਵਸਥਾ ਬਣਿਆ ਰਹੇਗਾ। ਦੂਜੇ ਪਾਸੇ, ਚੀਨ ਦੀ (ਬਾਕੀ ਸਫ਼ਾ 2 ’ਤੇ)

## ਮਾਨਸਾ ਦੇ ਨਸ਼ਾ ਵਿਰੋਧੀ ਆਗੂ ‘ਪਰਵਿੰਦਰ ਸਿੰਘ ਝੋਟਾ’ ਦੀ ਗੋਲੀਆਂ ਮਾਰ ਕੇ ਹੱਤਿਆ

- **ਫੇਸਬੁੱਕ ’ਤੇ ਸੀ ਲਾਈਵ; ਨਸ਼ੇ ਦਾ ਵਿਰੋਧ ਕਰਨ ’ਤੇ ਮੈਡੀਕਲ ਸਟੋਰ ਮਾਲਕ ਵੱਲੋਂ ਕੀਤਾ ਗਿਆ ਹਮਲਾ**

**ਚੰਡੀਗੜ੍ਹ, 13 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਦੇ ਮਾਨਸਾ ਵਿੱਚ ਐਂਟੀ ਡਰੱਗ ਟਾਸਕ ਫੋਰਸ ਦੇ ਸੰਚਾਲਕ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਕਰ ਦਿੱਤੀ ਗਈ ਹੈ। ਜਾਣਕਾਰੀ ਅਨੁਸਾਰ ਇਹ ਖ਼ੌਫ਼ਨਾਕ ਕਾਂਡ ਇੱਕ ਮੈਡੀਕਲ ਸਟੋਰ ਦੇ ਮਾਲਕ ਵੱਲੋਂ ਅੰਜਾਮ ਦਿੱਤਾ ਗਿਆ ਹੈ। ਮੈਡੀਕਲ ਸਟੋਰ ਮਾਲਕ ਨੇ ਮੰਗਲਵਾਰ ਸਵੇਰੇ ਤਾਬੜਤੋੜ ਗੋਲੀਆਂ ਮਾਰੀਆ ਅਤੇ ਇਹ ਗੋਲੀਆਂ ਇੰਨੇ ਕਰੀਬੋਂ ਮਾਰੀਆਂ ਗਈਆਂ ਕਿ ਉਹ ਝੋਟਾ ਦੇ ਸਰੀਰ ਦੇ ਆਰ-ਪਾਰ ਹੋ ਗਈਆਂ। ਜਾਣਕਾਰੀ ਅਨੁਸਾਰ, ਘਟਨਾ ਦੌਰਾਨ ਪਰਵਿੰਦਰ ਸਿੰਘ ਝੋਟਾ ਦੇ ਫੇਸਬੁੱਕ ਪੇਜ ’ਤੇ 5 ਮਿੰਟ 48 ਸਕਿੰਟ ਦੀ ਲਾਈਵ ਵੀਡੀਓ ਬਣਾਈ ਗਈ ਸੀ, ਜਿਸ ਵਿੱਚ ਗੋਲੀਆਂ ਚੱਲਣ ਦੀ ਆਵਾਜ਼ ਸੁਣਾਈ ਦਿੰਦੀ ਹੈ। ਦੱਸਿਆ ਜਾ ਰਿਹਾ ਹੈ ਕਿ ਵੀਡੀਓ ਵਿੱਚ ਝੋਟਾ ਅਤੇ ਉਨ੍ਹਾਂ ਦੇ ਸਾਥੀ ਨਸ਼ਿਆਂ ਨਾਲ ਜੁੜੇ ਮੁੱਦੇ ’ਤੇ ਦਵਾਈਆਂ ਦੀ ਦੁਕਾਨ ਦੇ ਮਾਲਕ ਨਾਲ ਬਹਿਸ ਕਰਦੇ ਨਜ਼ਰ ਆ ਰਹੇ ਹਨ। ਇਸੇ ਦੌਰਾਨ ਗੋਲੀਬਾਰੀ ਹੋ ਗਈ।

ਪਰਵਿੰਦਰ ਸਿੰਘ ਝੋਟਾ ਮਾਨਸਾ ਵਿੱਚ ਲੰਬੇ ਸਮੇਂ ਤੋਂ ਨਸ਼ੇ ਦਾ ਵਿਰੋਧ ਕਰ ਰਹੇ ਸਨ। ਉਹ ਨਾ ਕੇਵਲ ਨਸ਼ਾ ਵੇਚਣ ਤੋਂ ਰੋਕਦੇ ਸਨ ਬਲਕਿ ਨਸ਼ਾ ਵੇਚਣ ਵਾਲਿਆਂ ਨੂੰ ਵੀ ਫੜਦੇ ਸਨ। ਇਸ ਨੂੰ ਲੈ ਕੇ ਕਈ ਵਾਰ ਉਨ੍ਹਾਂ ਦਾ ਝਗੜਾ ਵੀ ਹੋ



ਚੁੱਕਾ ਸੀ ਅਤੇ ਉਨ੍ਹਾਂ ਦੇ ਕਹਿਣ ’ਤੇ ਕਈ ਪੰਚਾਇਤਾਂ ਨੇ ਨਸ਼ੇ ਦੇ ਖ਼ਿਲਾਫ਼ ਮਤੇ ਤੱਕ ਪਾਸ ਕੀਤੇ ਸਨ।

ਪਰਵਿੰਦਰ ਸਿੰਘ ਝੋਟਾ ਨੂੰ ਸੋਸ਼ਲ ਮੀਡੀਆ ’ਤੇ ‘ਝੋਟਾ’ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਉਨ੍ਹਾਂ ਨੇ ਮਾਨਸਾ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਕੁਝ ਮੈਡੀਕਲ ਸਟੋਰਾਂ ’ਤੇ ਪਾਬੰਦੀਸ਼ੁਦਾ ਕੈਪਸੂਲ ਵੇਚਣ ਦੇ ਦੋਸ਼ ਲਗਾਉਂਦਿਆਂ ਮੁਹਿੰਮ ਚਲਾਈ ਸੀ। ਉਨ੍ਹਾਂ ਦਾ ਕਹਿਣਾ ਸੀ ਕਿ ਇਨ੍ਹਾਂ ਦਵਾਈਆਂ ਦੀ ਵਿਕਰੀ ਕਾਰਨ ਨੌਜਵਾਨਾਂ ਦਾ ਨੁਕਸਾਨ ਹੋ ਰਿਹਾ ਹੈ। ਮਾਨਸਾ ਦੇ ਇੱਕ ਦਵਾਈਆਂ ਵੇਚਣ ਵਾਲੇ ਦੁਕਾਨਦਾਰ ਨੂੰ ਜੁੱਤੀਆਂ ਦੀ ਮਾਲਾ ਪਾ ਕੇ ਸ਼ਹਿਰ ਵਿੱਚ ਘੁਮਾਉਂਦੇ ਹੋਏ ਥਾਣੇ ਬੰਦ ਕਰਵਾਇਆ ਸੀ ਅਤੇ ਇਹ ਦੱਸਿਆ ਜਾ ਰਿਹਾ ਹੈ ਕਿ ਇਹ ਗੋਲੀਆਂ ਉਸੇ ਦੁਕਾਨਦਾਰ ਵੱਲੋਂ ਚਲਾਈਆਂ ਗਈਆਂ ਹਨ। ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਜਿੱਥੇ ਉਸ ਦੇ ਸਮਰਥਕਾਂ ਵੱਲੋਂ ਮਾਨਸਾ ਦੇ 12 ਹੱਟਾਂ ਚੌਂਕ ਵਿਖੇ (ਬਾਕੀ ਸਫ਼ਾ 2 ’ਤੇ)

## ਸਾਬਕਾ ਮੁੱਖ ਮੰਤਰੀ ਮਮਤਾ ਬੈਨਰਜੀ ’ਤੇ ਚਾਕੂ ਨਾਲ ਹਮਲੇ ਦੀ ਕੋਸ਼ਿਸ਼

- **ਹਮਲਾ ਕਰਨ ਵਾਲੀ ਔਰਤ ਨੂੰ ਪੁਲੀਸ ਹਵਾਲੇ ਕੀਤਾ; ਕਾਲੀਘਾਟ ਸਥਿਤ ਰਿਹਾਇਸ਼ ਦੇ ਬਾਹਰ ਵਾਪਰੀ ਘਟਨਾ**

**ਚੰਡੀਗੜ੍ਹ, 13 ਅਕਤੂਬਰ (ਪੈ.ਗਾਮ-ਏ-ਜਗਤ)**

ਪੱਛਮੀ ਬੰਗਾਲ ਦੀ ਸਾਬਕਾ ਮੁੱਖ ਮੰਤਰੀ ਅਤੇ ਤ੍ਰਿਣਮੂਲ ਕਾਂਗਰਸ ਦੀ ਮੁਖੀ ਮਮਤਾ ਬੈਨਰਜੀ ’ਤੇ ਮੰਗਲਵਾਰ ਸ਼ਾਮ ਨੂੰ ਚਾਕੂ ਨਾਲ ਹਮਲੇ ਦੀ ਕੋਸ਼ਿਸ਼ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਘਟਨਾ ਕੋਲਕਾਤਾ ਦੇ ਕਾਲੀਘਾਟ ਇਲਾਕੇ ਵਿੱਚ ਉਨ੍ਹਾਂ ਦੀ ਰਿਹਾਇਸ਼ ਦੇ ਬਾਹਰ ਉਸ ਸਮੇਂ ਵਾਪਰੀ, ਜਦੋਂ ਉਹ ਦੁਰਗਾ ਪੂਜਾ ਪੰਡਾਲ ਦਾ ਉਦਘਾਟਨ ਕਰਨ ਲਈ ਜਾ ਰਹੇ ਸਨ। ਤ੍ਰਿਣਮੂਲ ਕਾਂਗਰਸ ਦੇ ਆਗੂਆਂ ਨੇ ਦੋਸ਼ ਲਾਇਆ ਕਿ ਇੱਕ ਔਰਤ ਨੇ ਮਮਤਾ ਬੈਨਰਜੀ ਦੀ ਸਾੜ੍ਹੀ ਖਿੱਚੀ ਅਤੇ ਉਨ੍ਹਾਂ ’ਤੇ ਚਾਕੂ ਨਾਲ ਹਮਲਾ ਕਰਨ ਦੀ ਕੋਸ਼ਿਸ਼ ਕੀਤੀ।

ਤ੍ਰਿਣਮੂਲ ਕਾਂਗਰਸ ਦੇ ਆਗੂਆਂ ਮੁਤਾਬਕ ਔਰਤ ਦੀ ਪਛਾਣ ਤਨਿਸ਼ਠਾ ਸਾਹਾ ਵਜੋਂ ਦੱਸੀ ਗਈ ਹੈ। ਪਾਰਟੀ ਦੇ ਆਗੂ ਕੁਨਾਲ ਘੋਸ਼ ਨੇ ਦਾਅਵਾ ਕੀਤਾ ਕਿ ਮਮਤਾ ਬੈਨਰਜੀ ਪੈਦਲ ਜਾ ਰਹੇ ਸਨ, ਜਦੋਂ ਔਰਤ ਉਨ੍ਹਾਂ ਦੇ



ਸਾਹਮਣੇ ਆ ਗਈ ਅਤੇ ਗਾਲ੍ਹਾਂ ਕੱਢਣ ਲੱਗੀ। ਉਨ੍ਹਾਂ ਮੁਤਾਬਕ, ਔਰਤ ਕੋਲ ਚਾਕੂ ਸੀ ਅਤੇ ਉਸ ਨੇ ਮਮਤਾ ਬੈਨਰਜੀ ਦੇ ਪੈਰ ’ਤੇ ਵਾਰ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਇਸ ਘਟਨਾ ਨੂੰ ਯੋਜਨਾਬੱਧ ਹੋਣ ਦਾ ਖ਼ਦਸ਼ਾ ਵੀ ਪ੍ਰਗਟਾਇਆ। ਹਾਲਾਂਕਿ, ਇਹ ਦਾਅਵੇ ਪਾਰਟੀ ਆਗੂਆਂ ਦੇ ਹਨ (ਬਾਕੀ ਸਫ਼ਾ 2 ’ਤੇ)




## ਸ਼ੇਅਰ ਬਾਜ਼ਾਰ ’ਚ ਵੱਡਾ ਉਛਾਲ, ਸੈਂਸੈਕਸ 1109 ਅੰਕ ਚੜ੍ਹਿਆ

### ਐਚਸੀਐਲ ਟੈਕ ਦੇ ਸ਼ੇਅਰ 8.28 ਫ਼ੀਸਦੀ ਚੜ੍ਹੇ

**ਮੁੰਬਈ, 13 ਅਕਤੂਬਰ (ਪੈ.ਗਾਮ-ਏ-ਜਗਤ)**

ਮੰਗਲਵਾਰ ਨੂੰ ਸ਼ੇਅਰ ਬਾਜ਼ਾਰ ਵਿੱਚ ਜ਼ਬਰਦਸਤ ਵਾਪਸੀ ਦੇਖਣ ਨੂੰ ਮਿਲੀ ਅਤੇ ਬੈਂਚਮਾਰਕ ਸੈਂਸੈਕਸ 1109 ਅੰਕ ਚੜ੍ਹਿਆ ਅਤੇ ਨਿਫਟੀ 22,720 ਤੋਂ ਪਾਰ ’ਤੇ ਬੰਦ ਹੋਇਆ।

ਇਸ ਦੌਰਾਨ 30 ਸ਼ੇਅਰਾਂ ਵਾਲਾ ਬੀਐਸਈ ਸੈਂਸੈਕਸ 1,109.10 ਅੰਕ ਭਾਵ 1.54 ਫ਼ੀਸਦੀ ਦੇ ਉਛਾਲ ਨਾਲ ਦਿਨ ਦੇ ਉੱਚ ਪੱਧਰ ਦੇ ਨੇੜੇ 73,033.78 ’ਤੇ ਬੰਦ ਹੋਇਆ, ਜੋ ਚਾਰ ਮਹੀਨਿਆਂ ਵਿੱਚ ਇਸਦੀ ਇੱਕ ਦਿਨ ਦੀ ਸਭ ਤੋਂ ਵੱਡੀ ਤੇਜ਼ੀ ਹੈ। ਦਿਨ ਦੇ ਕਾਰੋਬਾਰ ਦੌਰਾਨ ਇਹ 1,120.99 ਅੰਕ ਜਾਂ 1.55 ਫ਼ੀਸਦੀ ਚੜ੍ਹ ਕੇ 73,045.67 ਦੇ ਉੱਚ ਪੱਧਰ ’ਤੇ ਪਹੁੰਚ ਗਿਆ ਸੀ। 50 ਸ਼ੇਅਰਾਂ ਵਾਲਾ ਐਨਐਸਈ ਨਿਫਟੀ 358.60 ਅੰਕ ਜਾਂ 1.60 ਫ਼ੀਸਦੀ ਚੜ੍ਹ ਕੇ 22,721.95 ’ਤੇ ਬੰਦ ਹੋਇਆ, ਜੋ ਦੋ ਮਹੀਨਿਆਂ ਤੋਂ ਵੱਧ ਸਮੇਂ ਵਿੱਚ ਇਸ ਦੀ ਇੱਕ ਦਿਨ ਦੀ ਸਭ ਤੋਂ ਵਧੀਆ ਵਾਪਸੀ ਹੈ। ਇੰਡੈਕਸ ਨੇ ਦਿਨ ਦਾ ਉੱਚ ਪੱਧਰ 22,721.95 ਛੂਹਿਆ। ਸੈਂਸੈਕਸ ਦੀਆਂ 30 ਕੰਪਨੀਆਂ ਵਿੱਚੋਂ ਐਚਸੀਐਲ ਟੈਕ ਦੇ ਸ਼ੇਅਰ 8.28 ਫ਼ੀਸਦੀ ਚੜ੍ਹੇ, ਜਦੋਂ ਆਈ.ਟੀ. ਕੰਪਨੀ ਨੇ ਵਿੱਤੀ ਵਰ੍ਹੇ



2026-27 ਦੀ ਜੁਲਾਈ-ਸਤੰਬਰ ਤਿਮਾਹੀ ਲਈ ਆਪਣੇ ਸੰਯੁਕਤ ਸ਼ੁੱਧ ਲਾਭ ਵਿੱਚ 21.18 ਫ਼ੀਸਦੀ ਦੇ ਵਾਧੇ ਨਾਲ 5,132 ਕਰੋੜ ਰੁਪਏ ਦਰਜ ਕੀਤੇ। ਇਹ ਵਾਧਾ ਇਸਦੇ ਤੇਜ਼ੀ ਨਾਲ ਵਧ ਰਹੇ ਐਡਵਾਂਸਡ ਏ.ਆਈ. ਆਪਰੇਸ਼ਨਾਂ ਤੋਂ ਉੱਚੇ ਮਾਰਜਿਨ ਅਤੇ ਘੱਟ ਟੈਕਸ ਕਾਰਨ ਹੋਇਆ ਹੈ। ਇਸ ਤੋਂ ਇਲਾਵਾ, ਟਾਟਾ ਕੰਸਲਟੈਂਸੀ ਸਰਵਿਸਿਜ਼ 6.59 (ਬਾਕੀ ਸਫ਼ਾ 2 ’ਤੇ)

## ਨਸ਼ੀਲੇ ਪਦਾਰਥਾਂ ਅਤੇ ਅਸਲੇ ਸਮੇਤ 10 ਕਾਬੂ

- **ਛੇ ਪਿਸਤੌਲ, 4.409 ਕਿਲੋ ਹੈਰੋਇਨ, 500 ਗ੍ਰਾਮ ਅਫੀਮ, 12.90 ਲੱਖ ਰੁਪਏ ਦੀ ਡਰੱਗ ਮਨੀ ਅਤੇ ਇੱਕ ਡਰੋਨ ਬਰਾਮਦ**

**ਅੰਮ੍ਰਿਤਸਰ, 13 ਅਕਤੂਬਰ (ਪੈ.ਗਾਮ-ਏ-ਜਗਤ)**

ਅੰਮ੍ਰਿਤਸਰ ਕਮਿਸ਼ਨਰੇਟ ਪੁਲੀਸ ਨੇ 10 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਨਸ਼ਾ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰ ਸਪਲਾਈ ਕਰਨ ਵਾਲੇ ਪੰਜ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਹੈ।

ਪੁਲੀਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਛੇ ਪਿਸਤੌਲ, 4.409 ਕਿਲੋ ਹੈਰੋਇਨ, 500 ਗ੍ਰਾਮ ਅਫੀਮ, 12.90 ਲੱਖ ਰੁਪਏ ਦੀ ਡਰੱਗ ਮਨੀ ਅਤੇ ਇੱਕ ਡਰੋਨ ਬਰਾਮਦ ਕੀਤਾ ਹੈ। ਇਹ ਜਾਣਕਾਰੀ ਡੀਜੀਪੀ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰਾਜਬੀਰ ਸਿੰਘ (23), ਗਗਨਪ੍ਰੀਤ ਸਿੰਘ ਉਰਫ਼ ਗਗਨ (31) ਅਤੇ ਸੌਰਵ ਸਿੰਘ ਉਰਫ਼ ਬਹਾਦਰ (23) ਸਾਰੇ ਵਾਸੀ ਅੰਮ੍ਰਿਤਸਰ, ਵਿਸ਼ਾਲ ਸਿੰਘ ਉਰਫ਼ ਟਿਬਰੂ (22) ਅਤੇ ਰਸ਼ਪਾਲ ਸਿੰਘ ਉਰਫ਼ ਬੱਬਾ (44) ਦੋਵੇਂ ਵਾਸੀ ਪਿੰਡ ਨੂਰਪੁਰ, ਲੋਪੋਕੇ, ਵੀਰਪਾਲ ਸਿੰਘ ਉਰਫ਼ ਬਿੱਲਾ (19) ਵਾਸੀ ਪਿੰਡ ਮਾੜੀ ਮੇਘਾ, ਤਰਨ ਤਾਰਨ, ਜਗਵਿੰਦਰ ਸਿੰਘ ਉਰਫ਼ ਕਾਲਾ (19) ਵਾਸੀ ਪਿੰਡ ਅਮੀ ਸ਼ਾਹ, ਤਰਨ ਤਾਰਨ, ਸੁਖਚੈਨ ਸਿੰਘ ਉਰਫ਼ ਸੁੱਖ



(20) ਵਾਸੀ ਪਿੰਡ ਖਿਆਲਾ, ਜਸਕਰਨ ਸਿੰਘ ਉਰਫ਼ ਜੱਸੀ (22) ਵਾਸੀ ਪਿੰਡ ਕੋਲੋਵਾਲ ਅਤੇ ਯੁਵਰਾਜ ਸਿੰਘ ਉਰਫ਼ ਜੱਗੂ (20) ਵਾਸੀ ਪਿੰਡ ਗੋਸਾਬਾਦ, ਅੰਮ੍ਰਿਤਸਰ ਦਿਹਾਤੀ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਛੇ ਪਿਸਤੌਲਾਂ ਵਿੱਚ ਇੱਕ ਗਲਾਕ 9ਐਮਐਮ ਅਤੇ ਪੰਜ .30-ਬੋਰ ਦੇ ਪਿਸਤੌਲ ਸ਼ਾਮਲ ਹਨ। ਇਸ ਤੋਂ ਇਲਾਵਾ 12 ਜ਼ਿੰਦਾ ਕਾਰਤੂਸ ਵੀ ਬਰਾਮਦ ਹੋਏ ਹਨ। ਪੁਲੀਸ ਨੇ ਉਨ੍ਹਾਂ ਦੀਆਂ ਦੋ ਕਾਰਾਂ ਜਿਨ੍ਹਾਂ ਦੀ ਵਰਤੋਂ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਕੀਤੀ ਜਾ ਰਹੀ ਸੀ, ਵੀ ਜ਼ਬਤ ਕਰ ਲਈਆਂ ਹਨ। ਡੀਜੀਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਗੈਰ-ਕਾਨੂੰਨੀ ਹਥਿਆਰ ਅਤੇ ਨਸ਼ਾ ਤਸਕਰੀ ਵਿੱਚ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੀ ਜਾਂਚ ਜਾਰੀ ਹੈ ਤਾਂ ਜੋ ਇਸ ਨੈੱਟਵਰਕ ਨਾਲ ਜੁੜੇ ਹੋਰ ਵਿਅਕਤੀਆਂ ਦੀ ਪਛਾਣ ਕੀਤੀ ਜਾ ਸਕੇ।

## ਗੰਗਾ ਨਦੀ ’ਚ ਪਲਟ ਗਈ ਕਿਸ਼ਤੀ, 13 ਲੋਕਾਂ ਦੀ ਮੌਤ

**ਪਟਨਾ, 13 ਅਕਤੂਬਰ (ਪੈ.ਗਾਮ-ਏ-ਜਗਤ)**

ਬਿਹਾਰ ਦੇ ਹਾਜੀਪੁਰ ’ਚ ਮੰਗਲਵਾਰ ਦੇਰ ਸ਼ਾਮ ਗੰਗਾ ਨਦੀ ’ਚ ਕਿਸ਼ਤੀ ਪਲਟਣ ਨਾਲ ਵੱਡਾ ਹਾਦਸਾ ਵਾਪਰ ਗਿਆ। ਇਹ ਘਟਨਾ ਰਾਘੋਪੁਰ ਥਾਣਾ ਖੇਤਰ ਦੇ ਰਾਮਪੁਰ ਸ਼ਿਆਮਚੰਦ ਪਿੰਡ ਨੇੜੇ ਵਾਪਰੀ। ਜਾਣਕਾਰੀ ਅਨੁਸਾਰ ਕਿਸ਼ਤੀ ’ਚ 15 ਤੋਂ 20 ਲੋਕ ਸਵਾਰ ਸਨ। ਇਹ ਸਾਰੇ ਲੋਕ ਇੱਕ ਸਮਾਗਮ ਵਿੱਚ ਦਾਅਵਤ (ਭੋਜ) ਖਾਣ ਲਈ ਜਾ ਰਹੇ ਸਨ। ਇਸੇ ਦੌਰਾਨ ਗੰਗਾ ਨਦੀ ’ਚ ਕਿਸ਼ਤੀ ਅਚਾਨਕ ਪਲਟ ਗਈ ਅਤੇ ਉਸ ’ਚ ਸਵਾਰ ਲੋਕ ਨਦੀ ’ਚ ਜਾ ਡਿੱਗੇ। ਸ਼ੁਰੂਆਤੀ ਜਾਣਕਾਰੀ ਮੁਤਾਬਕ ਇਸ ਹਾਦਸੇ ਵਿਚ 13 ਲੋਕਾਂ ਦੀ ਮੌਤ ਹੋ ਗਈ ਹੈ। ਇਸ ਹਾਦਸੇ ਵਿੱਚ ਕਰੀਬ 5 ਲੋਕਾਂ ਦੇ ਨਦੀ ਵਿੱਚ ਡੁੱਬਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ, ਹਾਲਾਂਕਿ ਇਸ ਗਿਣਤੀ ਦੀ ਅਜੇ ਤੱਕ ਕੋਈ ਅਧਿਕਾਰਤ ਪੁਸ਼ਟੀ ਨਹੀਂ ਹੋਈ ਹੈ। ਹਾਦਸੇ ਦੀ ਖ਼ਬਰ ਮਿਲਦਿਆਂ ਹੀ ਘਟਨਾ ਸਥਾਨ ’ਤੇ ਹਫੜਾ-ਦਫੜੀ ਮਚ ਗਈ। ਸਥਾਨਕ ਪੁਲਸ ਅਤੇ ਪ੍ਰਸ਼ਾਸਨ ਵੱਲੋਂ ਮੌਕੇ ’ਤੇ ਪਹੁੰਚ ਕੇ ਬਚਾਅ ਕਾਰਜ (ਰੈਸਕਿਊ ਆਪ੍ਰੇਸ਼ਨ) ਚਲਾਇਆ ਜਾ ਰਿਹਾ ਹੈ।

# ਭਗਵਾਨ ਰਾਮ ਦੇ ਆਦਰਸ਼ਾਂ ਨੂੰ ਅਪਣਾ ਕੇ ਸਮਾਜ ਵਿੱਚੋਂ ਭ੍ਰਿਸ਼ਟਾਚਾਰ ਦੀ ਬੁਰਾਈ ਨੂੰ ਖ਼ਤਮ ਕਰਨਾ ਚਾਹੀਦਾ ਹੈ-ਸਚਦੇਵਾ

**ਪੈ.ਗਾਮ-ਏ-ਜਗਤ/ਅੰਬਾਲਾ 13 ਅਕਤੂਬਰ (ਆਰ.ਸਿੰਘ)**



ਮਾਨਵ ਰੰਗਮੰਚ ਅੰਬਾਲਾ ਸ਼ਹਿਰ ਵੱਲੋਂ ਪਿਛਲੇ 35 ਸਾਲਾਂ ਤੋਂ ਲਗਾਤਾਰ ਆਯੋਜਿਤ ਕੀਤੀ ਜਾ ਰਹੀ ਰਾਮ-ਲੀਲ੍ਹਾ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਪੰਜਾਬੀ ਬਿਰਾਦਰੀ ਵਿਕਾਸ ਸਭਾ ਹਰਿਆਣਾ ਦੇ ਪ੍ਰਧਾਨ ਐਡਵੋਕੇਟ ਸੰਦੀਪ ਸਚਦੇਵਾ ਨੇ ਕਿਹਾ ਕਿ ਭਗਵਾਨ ਸ਼੍ਰੀ ਰਾਮ ਦੇ ਜੀਵਨ 'ਤੇ ਆਧਾਰਿਤ ਨਾਟਕਾਂ ਨੂੰ ਦੇਖਣਾ ਅਤੇ ਆਯੋਜਿਤ ਕਰਨਾ ਇੱਕ ਸਨਮਾਨ ਦੀ ਗੱਲ ਹੈ। ਰਾਮ-ਲੀਲ੍ਹਾ ਨਾ ਸਿਰਫ਼ ਇੱਕ ਧਾਰਮਿਕ ਸਮਾਗਮ ਹੈ ਸਗੋਂ ਸਾਨੂੰ ਸੱਚ, ਧਾਰਮਿਕਤਾ, ਨਿਆਂ ਅਤੇ ਨੈਤਿਕਤਾ ਦੇ ਮਾਰਗ 'ਤੇ ਚੱਲਣ ਲਈ ਵੀ ਪ੍ਰੇਰਿਤ ਕਰਦੀ ਹੈ।

ਉਨ੍ਹਾਂ ਕਿਹਾ ਕਿ ਅੱਜ ਦੀ ਰਾਮ-ਲੀਲ੍ਹਾ ਭਗਵਾਨ ਸ਼੍ਰੀ ਰਾਮ ਦੁਆਰਾ ਤਾੜਕਾ-ਬੱਧ ਦ੍ਰਿਸ਼ ਨੂੰ ਦਰਸਾਏਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਿਸ ਤਰ੍ਹਾਂ ਭਗਵਾਨ ਸ਼੍ਰੀ ਰਾਮ ਨੇ ਤਾੜਕਾ ਨੂੰ ਮਾਰ ਕੇ ਡਰ ਅਤੇ ਜ਼ੁਲਮ ਤੋਂ ਆਜ਼ਾਦੀ ਦਾ ਸੰਦੇਸ਼ ਦਿੱਤਾ ਸੀ ਉਸੇ ਤਰ੍ਹਾਂ ਅੱਜ ਦੇ ਸਮਾਜ ਨੂੰ ਇੱਕ-ਜੁੱਟ ਹੋ ਕੇ ਭ੍ਰਿਸ਼ਟਾਚਾਰ ਅਤੇ ਭ੍ਰਿਸ਼ਟ ਲੋਕਾਂ ਦੇ ਵਿਰੁੱਧ ਖੜ੍ਹਾ ਹੋਣਾ ਚਾਹੀਦਾ ਹੈ। ਐਡਵੋਕੇਟ ਸੰਦੀਪ ਸਚਦੇਵਾ ਨੇ ਕਿਹਾ ਕਿ ਤਾੜਕਾ ਰੂਪੀ ਭ੍ਰਿਸ਼ਟਾਚਾਰ ਦੀ ਬੁਰਾਈ ਅਜੇ ਵੀ ਸਮਾਜ ਵਿੱਚ ਮੌਜੂਦ ਹੈ ਜੋ ਆਪਣੇ ਸੁਆਰਥ ਅਤੇ ਗਲਤ ਕੰਮਾਂ ਦੁਆਰਾ ਨੇਕ ਲੋਕਾਂ ਨੂੰ ਪਰੇਸ਼ਾਨ ਕਰਦੀ ਹੈ। ਅਜਿਹੀਆਂ ਬੁਰਾਈਆਂ ਨੂੰ ਖ਼ਤਮ ਕਰਨ ਲਈ, ਸਮਾਜ ਦੇ ਹਰ ਵਿਅਕਤੀ ਨੂੰ ਜਾਗਰੂਕ ਹੋਣਾ ਚਾਹੀਦਾ ਹੈ ਅਤੇ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਜਦੋਂ ਸਮਾਜ ਇੱਕ-ਜੁੱਟ ਹੋਵੇਗਾ ਅਤੇ ਬੇਇਨਸਾਫ਼ੀ, ਭ੍ਰਿਸ਼ਟਾਚਾਰ ਤੇ ਗਲਤ ਕੰਮਾਂ ਦਾ ਵਿਰੋਧ ਕਰੇਗਾ ਤਾਂ ਹੀ ਇੱਕ ਸਾਫ਼, ਨਿਆਂਪੂਰਨ ਅਤੇ ਆਦਰਸ਼ ਸਮਾਜ ਦੀ ਸਥਾਪਨਾ ਸੰਭਵ ਹੋਵੇਗੀ।

ਮਾਨਵ ਰੰਗਮੰਚ ਦੇ ਅਹੁਦੇਦਾਰਾਂ ਅਤੇ ਕਲਾਕਾਰਾਂ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਕਿਹਾ ਕਿ ਪਿਛਲੇ 35 ਸਾਲਾਂ ਤੋਂ ਰਾਮ-ਲੀਲ੍ਹਾ ਦਾ ਆਯੋਜਨ ਇੱਕ ਸ਼ਲਾਘਾਯੋਗ ਯਤਨ ਹੈ। ਅਜਿਹੇ ਧਾਰਮਿਕ ਅਤੇ ਸਭਿਆਚਾਰਕ ਸਮਾਗਮ ਨਾ ਸਿਰਫ਼ ਸਾਡੇ ਭਾਰਤੀ ਸਭਿਆਚਾਰ, ਪਰੰਪਰਾਵਾਂ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਜ਼ਿੰਦਾ ਰੱਖਦੇ ਹਨ ਸਗੋਂ ਨਵੀਂ ਪੀੜ੍ਹੀ ਨੂੰ ਭਗਵਾਨ ਸ਼੍ਰੀ ਰਾਮ ਦੇ ਆਦਰਸ਼ਾਂ ਤੋਂ ਜਾਣੂ ਵੀ ਕਰਵਾਉਂਦੇ ਹਨ। ਅੰਤ ਵਿੱਚ ਉਨ੍ਹਾਂ ਨੇ ਸਾਰੇ ਨਾਗਰਿਕਾਂ ਨੂੰ ਭਗਵਾਨ ਸ਼੍ਰੀ ਰਾਮ ਦੇ ਜੀਵਨ ਤੋਂ ਪ੍ਰੇਰਨਾ ਲੈਣ, ਸਚਾਈ ਅਤੇ ਨਿਆਂ ਦਾ ਸਮਰਥਨ ਕਰਨ ਅਤੇ ਸਮਾਜ ਵਿੱਚ ਪ੍ਰਚਲਿਤ ਬੁਰਾਈਆਂ ਨੂੰ ਖ਼ਤਮ ਕਰਨ ਲਈ ਸਮੂਹਿਕ ਯਤਨ ਕਰਨ ਦੀ ਅਪੀਲ ਕੀਤੀ। ਇਸ ਸਮਾਗਮ ਵਿੱਚ ਸੁਧੀਰ ਸ਼ਰਮਾ, ਪ੍ਰੀਤਮ ਸਿੰਘ ਗਿੱਲ, ਸੁਰੇਸ਼ ਸਹੋਤਾ, ਅਰਵਿੰਦ ਗੌੜ, ਸੰਜੇ ਲਾਕੜਾ, ਉੱਜਵਲ ਸ਼ਰਮਾ, ਮੋਹਿਤ ਆਹਲੂਵਾਲੀਆ, ਮੋਨੂ ਚਾਵਲਾ, ਕੰਨੂ ਸ਼ਰਮਾ ਅਤੇ ਹੋਰਾਂ ਸਮੇਤ ਵੱਡੀ ਗਿਣਤੀ ਵਿੱਚ ਰਾਮ ਭਗਤਾਂ ਨੇ ਹਿੱਸਾ ਲਿਆ।

# ਲਿਵਾਸਾ ਹਸਪਤਾਲ ਖੰਨਾ ਨੇ ਹੱਡੀਆਂ ਦੀਆਂ ਸਮੱਸਿਆਵਾਂ ਲਈ ਸੀਰਮ ਗ੍ਰੋਥ ਫੈਕਟਰ ਥੈਰੇਪੀ ਦੀ ਕੀਤੀ ਸ਼ੁਰੂਆਤ

**ਖੰਨਾ, 13 ਅਕਤੂਬਰ (ਪੈ.ਗਾਮ-ਏ-ਜਗਤ)**



ਹੱਡੀਆਂ ਦੀ ਦੇਖਭਾਲ ਦੇ ਖੇਤਰ ਵਿੱਚ ਆਧੁਨਿਕ ਇਲਾਜ ਸੁਵਿਧਾਵਾਂ ਦਾ ਵਿਸਥਾਰ ਕਰਦਿਆਂ, ਲਿਵਾਸਾ ਹਸਪਤਾਲ ਖੰਨਾ ਨੇ ਮੰਗਲਵਾਰ ਨੂੰ ਸੀਰਮ ਗ੍ਰੋਥ ਫੈਕਟਰ ਥੈਰੇਪੀ ਦੀ ਸ਼ੁਰੂਆਤ ਕੀਤੀ।

ਹਸਪਤਾਲ ਦੇ ਆਰਥੋਪੈਡਿਕਸ ਅਤੇ ਜੁਆਇੰਟ ਰਿਪਲੇਸਮੈਂਟ ਕੰਸਲਟੈਂਟ ਡਾ. ਸੰਦੀਪ ਸਿੰਘ ਨੇ ਦੱਸਿਆ ਕਿ ਇਹ ਥੈਰੇਪੀ ਮਰੀਜ਼ ਦੇ ਆਪਣੇ ਹੀ ਖ਼ੂਨ ਤੋਂ ਤਿਆਰ ਕੀਤੇ ਗਏ ਗ੍ਰੋਥ ਫੈਕਟਰਾਂ ਦੀ ਵਰਤੋਂ ਕਰਦੀ ਹੈ, ਜੋ ਸੋਜਸ਼ ਨੂੰ ਨਿਯੰਤਰਿਤ ਕਰਨ ਅਤੇ ਸਰੀਰ ਦੀ ਕੁਦਰਤੀ ਠੀਕ ਹੋਣ ਦੀ ਸਮਰੱਥਾ ਨੂੰ ਵਧਾਉਣ ਵਿੱਚ ਮਦਦ ਕਰਦੀ ਹੈ।

ਡਾ. ਸਿੰਘ ਨੇ ਕਿਹਾ, ਖਾਸ ਤੌਰ 'ਤੇ ਗੋਡੇ ਦੇ ਹਲਕੇ ਤੋਂ ਮੱਧਮ ਆਸਟੀਓਆਰਥਰਾਈਟਿਸ ਤੋਂ ਪੀੜਤ ਮਰੀਜ਼ਾਂ ਲਈ ਪਲੇਟਲੇਟ-ਰਿਚ ਪਲਾਜ਼ਮਾ ਥੈਰੇਪੀ ਦਰਦ ਨੂੰ ਘਟਾਉਣ ਅਤੇ ਜੋੜਾਂ ਦੀ ਚਾਲ-ਢਾਲ ਵਿੱਚ ਸੁਧਾਰ ਕਰਨ ਵਿੱਚ ਕਾਫੀ ਮਦਦਗਾਰ ਸਾਬਤ ਹੋ ਸਕਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਹਸਪਤਾਲ ਦਾ ਮੁੱਖ ਮਨੋਰਥ ਢੁਕਵੇਂ ਮਰੀਜ਼ਾਂ ਦੀ ਚੋਣ ਕਰਕੇ ਉਨ੍ਹਾਂ ਨੂੰ ਬਿਨਾਂ ਸਰਜਰੀ ਤੋਂ ਇਲਾਜ ਅਤੇ ਵਿਅਕਤੀਗਤ ਰੀਹੈਬਲੀਟੇਸ਼ਨ ਯੋਜਨਾ ਪ੍ਰਦਾਨ ਕਰਨਾ ਹੈ।

Happy Birthday




ਬ੍ਰੈਂਡਨ ਕੁਮਾਰ
ਸਪੁੱਤਰ ਸਤੀਸ਼ ਕੁਮਾਰ/ਰੀਨਾ ਵਾਲੀਆ
ਵਸਨੀਕ ਸਕੋਟਲੈਂਡ ਯੂਕੇ ਨੂੰ
'ਪੈ.ਗਾਮ-ਏ-ਜਗਤ' ਦੇ ਸਮੂਹ ਪਰਿਵਾਰ ਵਲੋਂ
ਜਨਮਦਿਨ ਦੀਆਂ ਬਹੁਤ-ਬਹੁਤ ਮੁਬਾਰਕਾਂ

# ਮੈਕਸ ਹਸਪਤਾਲ ਨੇ ਸਿਰਸਾ ਵਿੱਚ ਨਿਊਰੋਲੋਜੀ ਓਪੀਡੀ ਦੀ ਸ਼ੁਰੂਆਤ ਕੀਤੀ

**ਸਿਰਸਾ, (ਪੈ.ਗਾਮ-ਏ-ਜਗਤ)**



ਸਿਰਸਾ ਅਤੇ ਆਸ-ਪਾਸ ਦੇ ਇਲਾਕਿਆਂ ਦੇ ਮਰੀਜ਼ਾਂ ਨੂੰ ਉੱਨਤ ਨਿਊਰੋਲੋਜੀ ਸਬੰਧੀ ਮਾਹਿਰ ਡਾਕਟਰੀ ਸਲਾਹ ਉਨ੍ਹਾਂ ਦੇ ਨੇੜੇ ਹੀ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਮੋਹਾਲੀ ਨੇ ਮੰਗਲਵਾਰ ਨੂੰ ਮੈਡੀਸਿਟੀ ਹਸਪਤਾਲ, ਸਿਰਸਾ ਵਿੱਚ ਆਪਣੀ ਨਿਊਰੋਲੋਜੀ ਓਪੀਡੀ ਸ਼ੁਰੂ ਕਰਨ ਦਾ ਐਲਾਨ ਕੀਤਾ।

ਇਸ ਪਹਿਲਕਦਮੀ ਤਹਿਤ ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਮੋਹਾਲੀ ਦੇ ਨਿਊਰੋਲੋਜੀ ਵਿਭਾਗ ਦੇ ਐਸੋਸੀਏਟ ਡਾਇਰੈਕਟਰ ਡਾ. ਸਾਵਨ ਕੁਮਾਰ ਵਰਮਾ ਹਰ ਮਹੀਨੇ ਦੇ ਤੀਜੇ ਵੀਰਵਾਰ ਨੂੰ ਸਵੇਰੇ 11:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਮਰੀਜ਼ਾਂ ਲਈ ਉਪਲਬਧ ਰਹਿਣਗੇ। ਇਸ ਦੌਰਾਨ ਮਰੀਜ਼ ਮੁੱਢਲੀ ਡਾਕਟਰੀ ਸਲਾਹ, ਮਾਹਿਰ ਵੱਲੋਂ ਸਿਹਤ ਦੀ ਜਾਂਚ ਅਤੇ ਅਗਲੇਰੇ ਇਲਾਜ ਸਬੰਧੀ ਫਾਲੋ-ਅੱਪ ਸਲਾਹ ਪ੍ਰਾਪਤ ਕਰ ਸਕਣਗੇ।

ਮਾਹਿਰ ਡਾਕਟਰੀ ਸੇਵਾਵਾਂ ਨੂੰ ਸਥਾਨਕ ਪੱਧਰ 'ਤੇ ਉਪਲਬਧ ਕਰਵਾਉਣ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਡਾ. ਸਾਵਨ ਕੁਮਾਰ ਵਰਮਾ ਨੇ ਕਿਹਾ, "ਨਿਊਰੋਲੋਜੀ ਨਾਲ ਸਬੰਧਤ ਬਿਮਾਰੀਆਂ ਵਿੱਚ ਸਮੇਂ ਸਿਰ ਜਾਂਚ, ਢੁਕਵੀਂ ਇਲਾਜ ਯੋਜਨਾ ਅਤੇ ਨਿਯਮਿਤ ਫਾਲੋ-ਅੱਪ ਬਹੁਤ ਮਹੱਤਵਪੂਰਨ ਹੁੰਦੇ ਹਨ। ਸਿਰਸਾ ਵਿੱਚ ਇਸ ਓਪੀਡੀ ਦੀ ਸ਼ੁਰੂਆਤ ਕਰਨ ਦਾ ਸਾਡਾ ਉਦੇਸ਼ ਮਰੀਜ਼ਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਹੀ ਨਿਊਰੋਲੋਜੀ ਦੇ ਮਾਹਿਰਾਂ ਦੀ ਸਲਾਹ ਉਪਲਬਧ ਕਰਵਾਉਣਾ ਹੈ।

ਇਸ ਨਾਲ ਮਰੀਜ਼ਾਂ ਨੂੰ ਬਿਮਾਰੀ ਦੇ ਸ਼ੁਰੂਆਤੀ ਪੜਾਅ ਵਿੱਚ ਹੀ ਮਾਹਿਰ ਡਾਕਟਰਾਂ ਤੋਂ ਸਲਾਹ ਲੈਣ ਅਤੇ ਢੁਕਵੇਂ ਇਲਾਜ ਬਾਰੇ ਮਾਰਗਦਰਸ਼ਨ ਪ੍ਰਾਪਤ ਕਰਨ ਦਾ ਮੌਕਾ ਮਿਲੇਗਾ।

# ਕੇਵੀ-1 ਵੱਲੋਂ ਮਾਨਸਿਕ ਸਿਹਤ ਵਿਸ਼ੇ ਤੇ ਵਰਕਸ਼ਾਪ ਆਯੋਜਿਤ

**ਪੈ.ਗਾਮ-ਏ-ਜਗਤ/ਅੰਬਾਲਾ 13 ਅਕਤੂਬਰ (ਆਰ.ਸਿੰਘ)**






ਪੀਐਮ ਸ਼੍ਰੀ ਕੇਂਦਰੀ ਵਿਦਿਆਲਾ ਨੰਬਰ 1, ਅੰਬਾਲਾ ਛਾਉਣੀ ਵਿਖੇ ਸਕੂਲ ਆਡੀਟੋਰੀਅਮ ਵਿੱਚ ਵਿਦਿਆਰਥੀਆਂ ਲਈ 'ਮਾਨਸਿਕ ਸਿਹਤ-ਮਨ ਮਾਅਨੇ ਰੱਖਦਾ ਹੈ ਵਿਸ਼ੇ 'ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।

ਇਸ ਵਰਕਸ਼ਾਪ ਵਿਚ ਰੋਟੇਰੀਅਨ ਡਾ. ਜੋਗਿੰਦਰ ਸਿੰਘ, (ਸਿਵਲ ਹਸਪਤਾਲ) ਪ੍ਰਸਿੱਧ ਅਧਿਆਪਕ ਅਤੇ ਸਾਹਿਤਕਾਰ ਡਾ. ਰਤਨ ਸਿੰਘ ਢਿੱਲੋਂ , ਪ੍ਰੋ. ਇਕਬਾਲ ਸਿੰਘ ਚੌਹਾਨ, ਅਤੇ ਪ੍ਰੋ. ਗੁਰਦੇਵ ਸਿੰਘ ਦੇਵ (ਸਾਬਕਾ ਮੁਖੀ ਪੀਜੀ ਪੰਜਾਬੀ ਵਿਭਾਗ ਸਰਕਾਰੀ ਕਾਲਜ ਅੰਬਾਲਾ ਕੈਂਟ) ਨੇ ਸ਼ਮੂਲੀਅਤ ਕੀਤੀ। ਵਿਦਵਾਨਾਂ ਨੇ ਵਿਦਿਆਰਥੀਆਂ ਨੂੰ ਕਿਸ਼ੋਰ ਅਵਸਥਾ ਦੌਰਾਨ ਤਣਾਅ ਪ੍ਰਬੰਧਨ, ਪ੍ਰੀਖਿਆ ਦੀ ਚਿੰਤਾ, ਸਾਥੀਆਂ ਦੇ ਦਬਾਅ, ਸੋਸ਼ਲ ਮੀਡੀਆ ਦੀ ਸਿਹਤਮੰਦ ਵਰਤੋਂ ਅਤੇ ਮਦਦ ਲੈਣ ਦੀ ਮਹੱਤਤਾ ਵਰਗੇ ਮਹੱਤਵਪੂਰਨ ਮੁੱਦਿਆਂ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਮਾਨਸਿਕ ਸਿਹਤ ਸਰੀਰਕ ਸਿਹਤ ਵਾਂਗ ਹੀ ਮਹੱਤਵਪੂਰਨ ਹੈ ਅਤੇ ਮਦਦ ਮੰਗਣਾ ਤਾਕਤ ਦੀ ਨਿਸ਼ਾਨੀ ਹੈ, ਕਮਜ਼ੋਰੀ ਦੀ ਨਹੀਂ।

ਵਰਕਸ਼ਾਪ ਬਹੁਤ ਹੀ ਇੰਟਰ ਐਕਟਿਵ ਸੀ ਜਿਸ ਵਿੱਚ ਸਾਹ ਲੈਣ ਦੀਆਂ ਕਸਰਤਾਂ ਅਤੇ ਦਿਮਾਗੀ ਤਕਨੀਕਾਂ ਸ਼ਾਮਲ ਸਨ। ਡਾ. ਜੋਗਿੰਦਰ ਸਿੰਘ ਦੁਆਰਾ ਇੱਕ ਇੰਟਰ ਐਕਟਿਵ ਸੈਸ਼ਨ ਕਰਵਾਇਆ ਗਿਆ ਜਿਸ ਦੌਰਾਨ ਵਿਦਿਆਰਥੀਆਂ ਨੂੰ ਮਾਨਸਿਕ ਸਿਹਤ ਅਤੇ ਤੰਦਰੁਸਤੀ ਸੰਬੰਧੀ ਸਲਿੱਪਾਂ 'ਤੇ ਆਪਣੀਆਂ ਸਮੱਸਿਆਵਾਂ ਅਤੇ ਚਿੰਤਾਵਾਂ ਲਿਖਣ ਲਈ ਉਤਸ਼ਾਹਿਤ ਕੀਤਾ ਗਿਆ। ਡਾ. ਜੋਗਿੰਦਰ ਸਿੰਘ ਨੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਇੱਕ-ਇੱਕ ਕਰਕੇ ਸੰਬੋਧਿਤ ਕੀਤਾ, ਢੁਕਵੇਂ ਜਵਾਬ ਦਿੱਤੇ ਅਤੇ ਉਨ੍ਹਾਂ ਨੂੰ ਹਮਦਰਦੀ ਤੇ ਸਮਝ ਨਾਲ ਸਲਾਹ ਦਿੱਤੀ। ਇਸ ਤੋਂ ਪਹਿਲਾਂ 6 ਵਿਦਿਆਰਥੀਆਂ ਨੇ ਵਿਸ਼ੇ ਨਾਲ ਸਬੰਧਿਤ ਆਪਣੇ ਵਿਚਾਰ ਰੱਖੇ ਜਿਨ੍ਹਾਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਨ੍ਹਾਂ ਵਿਦਿਆਰਥੀਆਂ ਵਿਚੋਂ 11ਵੀਂ ਜਮਾਤ ਦੀ ਵਿਦਿਆਰਥਣ ਸੰਸਕ੍ਰਿਤੀ ਨੇ ਵਿਸ਼ੇ ਨਾਲ ਸਬੰਧਿਤ ਕਵਿਤਾ ਪੇਸ਼ ਕੀਤੀ ਜਿਸ ਦੀ ਸਭ ਨੇ ਪ੍ਰਸ਼ੰਸਾ ਕੀਤੀ। ਸੈਸ਼ਨ ਦੀ ਇੰਟਰ ਐਕਟਿਵ ਪ੍ਰਕਿਰਤੀ ਨੇ ਵਿਦਿਆਰਥੀਆਂ ਨੂੰ ਆਪਣੀਆਂ ਭਾਵਨਾਵਾਂ ਪ੍ਰਗਟ ਕਰਨ, ਆਪਣੀਆਂ ਮੁਸ਼ਕਲਾਂ ਸਾਂਝੀਆਂ ਕਰਨ ਅਤੇ ਬਿਨਾਂ ਕਿਸੇ ਝਿਜਕ ਦੇ ਮਾਰਗ ਦਰਸ਼ਨ ਲੈਣ ਲਈ ਇੱਕ ਆਰਾਮਦਾਇਕ ਪਲੇਟਫ਼ਾਰਮ ਪ੍ਰਦਾਨ ਕੀਤਾ। ਸੈਸ਼ਨ ਨੇ ਖੁੱਲ੍ਹੇ ਸੰਚਾਰ, ਭਾਵਨਾਤਮਕ ਜਾਗਰੂਕਤਾ ਅਤੇ ਲੋੜ ਪੈਣ 'ਤੇ ਮਦਦ ਲੈਣ ਦੀ ਮਹੱਤਤਾ ਨੂੰ ਉਜਾਗਰ ਕੀਤਾ। ਪ੍ਰਿੰਸੀਪਲ ਅਜੀਤ ਕੁਮਾਰ ਯਾਦਵ ਨੇ ਸਤਿਕਾਰਯੋਗ ਮਹਿਮਾਨਾਂ ਦਾ ਧੰਨਵਾਦ ਕੀਤਾ। ਪ੍ਰਿੰਸੀਪਲ ਸਾਹਿਬ ਨੇ ਇਹ ਯਕੀਨੀ ਬਣਾਇਆ ਕਿ ਸਕੂਲ ਆਪਣੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਸਿੱਖਿਆਰਥੀਆਂ ਲਈ ਇੱਕ ਸਹਾਇਕ ਅਤੇ ਕਲੰਕ-ਮੁਕਤ ਵਾਤਾਵਰਣ ਬਣਾਉਣ ਵਿੱਚ ਮਦਦ ਕਰਦੀਆਂ ਹਨ।

ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੁਆਰਾ ਸੈਸ਼ਨ ਦੀ ਸ਼ਲਾਘਾ ਕੀਤੀ ਗਈ।

# ਵਿਦਿਆਰਥੀ ਆਫਤਾਂ ਨੂੰ ਨਜਿੱਠਣ ਦੇ ਗੁਰ ਵੀ ਜ਼ਰੂਰ ਸਿੱਖਣ : ਪ੍ਰਿੰਸੀਪਲ ਬਲਵਿੰਦਰਪਾਲ

**ਬਟਾਲਾ, 13 ਅਕਤੂਬਰ (ਪੈ.ਗਾਮ-ਏ-ਜਗਤ)**



ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਅਲੀਵਾਲ ਵਿਖੇ ਸਵੇਰ ਦੀ ਸਭਾ ਮੌਕੇ ਪ੍ਰਿੰਸੀਪਲ ਬਲਵਿੰਦਰਪਾਲ ਦੀ ਅਗਵਾਈ ਵਿਚ ਵਿਸ਼ਵ ਆਫਤਾਂ ਦੇ ਖਤਰਿਆਂ ਨੂੰ ਘੱਟਾਉਣਾ ਮੌਕੇ ਸਾਰੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ।

ਇਹਨਾਂ ਨਾਲ ਵੋਕੇਸ਼ਨਲ ਟਰੇਨਰ ਮੰਗਲ ਸਿੰਘ, ਆਫਤ ਪ੍ਰਬੰਧਕ ਮਾਹਰ ਹਰਬਖਸ਼ ਸਿੰਘ ਬਟਾਲਾ, ਮਨਿੰਦਰ ਕੌਰ ਵੀ ਸ਼ਾਮਲ ਹੋਏ। ਇਸ ਮੌਕੇ ਆਫਤਾਂ ਦੀਆ ਕਿਸਮਾਂ ਬਾਰੇ ਤੇ ਇਸ ਮੌਕੇ ਕੀ ਕਰੀਏ ਕੀ ਨਾ ਕਰੀਏ ਬਾਰੇ ਦਸਿਆ ਗਿਆ ਜਿਹਨਾਂ ਵਿਚ ਪਾਣੀ ਅਤੇ ਵਾਤਾਵਰਣ ਸਬੰਧੀ ਆਫਤਾਂ, ਭੂਗੋਲਕ ਸਬੰਧੀ ਆਫਤਾਂ, ਰਸਾਇਣਕ, ਉਦਯੋਗਿਕ ਅਤੇ ਨਿਊਕਲੀਅਰ, ਦੁਰਘਟਨਾ ਸਬੰਧੀ ਆਫਤਾਂ, ਜੀਵਾਣੂ ਸਬੰਧੀ ਆਫਤਾਂ ਆਦਿ ਸਨ। ਇਸ ਦੇ ਨਾਲ ਵਿ?ਦਆਰਥੀਆਂ ਪਾਸੋ ਅਭਿਆਸ ਵੀ ਕਰਵਾਇਆ ਗਿਆ ਤਾਂ ਜੋ ਕਿਸੇ ਵੀ ਘਟਨਾਂ ਨੂੰ ਸਹੀ ਢੰਗ ਨਾਲ ਨਿੱਜਠ ਸਕਣ ਜਾਨ ਮਾਲ ਦੇ ਨੁਕਸਾਨ ਨੂੰ ਘੱਟ ਕੀਤਾ ਜਾ ਸਕੇ। ਆਖਰ ਵਿਚ ਏਆਈ ਬਾਰੇ ਦਸਦੇ ਹੋਏ ਬੱਚੀਆਂ ਨੂੰ ਇਸ ਤੋ ਸਾਵਧਾਨ ਰਹਿਣ ਲਈ ਕਿਹਾ ਗਿਆ।

# ਪ੍ਰੋਫੈਸਰ ਸਿਮੀ ਅਗਨੀਹੋਤਰੀ ਸਰਕਾਰੀ ਕਾਲਜ ਹਰੋਲੀ ਵਿੱਚ ਸੜਕ ਸੁਰੱਖਿਆ ਜਾਗਰੂਕਤਾ ਰੈਲੀ ਦਾ ਆਯੋਜਨ

**ਪੈ.ਗਾਮ-ਏ-ਜਗਤ ਹਰੋਲੀ/ਊਨਾ, 13 ਅਕਤੂਬਰ (ਰਾਜਵੀਰ ਚੋਪੜਾ)**




ਪ੍ਰੋਫੈਸਰ ਸਿਮੀ ਅਗਨੀਹੋਤਰੀ ਸਰਕਾਰੀ ਕਾਲਜ ਹਰੋਲੀ ਵਿੱਚ 13 ਅਕਤੂਬਰ 2026 ਨੂੰ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਸੜਕ ਸੁਰੱਖਿਆ ਜਾਗਰੂਕਤਾ ਰੈਲੀ ਕੱਢੀ ਗਈ। ਇਸ ਰੈਲੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਆਵਾਜਾਈ ਨਿਯਮਾਂ ਦੀ ਪਾਲਣਾ ਕਰਨ, ਹੈਲਮਟ ਪਹਿਨਣ, ਸੀਟ ਬੈਲਟ ਲਗਾਉਣ ਅਤੇ ਸੜਕ ਹਾਦਸਿਆਂ ਨੂੰ ਰੋਕਣ ਪ੍ਰਤੀ ਜਾਗਰੂਕ ਕਰਨਾ ਸੀ।

ਕਾਲਜ ਦੇ ਪ੍ਰਿੰਸੀਪਲ ਡਾ. ਰਾਜਿੰਦਰ ਕੁਮਾਰ ਦੀ ਅਗਵਾਈ ਹੇਠ ਕਰਵਾਈ ਗਈ ਇਸ ਰੈਲੀ ਦੀ ਇੰਚਾਰਜ ਡਾ. ਬਿੰਦੀਆ ਚੰਦੇਲ ਸਨ। ਰੈਲੀ ਰਾਹੀਂ ਵਿਦਿਆਰਥੀਆਂ ਨੂੰ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਅਤੇ ਆਪਣੀ ਤੇ ਦੂਜਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਦਾ ਸੁਨੇਹਾ ਦਿੱਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਤੇਜ਼ ਰਫ਼ਤਾਰ ਨਾਲ ਵਾਹਨ ਨਾ ਚਲਾਉਣ, ਵਾਹਨ ਚਲਾਉਂਦੇ ਸਮੇਂ ਮੋਬਾਈਲ ਫ਼ੋਨ ਦੀ ਵਰਤੋਂ ਨਾ ਕਰਨ ਅਤੇ ਆਵਾਜਾਈ ਸੰਕੇਤਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਇਸ ਪ੍ਰੋਗਰਾਮ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਰਾਜਿੰਦਰ ਕੁਮਾਰ ਸਮੇਤ ਵੱਖ-ਵੱਖ ਸਟਾਫ਼ ਮੈਂਬਰਾਂ ਨੇ ਸ਼ਮੂਲੀਅਤ ਕੀਤੀ ਅਤੇ ਸੜਕ ਸੁਰੱਖਿਆ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਸਾਰਿਆਂ ਨੇ ਸੁਰੱਖਿਅਤ ਆਵਾਜਾਈ ਪ੍ਰਬੰਧ ਬਣਾਈ ਰੱਖਣ ਅਤੇ ਸੜਕ ਹਾਦਸਿਆਂ ਨੂੰ ਘਟਾਉਣ ਲਈ ਸਾਂਝੇ ਯਤਨ ਕਰਨ ਦਾ ਸੁਨੇਹਾ ਦਿੱਤਾ।

ਇਸ ਜਾਗਰੂਕਤਾ ਰੈਲੀ ਰਾਹੀਂ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਉਤਸ਼ਾਹਿਤ ਕੀਤਾ ਗਿਆ।

# ਅੱਖਰ ਸਾਹਿਤ ਅਕਾਦਮੀ ਤੇ ਡਾ. ਕੁਲਵੰਤ ਟਰੱਸਟ, ਅੰਮ੍ਰਿਤਸਰ ਦੇ ਸਾਲਾਨਾ ਸਮਾਰੋਹ ਦੌਰਾਨ

## ਡਾ. ਅਮਰਜੀਤ ਕੌਂਕੇ ਤੇ ਜਸਵੀਰ ਰਾਣਾ ਨੂੰ ਯਾਦਗਾਰੀ ਪੁਰਸਕਾਰਾਂ ਨਾਲ ਕੀਤਾ ਸਨਮਾਨਿਤ

**ਅੰਮ੍ਰਿਤਸਰ, 13 ਅਕਤੂਰ (ਪੈ.ਗਾਮ-ਏ-ਜਗਤ)**



ਅੱਖਰ ਸਾਹਿਤ ਅਕਾਦਮੀ ਅਤੇ ਡਾ. ਕੁਲਵੰਤ ਯਾਦਗਾਰੀ ਟਰੱਸਟ, ਅੰਮ੍ਰਿਤਸਰ ਵੱਲੋਂ ਸਾਲਾਨਾ ਸਾਹਿਤਕ ਸਮਾਰੋਹ ਵਿਰਸਾ ਵਿਹਾਰ, ਅੰਮ੍ਰਿਤਸਰ ਵਿਖੇ ਕਰਵਾਇਆ ਗਿਆ।

ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਡਾ. ਮਨਮੋਹਨ ਨੇ ਸ਼ਿਰਕਤ ਕੀਤੀ। ਇਸ ਦੀ ਪ੍ਰਧਾਨਗੀ ਕੇਵਲ ਧਾਲੀਵਾਲ, ਡਾ. ਸਤਨਾਮ ਸਿੰਘ ਨਿਜਰ, ਡਾ. ਰਵਿੰਦਰ, ਕੰਵਰ ਇਕਬਾਲ ਸਿੰਘ, ਅੱਖਰ ਸਾਹਿਤ ਅਕਾਦਮੀ ਦੇ ਪ੍ਰਧਾਨ ਡਾ. ਕਰਨੈਲ ਸ਼ੇਰਗਿੱਲ, ਸਰਪ੍ਰਸਤ ਡਾ. ਵਿਕਰਮਜੀਤ ਸਿੰਘ ਅਤੇ ਰਮੇਸ਼ ਯਾਦਵ ਨੇ ਸਾਂਝੇ ਤੌਰ 'ਤੇ ਕੀਤੀ। ਸਮਾਗਮ ਦੀ ਸ਼ੁਰੂਆਤ ਮੌਕੇ ਡਾ. ਕਰਨੈਲ ਸ਼ੇਰਗਿੱਲ ਨੇ ਆਏ ਹੋਏ ਸਾਹਿਤਕਾਰਾਂ ਅਤੇ ਮਹਿਮਾਨਾਂ ਦਾ ਸਵਾਗਤ ਕੀਤਾ. ਇਸ ਮੌਕੇ ਡਾ. ਕਰਨੈਲ ਸ਼ੇਰਗਿੱਲ ਦੇ ਗ਼ਜ਼ਲ-ਗੀਤ ਸੰਗ੍ਰਹਿ 'ਬਦਲਦੇ ਪਰਛਾਵੇਂ' ਨੂੰ ਲੋਕ ਅਰਪਣ ਕੀਤਾ ਗਿਆ, ਪੁਸਤਕ ਵਿੱਚੋਂ ਕੁਝ ਰਚਨਾਵਾਂ ਰਮਨ ਰਾਹੀ ਨੇ ਗਾਇਨ ਕਰਕੇ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ।

ਮੈਗਜ਼ੀਨ ਅੱਖਰ ਦੇ ਪ੍ਰਬੰਧਕੀ ਸੰਪਾਦਕ ਧਰਵਿੰਦਰ ਸਿੰਘ ਔਲਖ ਨੇ ਮੰਚ ਸੰਚਾਲਨ ਕਰਦਿਆਂ ਸਮੁੱਚੇ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਲੜੀਬੱਧ ਕੀਤਾ। ਇਸ ਸਮਾਰੋਹ ਦੌਰਾਨ ਪੰਜਾਬੀ ਦੇ ਉੱਘੇ ਸ਼ਾਇਰ, ਅਨੁਵਾਦਕ ਅਤੇ ਸੰਪਾਦਕ ਡਾ. ਅਮਰਜੀਤ ਕੌਂਕੇ ਨੂੰ 'ਪ੍ਰਮਿੰਦਰਜੀਤ ਕਾਵਿ ਯਾਦਗਾਰੀ ਪੁਰਸਕਾਰ' ਅਤੇ ਨਾਮਵਰ ਕਹਾਣੀਕਾਰ ਜਸਵੀਰ ਸਿੰਘ ਰਾਣਾ ਨੂੰ 'ਡਾ. ਕੁਲਵੰਤ ਯਾਦਗਾਰੀ ਪੁਰਸਕਾਰ' ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਸਨਮਾਨ ਵਿੱਚ ਮੋਮੈਂਟੋ, ਸ਼ਾਲ ਅਤੇ 21000-21000 ਰੁਪਏ ਦੀ ਰਾਸ਼ੀ ਸ਼ਾਮਿਲ ਸੀ। ਇਸ ਮੌਕੇ ਸਾਹਿਤਕ ਵਿਚਾਰ-ਚਰਚਾ, ਪੁਸਤਕ ਲੋਕ ਅਰਪਣ ਅਤੇ ਕਵੀ ਦਰਬਾਰ ਨੇ ਸਮਾਗਮ ਨੂੰ ਸਾਹਿਤਕ ਰੰਗਤ ਪ੍ਰਦਾਨ ਕੀਤੀ। ਸਨਮਾਨ ਸਮਾਰੋਹ ਦੌਰਾਨ ਡਾ. ਅਮਰਜੀਤ ਕੌਂਕੇ ਬਾਰੇ ਸਨਮਾਨ ਪੱਤਰ ਡਾ. ਵਿਕਰਮਜੀਤ ਸਿੰਘ ਨੇ ਪੜ੍ਹਿ ਆ ਅਤੇ ਜਸਵੀਰ ਸਿੰਘ ਰਾਣਾ ਬਾਰੇ ਅਵਤਾਰਜੀਤ ਨੇ ਸਨਮਾਨ ਪੱਤਰ ਪੜ੍ਹਿ ਆ। ਦੋਵਾਂ ਸਾਹਿਤਕਾਰਾਂ ਨੂੰ ਉਨ੍ਹਾਂ ਦੀਆਂ ਸਾਹਿਤਕ ਪ੍ਰਾਪਤੀਆਂ ਅਤੇ ਪੰਜਾਬੀ ਸਾਹਿਤ ਵਿੱਚ ਪਾਏ ਯੋਗਦਾਨ ਦੇ ਸਨਮਾਨ ਵਜੋਂ ਯਾਦਗਾਰੀ ਪੁਰਸਕਾਰ ਭੇਟ ਕੀਤੇ ਗਏ।

ਇਸ ਤੋਂ ਇਲਾਵਾ ਡਾ. ਕੁਲਵੰਤ ਦੇ ਕਹਾਣੀ ਸੰਗ੍ਰਹਿ 'ਕਾਲੀ ਰਾਤ ਦੇ ਵਿੱਚ ਖਤਮ ਹੁੰਦੇ ਪਰਛਾਵੇਂ' ਬਾਰੇ ਜਸਵੀਰ ਸਿੰਘ ਰਾਣਾ ਅਤੇ ਡਾ. ਯਸੀਨ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਪੁਸਤਕ ਦੇ ਸਾਹਿਤਕ ਪੱਖਾਂ 'ਤੇ ਚਰਚਾ ਕੀਤੀ। ਕਵੀ ਦਰਬਾਰ ਦੌਰਾਨ ਗੁਰਦੀਪ ਗਿੱਲ, ਡਾ. ਨਿਰੰਜਨ, ਜਸਵਿੰਦਰ ਕੌਰ ਜੱਸੀ, ਰੀਵਾ ਦਰਿਆ, ਹਰਮੀਤ ਆਰਟਿਸਟ, ਨਵਜੋਤ ਕੌਰ ਭੁੱਲਰ, ਅਮਰੀਕ ਡੋਗਰਾ, ਪ੍ਰੋ. ਮਲਕੀਤ ਜੌੜਾ, ਐਸ. ਪਰਸ਼ੋਤਮ, ਕਮਲ ਗਿੱਲ, ਰੋਜ਼ੀ ਸਿੰਘ, ਕਮਲਜੀਤ ਭੁੱਲਰ, ਬਖਤਾਵਰ ਧਾਲੀਵਾਲ, ਰਸ਼ਪਾਲ ਰਸੀਲਾ, ਲਾਢੀ ਹੁੰਦਲ, ਮਲਕੀਤ ਮੀਤ ਅਤੇ ਆਸ਼ੂ ਕੁਮਰਾ ਸਮੇਤ ਹੋਰ ਕਵੀਆਂ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਕਵੀਆਂ ਦੀਆਂ ਰਚਨਾਵਾਂ ਨੇ ਸਰੋਤਿਆਂ ਨੂੰ ਪੰਜਾਬੀ ਕਵਿਤਾ ਦੇ ਵੱਖ-ਵੱਖ ਰੰਗਾਂ ਨਾਲ ਜੋੜਿਆ। ਅੰਤ ਵਿੱਚ ਡਾ. ਵਿਕਰਮਜੀਤ ਸਿੰਘ ਵੱਲੋਂ ਸਾਰੇ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਗਿਆ। ਸਮਾਰੋਹ ਵਿੱਚ ਕਰਨਲ ਕੰਵਲਜੀਤ ਸੰਧਾ, ਬਲਵਿੰਦਰ ਸੰਧਾ, ਪੂਰਨ ਪਿਆਸਾ, ਪੰਕਜ ਸਿੰਘ, ਪਰਮਿੰਦਰਜੀਤ ਦੇ ਪੁੱਤਰ ਰਵਜੋਤ ਸਿੰਘ, ਪ੍ਰਤਾਪ ਸਿੰਘ ਯੂ.ਐਸ.ਏ., ਕੁਲਵੰਤ ਰਾਏ, ਪਵਨ ਜੈਸਵਾਲ, ਰਾਜ ਕੁਮਾਰ ਰਾਜ, ਕੁਲਵੰਤ ਸਿੰਘ ਕੰਤ ਅਤੇ ਨਿਸ਼ਾਨ ਸਿੰਘ ਛੀਨਾ ਸਮੇਤ ਵੱਡੀ ਗਿਣਤੀ ਵਿੱਚ ਲੇਖਕਾਂ ਅਤੇ ਸਾਹਿਤ ਪ੍ਰੇਮੀਆਂ ਨੇ ਸ਼ਿਰਕਤ ਕੀਤੀ।

# ਧੂਲਕੋਟ ਇਮਾਰਤ ਮਾਮਲਾ : ਜੱਗੀ ਭਰਾਵਾਂ ਨੂੰ ਹਾਈ ਕੋਰਟ ਤੋਂ ਮਿਲੀ ਜ਼ਮਾਨਤ

**ਪੈ.ਗਾਮ-ਏ-ਜਗਤ ਅੰਬਾਲਾ, 13 ਅਕਤੂਬਰ (ਆਰ.ਸਿੰਘ)**

ਅੰਬਾਲਾ ਦੇ ਧੂਲਕੋਟ ਵਿੱਚ ਉਸਾਰੀ ਅਧੀਨ ਇਮਾਰਤ ਢਹਿਣ ਦੇ ਮਾਮਲੇ ਵਿੱਚ ਪੁਲੀਸ ਵੱਲੋਂ ਦਰਜ ਐਫਆਈਆਰ ਦੇ ਸਬੰਧ ਵਿਚ ਹਾਈ ਕੋਰਟ ਨੇ ਅੱਜ ਹਰਦੀਪ ਸਿੰਘ ਜੱਗੀ ਅਤੇ ਉਨ੍ਹਾਂ ਦੇ ਦੋ ਪੁੱਤਰਾਂ ਸਰਵਜੋਤ ਸਿੰਘ ਅਤੇ ਸਿਮਰਜੀਤ ਸਿੰਘ ਨੂੰ ਜ਼ਮਾਨਤ ਦੇ ਦਿੱਤੀ ਹੈ ਅਤੇ ਉਨ੍ਹਾਂ ਨੂੰ ਪੁਲੀਸ ਜਾਂਚ ਵਿੱਚ ਸਹਿਯੋਗ ਕਰਨ ਦੇ ਨਿਰਦੇਸ਼ ਦਿੱਤੇ ਹਨ। ਅਗਲੀ ਸੁਣਵਾਈ 7 ਦਸੰਬਰ ਨੂੰ ਤੈਅ ਕੀਤੀ ਗਈ ਹੈ।

ਹਰਦੀਪ ਸਿੰਘ ਜੱਗੀ ਵੱਲੋਂ ਸੀਨੀਅਰ ਵਕੀਲ ਪਰਤਿੰਦਰ ਸਿੰਘ ਆਹਲੂਵਾਲੀਆ, ਵਿਨੋਦ ਘਈ, ਅਮਿਤ ਝਾਂਜੀ ਅਤੇ ਸਤਿੰਦਰ ਸਿੰਘ ਗਰਗ ਪੇਸ਼ ਹੋਏ। ਉਨ੍ਹਾਂ ਨੇ ਅਦਾਲਤ ਨੂੰ ਦੱਸਿਆ ਕਿ ਧੂਲਕੋਟ ਵਿੱਚ ਉਸਾਰੀ ਅਧੀਨ ਇਮਾਰਤ ਢਹਿਣ ਦੇ ਸਬੰਧ ਵਿੱਚ ਬਲਦੇਵ ਨਗਰ ਥਾਣੇ ਵਿੱਚ ਦਰਜ ਕੀਤੀ ਗਈ ਐਫਆਈਆਰ ਪੂਰੀ ਤਰ੍ਹਾਂ ਬੇਬੁਨਿਆਦ ਹੈ। ਐਫਆਈਆਰ ਵਿੱਚ ਜੱਗੀ ਦਾ ਜ਼ਿਕਰ ਇੱਕ ਬਿਲਡਰ ਵਜੋਂ ਕੀਤਾ ਗਿਆ ਹੈ ਪਰ ਵਿਅਕਤੀਆਂ ਦੀ ਉਸ ਨਾਮ ਦੀ ਕੋਈ ਫਰਮ ਨਹੀਂ ਹੈ। ਉਨ੍ਹਾਂ ਅਦਾਲਤ ਨੂੰ ਦੱਸਿਆ ਕਿ ਤਿੰਨਾਂ ਵਿਅਕਤੀਆਂ ਵਿੱਚੋਂ ਕੋਈ ਵੀ ਜਾਇਦਾਦ ਦਾ ਮਾਲਕ ਜਾਂ ਠੇਕੇਦਾਰ ਨਹੀਂ ਹੈ। ਇਸ ਲਈ ਉਨ੍ਹਾਂ ਵਿਰੁੱਧ ਦਰਜ ਕੀਤੀ ਗਈ ਝੂਠੀ ਐਫਆਈਆਰ ਪੂਰੀ ਤਰ੍ਹਾਂ ਬੇਬੁਨਿਆਦ ਹੈ। ਜਿਸ 'ਤੇ ਅਦਾਲਤ ਨੇ ਤਿੰਨਾਂ ਨੂੰ ਜ਼ਮਾਨਤ ਦੇ ਦਿੱਤੀ।

## ਸ.ਫ਼ਾ 1 ਦਾ ਬਾਕੀ...

**ਸਾਡਾ ਟੀਚਾ ਮਿਆਰੀ...**

ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਵਿੱਚ ਅਸਫ਼ਲ ਰਹੇ, ਉਨ੍ਹਾਂ ਨੂੰ ਪੰਜਾਬ ਵੱਲ ਉਂਗਲ ਚੁੱਕਣ ਤੋਂ ਪਹਿਲਾਂ ਆਪਣਾ ਰਿਕਾਰਡ ਦੇਖਣਾ ਚਾਹੀਦਾ ਹੈ।"

ਡਿਗਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਰੰਗਲਾ ਪੰਜਾਬ ਬਣਾਉਣ ਲਈ ਆਪਣੇ ਗਿਆਨ, ਹੁਨਰ ਅਤੇ ਉੱਦਮੀ ਭਾਵਨਾ ਦੀ ਵਰਤੋਂ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਕਨਵੋਕੇਸ਼ਨ ਸਮਾਰੋਹ ਨੂੰ ਵਿਦਿਆਰਥੀਆਂ ਦੇ ਜੀਵਨ ਵਿੱਚ ਮਹੱਤਵਪੂਰਨ ਮੌਕਾ ਕਰਾਰ ਦਿੱਤਾ ਅਤੇ ਇਸ ਗੱਲ 'ਤੇ ਜੋਰ ਦਿੱਤਾ ਕਿ ਡਿਗਰੀ ਕਾਗਜ ਦੇ ਟੁਕੜੇ ਤੋਂ ਕਿਤੇ ਵੱਧ ਹੈ। ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ, ਉਨ੍ਹਾਂ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਅਤੇ ਸਮਾਜ ਵਿੱਚ ਸਾਰਥਕ ਯੋਗਦਾਨ ਪਾਉਣ ਦਾ ਮੌਕਾ ਹੈ।

ਦੇਸ਼ ਦੇ ਸਾਬਕਾ ਰਾਸਟਰਪਤੀ ਡਾ. ਏ.ਪੀ.ਜੇ. ਅਬਦੁਲ ਕਲਾਮ ਦੀ ਮਿਸਾਲ ਦਿੰਦਿਆਂ ਮੁੱਖ ਮੰਤਰੀ ਨੇ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ ਅਤੇ ਆਪਣੀਆਂ ਇੱਛਾਵਾਂ ਨੂੰ ਹਕੀਕਤ ਵਿੱਚ ਬਦਲਣ ਲਈ ਅਣਥੱਕ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਮਹਾਨ ਪੰਜਾਬੀ ਕਵੀ ਅਵਤਾਰ ਪਾਸ਼ ਦੀਆਂ ਲਾਈਨਾਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਮੁਸਕਲਾਂ ਦੇ ਸਾਹਮਣੇ ਕਦੇ ਵੀ ਆਪਣੇ ਸੁਪਨੇ ਨਾ ਤਿਆਗਣ। ਉਨ੍ਹਾਂ ਕਿਹਾ, "ਵਿਦਿਆਰਥੀ ਜੀਵਨ ਨੌਜਵਾਨਾਂ ਨੂੰ ਦੁਨੀਆ ਦੀਆਂ ਤਲਖ਼ ਹਕੀਕਤਾਂ ਲਈ ਤਿਆਰ ਕਰਦਾ ਹੈ, ਜਿੱਥੇ ਸਫ਼ਲਤਾ ਲਈ ਦ੍ਰਿੜ ਤਾ, ਅਨੁਸਾਸਨ, ਨਵੀਨਤਾ ਅਤੇ ਵੱਖਰਾ ਸੋਚਣ ਦੀ ਹਿੰਮਤ ਦੀ ਲੋੜ ਹੁੰਦੀ ਹੈ। ਤੁਹਾਡਾ ਗਿਆਨ ਅਤੇ ਮੁਹਾਰਤ ਸਿਰਫ਼ ਨਿੱਜੀ ਤਰੱਕੀ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ। ਇਨ੍ਹਾਂ ਨੂੰ ਸਮਾਜ ਦੀ ਭਲਾਈ ਅਤੇ ਪੰਜਾਬ ਦੀ ਤਰੱਕੀ ਲਈ ਵਰਤੋ।" ਸਿੱਖਿਆ ਦੇ ਖੇਤਰ ਵਿੱਚ ਪੰਜਾਬ ਦੀ ਤਰੱਕੀ ਦੀ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨੀਤੀ ਆਯੋਗ ਅਨੁਸਾਰ ਪੰਜਾਬ 2022 ਤੋਂ ਪਹਿਲਾਂ 27ਵੇਂ ਸਥਾਨ ਤੋਂ ਉੱਪਰ ਉੱਠ ਕੇ ਸਿਖਰਲੇ ਸਥਾਨ 'ਤੇ ਪਹੁੰਚ ਗਿਆ ਹੈ। ਉਨ੍ਹਾਂ ਇਸ ਪ੍ਰਾਪਤੀ ਦਾ ਸਿਹਰਾ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ, ਅਧਿਆਪਨ ਦੇ ਮਿਆਰਾਂ ਨੂੰ ਮਜਬੂਤ ਕਰਨ ਅਤੇ ਆਰਥਿਕ ਪਿਛੋਕੜ ਤੋਂ ਉੱਪਰ ਉੱਠ ਕੇ ਮਿਆਰੀ ਸਿੱਖਿਆ ਤੱਕ ਪਹੁੰਚ ਵਧਾਉਣ ਲਈ ਕੀਤੇ ਗਏ ਨਿਰੰਤਰ ਯਤਨਾਂ ਨੂੰ ਦਿੱਤਾ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਡਿਗਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਵਾਈਸ ਚਾਂਸਲਰ ਡਾ. ਅਰਵਿੰਦ ਕੁਮਾਰ ਬਾਂਸਲ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

**ਭਾਰਤ ਦੁਨੀਆ ਦੇ...**

ਸਾਫ਼ ਊਰਜਾ ਸਮਰੱਥਾ ਦਾ ਜ਼ਿਕਰ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਘਰੇਲੂ ਸਮਰੱਥਾਵਾਂ ਸਮਾਵੇਸ਼ੀ ਵਿਕਾਸ ਨੂੰ ਉਤਸ਼ਾਹਿਤ ਕਰ ਸਕਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਭਾਰਤ ਡਿਜੀਟਲ ਪਛਾਣ, ਭੁਗਤਾਨ ਅਤੇ ਜਨਤਕ ਉਨ੍ਹਾਂ ਚੇਤਾਵਨੀ ਦਿੱਤੀ ਕਿ ਸਪਲਾਈ ਚੇਨ, ਊਰਜਾ, ਮਹੱਤਵਪੂਰਨ ਖਣਿਜ, ਭੁਗਤਾਨ ਪ੍ਰਣਾਲੀਆਂ ਅਤੇ ਤਕਨਾਲੋਜੀ ਨੂੰ ਭੂ-ਰਾਜਨੀਤਿਕ ਦਬਾਅ ਪਾਉਣ ਲਈ ਔਜ਼ਾਰਾਂ ਵਜੋਂ ਵਧਦੀ ਜਾ ਰਹੀ ਹੈ। ਇਸ ਸੰਦਰਭ ਵਿੱਚ, ਭਰੋਸੇਯੋਗ ਭਾਈਵਾਲਾਂ ਅਤੇ ਮਜ਼ਬੂਤ ਆਰਥਿਕ ਪ੍ਰਣਾਲੀਆਂ ਦੀ ਮਹੱਤਤਾ ਵਧੀ ਹੈ। ਇਹ ਸਾਰੇ ਦਬਾਅ ਪਾਉਣ ਅਤੇ ਦੂਜਿਆਂ ਨੂੰ ਝੁਕਣ ਲਈ ਮਜਬੂਰ ਕਰਨ ਦੇ ਸਾਧਨ ਬਣ ਰਹੇ ਹਨ, ਉਨ੍ਹਾਂ ਟਿੱਪਣੀ ਕੀਤੀ।

**ਈ.ਡੀ. ਵੱਲੋਂ...**

ਪ੍ਰਸ਼ਾਸਨਿਕ ਮਨਜ਼ੂਰੀਆਂ, ਗੁਪਤ ਸਰਕਾਰੀ ਦਸਤਾਵੇਜ਼ਾਂ ਤੱਕ ਪਹੁੰਚ ਅਤੇ ਹੋਰ ਅਧਿਕਾਰਤ ਫੈਸਲਿਆਂ ਵਿੱਚ ਕਥਿਤ ਅਨਿਯਮਤਤਾਵਾਂ ਨੂੰ ਉਜਾਗਰ ਕੀਤਾ ਗਿਆ ਸੀ। ਇਹ ਦੋਸ਼ ਸਰਕਾਰੀ ਰਿਆਇਤਾਂ ਦੇਣ ਦੇ ਬਦਲੇ ਵਿੱਤੀ ਜਾਂ ਹੋਰ ਲਾਭਾਂ ਦੇ ਕਥਿਤ ਲੈਣ-ਦੇਣ ਨਾਲ ਸੰਬੰਧਿਤ ਹਨ।

**ਅਸੀਂ ਗਿਆਨੇਸ਼ ਕੁਮਾਰ...**

ਕਿਹਾ ਕਿ ਵਿਰੋਧੀ ਧਿਰ ਲੋਕਤੰਤਰੀ ਪ੍ਰਕਿਰਿਆ ਨੂੰ ਬਹਾਲ ਕਰਨ ਲਈ ਅੰਤ ਤੱਕ ਲੜਾਈ ਲੜੇਗੀ। ਅੱਠ ਦਿਨਾਂ ਦੇ ਅੰਦਰ ਵਿਰੋਧੀ ਧਿਰ ਦੇ ਆਗੂਆਂ ਦੀ ਇਹ ਛੇਵੀਂ ਮੀਟਿੰਗ ਸੀ। ਇਸ ਵਿੱਚ ਸੁਪ੍ਰਿਆ ਸੁਲੇ, ਡੀ. ਰਾਜਾ, ਤੇਜਸਵੀ ਯਾਦਵ, ਮਲਿਕਾਰਜੁਨ ਖੜਗੇ ਅਤੇ ਕਾਂਗਰਸੀ ਸੰਸਦ ਮੈਂਬਰ ਕੇ. ਸੁਰੇਸ਼ ਸਮੇਤ ਹੋਰ ਆਗੂ ਸ਼ਾਮਲ ਸਨ। ਸੀਪੀਆਈ (ਐਮ) ਦੇ ਆਗੂ ਐਮ.ਏ. ਬੇਬੀ ਨੇ ਟਿੱਪਣੀ ਕੀਤੀ ਕਿ ਭਾਜਪਾ ਵੋਟਾਂ, ਵਿਰੋਧ ਪ੍ਰਦਰਸ਼ਨ ਕਰਨ ਲਈ ਥਾਂਵਾਂ ਅਤੇ ਖੁਦ ਲੋਕਤੰਤਰ ਨੂੰ ਖੋਹ ਰਹੀ ਹੈ।

**ਰਾਹੁਲ ਗਾਂਧੀ ਸਮੇਤ...**

ਦਰਜ ਕੀਤੀਆਂ ਗਈਆਂ ਹਨ। ਪੁਲੀਸ ਅਨੁਸਾਰ ਪ੍ਰਦਰਸ਼ਨ ਦੌਰਾਨ ਬੈਰੀਕੇਡ ਤੋੜਨ ਲਈ ਇੱਕ ਮਿੰਨੀ ਟਰੱਕ ਦੀ ਵਰਤੋਂ ਕੀਤੀ ਗਈ ਸੀ। ਇਸ ਤੋਂ ਇਲਾਵਾ, ਤਿਲਕ ਮਾਰਗ ਵਾਲੀ ਐੱਫ.ਆਈ.ਆਰ. ਉਨ੍ਹਾਂ ਪ੍ਰਦਰਸ਼ਨਕਾਰੀਆਂ ਨਾਲ ਸਬੰਧਤ ਹੈ ਜੋ ਸੁਪਰੀਮ ਕੋਰਟ ਦੇ ਅਹਾਤੇ ਵਿੱਚ ਦਾਖ਼ਲ ਹੋ ਗਏ ਸਨ। ਇਸ ਵਿੱਚ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਸਮੇਤ ਕਈ ਹੋਰ ਪ੍ਰਮੁੱਖ 'ਇੰਡੀਆ' ਗਠਜੋੜ ਦੇ ਆਗੂਆਂ ਦੇ ਨਾਮ ਸ਼ਾਮਲ ਕੀਤੇ ਗਏ ਹਨ।

**ਸੀ.ਜੇ.ਪੀ. ਆਗੂ...**

ਦੀਪਕੇ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਪੋਸਟ ਰਾਹੀਂ ਦੱਸਿਆ ਕਿ ਪਾਰਟੀ ਦੇ ਆਗੂਆਂ ਅਜਿੰਕਿਆ ਸ਼ਿੰਦੇ ਸਮੇਤ ਕਈ ਹੋਰ ਟੀਮ ਮੈਂਬਰਾਂ ਨੂੰ ਵੀ ਪੁਲੀਸ ਵੱਲੋਂ ਹਿਰਾਸਤ ਵਿੱਚ ਲਿਆ ਗਿਆ ਹੈ। ਦੀਪਕੇ ਨੇ ਲਿਖਿਆ, "ਕੌਮੀ ਝੰਡੇ 'ਤਿਰੰਗੇ' ਨਾਲ ਸਾਡੇ ਸਾਥੀ ਮੰਗਲਵਾਰ ਸਵੇਰੇ ਜੰਤਰ-ਮੰਤਰ ਵਿੱਚ ਦਾਖ਼ਲ ਹੋਏ ਸਨ, ਜਿਸ ਤੋਂ ਬਾਅਦ ਦਿੱਲੀ ਪੁਲੀਸ ਨੇ ਉਨ੍ਹਾਂ ਨੂੰ ਚੁੱਕ ਲਿਆ।"ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਟੈਗ ਕਰਦਿਆਂ ਉਨ੍ਹਾਂ ਅੱਗੇ ਲਿਖਿਆ, "ਤੁਸੀਂ ਵਿਰੋਧੀਆਂ ਦੀ ਆਵਾਜ਼ ਨੂੰ ਖ਼ਤਮ ਨਹੀਂ ਕਰ ਸਕਦੇ। ਦੀਪਕੇ ਵੱਲੋਂ ਸਾਂਝੀ ਕੀਤੀ ਗਈ ਇੱਕ ਵੀਡੀਓ ਵਿੱਚ ਸੀ.ਜੇ.ਪੀ. ਦੇ ਮੈਂਬਰ ਜੰਤਰ-ਮੰਤਰ ਦਾ ਗੇਟ ਟੱਪ ਕੇ ਅੰਦਰ ਵੜਦੇ ਅਤੇ 'ਭਾਰਤ ਮਾਤਾ ਕੀ ਜੈ' ਦੇ ਨਾਅਰੇ ਲਗਾਉਂਦੇ ਨਜ਼ਰ ਆ ਰਹੇ ਹਨ, ਜਿਨ੍ਹਾਂ ਨੂੰ ਪੁਲੀਸ ਮੁਲਾਜ਼ਮ ਤੁਰੰਤ ਭੱਜ ਕੇ ਕਾਬੂ ਕਰਦੇ ਦਿਖਾਈ ਦਿੰਦੇ ਹਨ।

**ਆਈ.ਐਮ.ਐਫ. ਨੇ ...**

ਵਾਧਾ ਦਰ 4.5 ਫ਼ੀਸਦੀ ਅਤੇ ਅਮਰੀਕਾ ਦੀ 2.3 ਫ਼ੀਸਦੀ ਰਹਿਣ ਦਾ ਅਨੁਮਾਨ ਹੈ। ਆਈ.ਐਮ.ਐਫ਼. ਦੀ ਅਧਿਕਾਰੀ ਕ੍ਰਿਸਟਾਲੀਨਾ ਜੌਰਜੀਵਾ ਨੇ ਕਿਹਾ ਹੈ ਕਿ ਏ.ਆਈ. ਕਾਰਨ ਦੁਨੀਆ ਭਰ ਵਿੱਚ ਲਗਭਗ 40 ਫ਼ੀਸਦੀ ਨੌਕਰੀਆਂ 'ਤੇ ਅਸਰ ਪਵੇਗਾ। ਇਸ ਨਾਲ ਕਈ ਨੌਕਰੀਆਂ ਬਦਲ ਜਾਣਗੀਆਂ ਜਾਂ ਖ਼ਤਮ ਹੋ ਜਾਣਗੀਆਂ। ਸੰਸਥਾ ਨੇ ਸਾਰੇ ਦੇਸ਼ਾਂ ਨੂੰ ਵਧਦੇ ਕਰਜ਼ਿਆਂ ਪ੍ਰਤੀ ਸਾਵਧਾਨ ਰਹਿਣ ਦੀ ਸਲਾਹ ਦਿੱਤੀ ਹੈ।

**ਮਾਨਸਾ ਦੇ ਨਸ਼ਾ...**

ਧਰਨਾ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ ਗਿਆ ਹੈ ਅਤੇ ਕਾਤਲਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਮਾਨਸਾ ਸ਼ਹਿਰ ਦੇ ਬਾਜ਼ਾਰ ਮੁਕੰਮਲ ਤੌਰ 'ਤੇ ਬੰਦ ਕਰ ਦਿੱਤੇ ਗਏ ਹਨ। ਪ੍ਰਾਪਤ ਵੇਰਵਿਆਂ ਅਨੁਸਾਰ ਪਰਵਿੰਦਰ ਸਿੰਘ ਝੋਟਾ ਤੋਂ ਇਲਾਵਾ ਉਸ ਨਾਲ ਚਾਰ ਹੋਰ ਵਿਅਕਤੀ ਵੀ ਜ਼ਖ਼ਮੀ ਹੋਏ ਹਨ, ਜਿਨ੍ਹਾਂ ਵਿੱਚ ਬਲਜੀਤ ਸਿੰਘ (65), ਕੁਲਵਿੰਦਰ ਸਿੰਘ (42), ਹੈਪੀ ਸਿੰਘ (24) ਅਤੇ ਗੋਬਿੰਦ ਸਿੰਘ (30) ਸ਼ਾਮਲ ਹਨ। ਇਨ੍ਹਾਂ ਵਿੱਚੋਂ ਦੋ ਵਿਅਕਤੀਆਂ ਨੂੰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਣ 'ਤੇ ਬਠਿੰਡਾ ਵਿਖੇ ਰੈਫ਼ਰ ਕਰ ਦਿੱਤਾ ਗਿਆ ਹੈ।

**ਸਾਬਕਾ ਮੁੱਖ ਮੰਤਰੀ...**

ਅਤੇ ਘਟਨਾ ਦੇ ਸਾਰੇ ਵੇਰਵਿਆਂ ਦੀ ਪੁਸ਼ਟੀ ਨਹੀਂ ਹੋਈ। ਤ੍ਰਿਣਮੂਲ ਕਾਂਗਰਸ ਦੀ ਰਾਜ ਸਭਾ ਮੈਂਬਰ ਡੋਲਾ ਸੇਨ ਨੇ ਕਾਲੀਘਾਟ ਪੁਲੀਸ ਥਾਣੇ ਵਿੱਚ ਸ਼ਿਕਾਇਤ ਦਰਜ ਕਰਵਾਈ। ਉਨ੍ਹਾਂ ਨੇ ਮਮਤਾ ਬੈਨਰਜੀ ਦੀ ਸੁਰੱਖਿਆ ਵਿੱਚ ਸੰਨ੍ਹ ਲੱਗਣ 'ਤੇ ਸਵਾਲ ਉਠਾਏ ਅਤੇ ਪੁਲੀਸ ਨੂੰ ਕੁਝ ਤਸਵੀਰਾਂ ਵੀ ਸੌਂਪੀਆਂ। ਸ਼ਿਕਾਇਤ ਵਿੱਚ ਕਿਹਾ ਗਿਆ ਕਿ ਔਰਤ ਨੇ ਮਮਤਾ ਬੈਨਰਜੀ ਦੀ ਰਿਹਾਇਸ਼ ਦੇ ਬਾਹਰ ਉਨ੍ਹਾਂ ਦੇ ਨੇੜੇ ਪਹੁੰਚ ਕੇ ਹੰਗਾਮਾ ਕੀਤਾ। ਪਾਰਟੀ ਆਗੂਆਂ ਨੇ ਇਸ ਘਟਨਾ ਪਿੱਛੇ ਕਿਸੇ ਵੱਡੀ ਸਾਜ਼ਿਸ਼ ਦੀ ਸੰਭਾਵਨਾ ਬਾਰੇ ਵੀ ਚਿੰਤਾ ਪ੍ਰਗਟਾਈ ਹੈ। ਪੁਲੀਸ ਵੱਲੋਂ ਮਾਮਲੇ ਦੀ ਜਾਂਚ ਅਤੇ ਘਟਨਾ ਦੇ ਹਾਲਾਤਾਂ ਬਾਰੇ ਹੋਰ ਜਾਣਕਾਰੀ ਦੀ ਉਡੀਕ ਹੈ।

**ਸ਼ੇਅਰ ਬਾਜ਼ਾਰ 'ਚ...**

ਫ਼ੀਸਦੀ, ਟੈਕ ਮਹਿਦਰਾ 4.90 ਫ਼ੀਸਦੀ ਅਤੇ ਇੰਫੋਸਿਸ 4.44 ਫ਼ੀਸਦੀ ਚੜ੍ਹਿ ਆ। ਐਚ. ਯੂ. ਐਲ., ਟਾਈਟਨ, ਬਜਾਜ ਫਿਨਸਰਵ, ਐਸ.ਬੀ.ਆਈ., ਐਚ.ਡੀ.ਐਫ਼.ਸੀ. ਬੈਂਕ, ਐਮ. ਐਂਡ. ਐਮ. ਅਤੇ ਆਈ. ਸੀ. ਆਈ. ਸੀ. ਆਈ. ਬੈਂਕ ਵੀ ਇੰਡੈਕਸ ਨੂੰ ਉੱਪਰ ਲੈ ਕੇ ਜਾਣ ਵਾਲੇ ਮੁੱਖ ਸ਼ੇਅਰਾਂ ਵਿੱਚ ਸ਼ਾਮਲ ਸਨ। ਕੋਟਕ ਮਹਿਦਰਾ ਬੈਂਕ, ਇਟਰਨਲ ਅਤੇ ਮਾਰੂਤੀ ਪੱਛੜਨ ਵਾਲੀਆਂ ਕੰਪਨੀਆਂ ਵਿੱਚ ਰਹੇ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

# ਮੁੱਖ ਮੰਤਰੀ ਦੇ ਸਮਾਗਮ ਵਿੱਚ ਸ਼ਮੂਲੀਅਤ ਲਈ ਗੜ੍ਹਸ਼ੰਕਰ ਤੋਂ ਵੱਡੀ ਗਿਣਤੀ 'ਚ ਲੋਕ ਜਾਣਗੇ: ਚਰਨਜੀਤ ਸਿੰਘ ਚੰਨੀ

**ਪੈ.ਗਾਮ-ਏ-ਜਗਤ**
**ਗੜ੍ਹਸ਼ੰਕਰ, 13 ਅਕਤੂਬਰ**
**(ਹਰੀ ਕ੍ਰਿਸ਼ਨ ਗੰਗੜ)**



ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ 14 ਅਕਤੂਬਰ ਨੂੰ ਪਿੰਡ ਹਰਖੋਵਾਲ ਵਿਖੇ ਆਮ ਆਦਮੀ ਕਲੀਨਿਕਾਂ ਸਬੰਧੀ ਕਰਵਾਏ ਜਾ ਰਹੇ ਸੂਬਾ ਪੱਧਰੀ ਸਮਾਗਮ ਵਿੱਚ ਗੜ੍ਹਸ਼ੰਕਰ ਵਿਧਾਨ ਸਭਾ ਹਲਕੇ ਤੋਂ ਵੱਡੀ ਗਿਣਤੀ ਵਿੱਚ ਲੋਕ ਬੱਸਾਂ ਰਾਹੀਂ ਸ਼ਮੂਲੀਅਤ ਕਰਨਗੇ। ਇਸ ਸਬੰਧੀ ਆਮ ਆਦਮੀ ਪਾਰਟੀ ਦੇ ਗੜ੍ਹਸ਼ੰਕਰ ਹਲਕਾ ਸੰਗਠਨ ਇੰਚਾਰਜ ਅਤੇ ਓ.ਐਸ.ਡੀ ਚਰਨਜੀਤ ਸਿੰਘ ਚੰਨੀ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਚਰਨਜੀਤ ਸਿੰਘ ਚੰਨੀ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿਹਤ ਸੇਵਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਪਿੰਡ ਹਰਖੋਵਾਲ ਵਿਖੇ 14 ਅਕਤੂਬਰ ਨੂੰ ਸੂਬਾ ਪੱਧਰੀ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਗੜ੍ਹਸ਼ੰਕਰ ਹਲਕੇ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਪਿੰਡ ਟਿੱਬੀਆਂ, ਨੈਣਵਾ, ਪੰਡੋਰੀ, ਭਵਾਨੀਪੁਰ ਮਜ਼ਾਰੀ ਅਤੇ ਮਹਿੰਦਵਾਨੀ ਵਿਖੇ ਮੀਟਿੰਗਾਂ ਕੀਤੀਆਂ ਗਈਆਂ।

ਇਨ੍ਹਾਂ ਮੀਟਿੰਗਾਂ ਦੌਰਾਨ ਪਾਰਟੀ ਦੇ ਆਗੂਆਂ, ਵਰਕਰਾਂ ਅਤੇ ਸਥਾਨਕ ਲੋਕਾਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਸਮਾਗਮ ਵਿੱਚ ਸ਼ਮੂਲੀਅਤ ਕਰਨ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।

ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਸਮਾਗਮ ਵਿੱਚ ਲੋਕਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਲਈ ਬੱਸਾਂ ਰਾਹੀਂ ਆਵਾਜਾਈ ਦੇ ਪ੍ਰਬੰਧ ਕੀਤੇ ਜਾ ਰਹੇ ਹਨ, ਤਾਂ ਜੋ ਵੱਖ-ਵੱਖ ਪਿੰਡਾਂ ਤੋਂ ਪਹੁੰਚਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਲੋਕਾਂ ਨੂੰ ਸਮਾਗਮ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਅਤੇ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਗੜ੍ਹਸ਼ੰਕਰ ਹਲਕੇ ਦੇ ਲੋਕਾਂ ਵਿੱਚ ਇਸ ਸਮਾਗਮ ਨੂੰ ਲੈ ਕੇ ਕਾਫ਼ੀ ਉਤਸ਼ਾਹ ਕਰਨ ਵੱਖ ਵੱਖ ਪਿੰਡਾਂ ਤੋਂ ਬੱਸਾਂ, ਕਾਰਾ ਅਤੇ ਮੋਟਰਸਾਈਕਲ ਰਾਹੀਂ ਪਹੁੰਚਣ ਗਏ, ਲੋਕ ਵੱਡੀ ਗਿਣਤੀ ਵਿੱਚ ਪਹੁੰਚ ਕੇ ਪੰਜਾਬ ਸਰਕਾਰ ਵੱਲੋਂ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਹਾਸਲ ਕਰਨਗੇ ਅਤੇ ਸਮਾਗਮ ਦਾ ਹਿੱਸਾ ਬਣਨਗੇ।

ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਆਪਣੇ ਨੇੜੇ ਮੁੱਢਲੀਆਂ ਸਿਹਤ ਸਹੂਲਤਾਂ ਅਤੇ ਮੁਫ਼ਤ ਇਲਾਜ ਦੀਆਂ ਸੇਵਾਵਾਂ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ ਅਤੇ ਸਿਹਤ ਸੇਵਾਵਾਂ ਨੂੰ ਲੋਕਾਂ ਦੀ ਪਹੁੰਚ ਵਿੱਚ ਲਿਆਉਣਾ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚੋਂ ਇੱਕ ਹੈ।

ਇਸ ਮੌਕੇ ਰਾਮ ਲਾਲ, ਸਰਪੰਚ ਜੋਗਿੰਦਰ ਚੌਧਰੀ,ਪ੍ਰੇਮਪਾਲ ਬਿੱਟੂ, ਤੇਲੂ ਬਜਾੜ,ਸੁੱਚਾ ਬਜਾੜ, ਜੈ ਚੰਦ ਬੀਟਨ, ਸੋਨੂ ਬੀਟਨ, ਗੁਰਚੈਨ ਬੀਟਨ, ਰਵਿੰਦਰ (ਰਿੰਕੂ), ਸਰਪੰਚ ਸੰਜੀਵ ਕੁਮਾਰ ਭਵਾਨੀਪੁਰ ਮਜਾਰੀ, ਸਰਪੰਚ ਨਰੇਸ਼ ਮਹਿਦਵਾਨੀ, ਸਰਪੰਚ ਰੋਸ਼ਨ, ਸਰਪੰਚ ਕਰਮ ਚੰਦ, ਸੰਦੀਪ ਕੁਮਾਰ ਕੋਟ ਰਾਜਪੂਤਾਂ, ਅਸ਼ਵਨੀ ਕੁਮਾਰ ਡੰਗੋਰੀ, ਸੁੱਚਾ ਸਿੰਘ ਡੰਗੋਰੀ, ਕੁਲਦੀਪ ਕੁਮਾਰ ਮੈਰਾ, ਸਚਿਨ ਪੰਡੋਰੀ, ਤਿਲਕ ਰਾਜ ਪੰਡੋਰੀ, ਬਲਵੀਰ ਚੰਦ ਪੰਡੋਰੀ,ਸਰਪੰਚ ਬਲਜਿੰਦਰ ਅਟਵਾਲ ਨੈਨਵਾ, ਸਨੀ ਪਦਰਾਣਾ, ਅਤੇ ਹੋਰ ਪਾਰਟੀ ਵਰਕਰ ਸ਼ਾਮਿਲ ਸਨ।

# ਚਰਨਛੋਹ ਗੰਗਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ ਲਈ ਤਿਆਰੀਆਂ ਆਰੰਭ : ਸੰਤ ਸੁਰਿੰਦਰ ਦਾਸ

- **ਗੁਰੂ ਰਵਿਦਾਸ ਮਹਾਰਾਜ ਜੀ ਦਾ 650 ਸਾਲਾ ਗੁਰਪੁਰਬ ਪ੍ਰਬੰਧਕ ਕਮੇਟੀ ਵਲੋਂ ਸਿਰਫ਼ ਫ਼ਰਵਰੀ 'ਚ ਹੀ ਹੋਵੇਗਾ : ਨਾਜਰ ਰਾਮ ਮਾਨ, ਜਗਦੀਸ਼ ਕੁਮਾਰ**

**ਪੈ.ਗਾਮ-ਏ-ਜਗਤ**
**ਨਵਾਂਸ਼ਹਿਰ, 13 ਅਕਤੂਬਰ**
**(ਗੁਰਬਖ਼ਸ਼ ਸਿੰਘ ਮਹੇ)**



ਫ਼ਰਵਰੀ 2027 'ਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਉਣ ਲਈ ਪਵਿੱਤਰ ਅਸਥਾਨ ਚਰਨਛੋਹ ਗੰਗਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਵੱਡੇ ਪੱਧਰ 'ਤੇ ਤਿਆਰੀਆਂ ਆਰੰਭ ਕਰ ਦਿੱਤੀਆਂ ਗਈਆਂ ਹਨ।

ਜਿਸ ਦੀ ਸ਼ੁਰੂਆਤ 65 ਵਾਈ 200 ਫੁੱਟ ਲੰਬੀ ਚੌੜੀ ਸ਼ੈਡ ਦਾ ਨਿਰਮਾਣ ਕਰਕੇ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਕਮੇਟੀ ਦੇ ਪ੍ਰਧਾਨ ਸੰਤ ਸੁਰਿੰਦਰ ਦਾਸ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਪਾਵਨ ਸਮਾਗਮ ਨੂੰ ਯਾਦਗਾਰੀ ਬਣਾਉਣ ਲਈ ਪ੍ਰਬੰਧਕਾਂ, ਸੇਵਾਦਾਰਾਂ ਅਤੇ ਸੰਗਤਾਂ ਵੱਲੋਂ ਵੱਖ-ਵੱਖ ਸੇਵਾਵਾਂ ਸੰਭਾਲੀਆਂ ਜਾ ਰਹੀਆਂ ਹਨ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 650 ਸਾਲਾ ਪ੍ਰਕਾਸ਼ ਪੁਰਬ ਸਮੁੱਚੇ ਆਦਿ ਧਰਮੀ ਸਮਾਜ ਅਤੇ ਗੁਰੂ ਮਹਾਰਾਜ ਜੀ ਦੀ ਵਿਚਾਰਧਾਰਾ ਨਾਲ ਜੁੜੀਆਂ ਸੰਗਤਾਂ ਲਈ ਵਿਸ਼ੇਸ਼ ਮਹੱਤਵ ਰੱਖਦਾ ਹੈ। ਇਸ ਇਤਿਹਾਸਕ ਮੌਕੇ ਨੂੰ ਸਮਰਪਿਤ ਹੋਣ ਵਾਲੇ ਸਮਾਗਮਾਂ ਦੌਰਾਨ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਦੇ ਚਰਨਛੋਹ ਗੰਗਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਦੀ ਉਮੀਦ ਹੈ। ਇਸ ਨੂੰ ਧਿਆਨ ਵਿਚ ਰੱਖਦਿਆਂ ਸੰਗਤਾਂ ਦੀ ਸਹੂਲਤ ਲਈ ਲੰਗਰ, ਪੀਣ ਵਾਲੇ ਪਾਣੀ, ਵਾਹਨਾਂ ਦੀ ਪਾਰਕਿੰਗ, ਸਫ਼ਾਈ, ਰਿਹਾਇਸ਼ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਸਬੰਧੀ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਪ੍ਰਬੰਧਕਾਂ ਵੱਲੋਂ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸੇਵਾਦਾਰਾਂ ਦੀਆਂ ਵੱਖ-ਵੱਖ ਟੀਮਾਂ ਬਣਾਉਣ ਅਤੇ ਸੰਗਤਾਂ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਲੋੜੀਂਦੇ ਪ੍ਰਬੰਧ ਕਰਨ ਉੱਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਕਮੇਟੀ ਦੇ ਚੇਅਰਮੈਨ ਸ੍ਰੀ ਨਾਜਰ ਰਾਮ ਮਾਨ ਅਤੇ ਰਾਜਨੀਤਿਕ ਵਿੰਗ ਨਾਲ ਸਬੰਧਤ ਸਵਾਗਤੀ ਕਮੇਟੀ ਦੇ ਇੰਚਾਰਜ ਜਗਦੀਸ਼ ਕੁਮਾਰ ਨੇ ਆਖਿਆ ਕਿ ਸੰਗਤ ਵਲੋਂ ਬੇਸ਼ੱਕ ਹਰ ਹਫ਼ਤੇ ਕੋਈ ਨਾ ਕੋਈ ਸਮਾਗਮ ਚਰਨਛੋਹ ਗੰਗਾ ਵਿਖੇ ਕੀਤਾ ਜਾਂਦਾ ਹੈ ਜਿਨ੍ਹਾਂ ਲਈ ਕਮੇਟੀ ਵਲੋਂ ਲੰਗਰ ਆਦਿ ਦੇ ਪ੍ਰਬੰਧ ਕੀਤੇ ਜਾਂਦੇ ਹਨ ਪਰ ਕਮੇਟੀ ਵਲੋਂ ਵੱਡਾ ਸਮਾਗਮ 31 ਦਸੰਬਰ 2026 ਦੀ ਰਾਤ ਅਤੇ 1 ਜਨਵਰੀ 2027 ਨੂੰ ਹੋਵੇਗਾ ਅਤੇ 650 ਸਾਲਾ ਗੁਰਪੁਰਬ ਪ੍ਰਬੰਧਕ ਕਮੇਟੀ ਵਲੋਂ ਫ਼ਰਵਰੀ 'ਚ ਕਰਵਾਇਆ ਜਾਵੇਗਾ ਇਸ ਤੋਂ ਇਲਾਵਾ ਕਮੇਟੀ ਦਾ ਆਪਣਾ ਕੋਈ ਪ੍ਰੋਗਰਾਮ ਨਹੀਂ ਹੋਵੇਗਾ। ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਧਾਰਮਿਕ ਦੀਵਾਨ ਸਜਾਏ ਜਾਣਗੇ ਅਤੇ ਗੁਰੂ ਮਹਾਰਾਜ ਜੀ ਦੀ ਬਾਣੀ, ਉਪਦੇਸ਼ਾਂ ਅਤੇ ਮਨੁੱਖਤਾ ਨੂੰ ਦਿੱਤੇ ਬਰਾਬਰੀ, ਭਾਈਚਾਰੇ ਅਤੇ ਆਪਸੀ ਸਾਂਝ ਦੇ ਸੰਦੇਸ਼ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਜਾਵੇਗਾ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਆਪਣੀ ਪਵਿੱਤਰ ਬਾਣੀ ਰਾਹੀਂ ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਵਿਤਕਰੇ ਦਾ ਵਿਰੋਧ ਕਰਦਿਆਂ ਸਮਾਨਤਾ, ਕਿਰਤ, ਸੱਚ ਅਤੇ ਮਨੁੱਖੀ ਏਕਤਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਵੱਲੋਂ ਦਰਸਾਇਆ ਗਿਆ 'ਬੇਗਮਪੁਰਾ' ਦਾ ਸੰਕਲਪ ਅੱਜ ਵੀ ਇੱਕ ਅਜਿਹੇ ਸਮਾਜ ਦੀ ਪ੍ਰੇਰਣਾ ਦਿੰਦਾ ਹੈ, ਜਿੱਥੇ ਕਿਸੇ ਨਾਲ ਭੇਦਭਾਵ ਨਾ ਹੋਵੇ ਅਤੇ ਹਰ ਮਨੁੱਖ ਨੂੰ ਬਰਾਬਰ ਸਤਿਕਾਰ ਤੇ ਅਧਿਕਾਰ ਪ੍ਰਾਪਤ ਹੋਣ। ਪ੍ਰਬੰਧਕਾਂ ਨੇ ਸਮੂਹ ਸੰਗਤਾਂ ਨੂੰ 650 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਵਿਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਅਤੇ ਤਨ, ਮਨ ਤੇ ਧਨ ਨਾਲ ਸੇਵਾ ਵਿਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਹੈ। ਚਰਨਛੋਹ ਗੰਗਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸ਼ੁਰੂ ਹੋਈਆਂ ਤਿਆਰੀਆਂ ਨਾਲ ਸੰਗਤਾਂ ਵਿਚ ਭਾਰੀ ਉਤਸ਼ਾਹ ਅਤੇ ਸ਼ਰਧਾ ਦਾ ਮਾਹੌਲ ਬਣਿਆ ਹੋਇਆ ਹੈ। ਇਸ ਮੌਕੇ ਤੇ ਉਨ੍ਹਾਂ ਨਾਲ ਸੰਤ ਗਿਰਧਾਰੀ ਲਾਲ, ਬਾਬਾ ਦਿਆਲ ਚੰਦ ਬੰਗਾ, ਸੰਤ ਕਰਮ ਚੰਦ, ਮਨਜੀਤ ਮੁੱਗੋਵਾਲ, ਸੁਖਚੈਨ ਸਿੰਘ ਕਾਲਾ ਸਮੇਤ ਹੋਰ ਬਹੁਤ ਸਾਰੇ ਆਗੂ ਤੇ ਵਰਕਰ ਹਾਜ਼ਰ ਸਨ।

# ਦੇਸ਼ ਨੂੰ ਫਿਰ ਓਲੰਪੀਅਨ ਜਰਨੈਲ ਸਿੰਘ ਪਨਾਮ ਜਿਹੇ ਮਹਾਨ ਫੁੱਟਬਾਲ ਖਿਲਾੜੀਆਂ ਦੀ ਲੋੜ: ਗੁਰਦੇਵ ਗਿੱਲ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**



ਪੰਜਾਬ ਫੁੱਟਬਾਲ ਐਸੋਸੀਏਸ਼ਨ ਲਗਾਤਾਰ ਫੁੱਟਬਾਲ ਦੇ ਸੁਧਾਰ ਲਈ ਯਤਨਸ਼ੀਲ ਹੈ ਸਮੇਂ-ਸਮੇਂ ਤੇ ਪੂਰੇ ਸੂਬੇ 'ਚ ਛੋਟੇ ਬੱਚਿਆਂ ਤੋਂ ਲੈ ਕੇ ਸੀਨੀਅਰ ਖਿਲਾੜੀਆਂ ਲੜਕੇ ਤੇ ਲੜਕੀਆਂ ਦੋਵਾਂ ਦੇ ਸਿਖਲਾਈ ਕੈਂਪ ਤੇ ਖੇਡ ਮੁਕਾਬਲੇ ਕਰਵਾਏ ਜਾਂਦੇ ਹਨ।

ਇਸੇ ਤਹਿਤ ਪੰਜਾਬ ਫੁੱਟਬਾਲ ਲੀਗ ਦੇ 2 ਡਿਵੀਜ਼ਨ ਦੇ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਪੂਰੇ ਸੂਬੇ ਦੇ ਉੱਭਰਦੇ ਖਿਲਾੜੀਆਂ ਨੇ ਹਿੱਸਾ ਲਿਆ। 13-10-2026 ਨੂੰ ਭਾਰਤੀ ਫੁੱਟਬਾਲ ਦੇ ਬਾਬਾ ਬੋਹੜ ਸਰਦਾਰ ਜਰਨੈਲ ਸਿੰਘ ਪਨਾਮ ਜੀ ਦੇ ਸਦੀਵੀ ਵਿਛੋੜੇ ਨੂੰ ਸਮਰਪਿਤ ਮੈਚ ਮਾਹਿਲਪੁਰ ਤੇ ਗੜ੍ਹਸੰਕਰ ਦੀਆਂ ਟੀਮਾਂ ਵਿਚਕਾਰ ਬੱਬਰ ਅਕਾਲੀ ਮੈਮੋਰੀਅਲ ਦੇ ਖੇਡ ਮੈਦਾਨ ਓਲੰਪੀਅਨ ਜਰਨੈਲ ਸਿੰਘ ਸਟੇਡੀਅਮ 'ਚ ਕਰਵਾਇਆ ਗਿਆ। ਜਿਸ ਵਿੱਚ ਅਰਜਨਾ ਐਵਾਰਡੀ ਫੁੱਟਬਾਲਰ ਸਰਦਾਰ ਗੁਰਦੇਵ ਸਿੰਘ ਗਿੱਲ ਜੀ ਸਰਪ੍ਰਸਤ ਫੁੱਟਬਾਲ ਪਲੇਅਰਜ਼ ਵੈਲਫੇਅਰ ਸੁਸਾਇਟੀ ਮਾਹਿਲਪੁਰ ਉਚੇਚੇ ਤੌਰ ਤੇ ਆਪਣੇਂ ਆਦਰਸ਼ ਤੇ ਦੇਸ਼ ਦੇ ਫੁੱਟਬਾਲ ਨੂੰ ਵਿਸ਼ਵ ਪੱਧਰ ਤੇ ਪਹੁੰਚਾਉਣ ਵਾਲੇ ਓਲੰਪੀਅਨ ਸਰਦਾਰ ਜਰਨੈਲ ਸਿੰਘ ਜੀ ਨੂੰ ਸ਼ਰਧਾਂਜਲੀ ਭੇਂਟ ਕਰਨ ਪੂਰੇ ਸੁਸਾਇਟੀ ਮੈਂਬਰਾਂ ਸਮੇਤ ਪਹੁੰਚੇ ਮੈਚ ਦੀ ਸ਼ੁਰੂਆਤ ਤੋਂ ਪਹਿਲਾਂ ਪਹੁੰਚੀਆਂ ਸਾਰੀਆਂ ਮਾਨਯੋਗ ਸ਼ਖ਼ਸੀਅਤਾਂ ਨੇ ਸਰਦਾਰ ਜਰਨੈਲ ਸਿੰਘ ਜੀ ਨੂੰ ਸ਼ਰਧਾਂਜਲੀ ਭੇਂਟ ਕੀਤੀ।

ਮੈਚ ਦਾ ਉਦਘਾਟਨ ਅਰਜਨਾ ਐਵਾਰਡੀ ਸਰਦਾਰ ਗੁਰਦੇਵ ਸਿੰਘ ਜੀ ਗਿੱਲ ਸਾਹਿਬ ਤੇ ਕਾਲਜ ਦੇ ਪ੍ਰਿੰਸੀਪਲ ਸਾਹਿਬ ਅਮਨਦੀਪ ਕੌਰ ਹੀਰਾ ਜੀ ਨੇ ਸਾਂਝੇ ਤੌਰ ਤੇ ਕੀਤਾ। ਦੋਹਾਂ ਹੀ ਟੀਮਾਂ ਵਲੋਂ ਬਹੁਤ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਗਿਆ।

ਮਾਹਿਲਪੁਰ ਦੀ ਟੀਮ ਨੇ ਗੜ੍ਹਸ਼ੰਕਰ ਦੀ ਟੀਮ ਨੂੰ 4-2 ਦੇ ਫਰਕ ਨਾਲ ਜਿੱਤਿਆ। ਫੁੱਟਬਾਲ ਵੈਲਫੇਅਰਜ ਸੁਸਾਇਟੀ ਮਾਹਿਲਪੁਰ ਦੇ ਵਲੋਂ ਦੋਵਾਂ ਟੀਮਾਂ ਦੇ ਵਧੀਆ ਖਿਡਾਰੀਆਂ ਮਾਹਿਲਪੁਰ ਦੇ ਹਰਮਨ ਸਿੰਘ ਭੁੱਲਰ ਤੇ ਗੜ੍ਹਸੰਕਰ ਦੇ ਜਸਕਰਨ ਸਿੰਘ ਜੱਗਾ ਦਾ ਟਰਾਫੀ ਤੇ ਨਕਦ ਰਾਸ਼ੀ ਦੇ ਕੇ ਤੇ ਕੋਚਾਂ ਨੂੰ ਦੁਸ਼ਾਲੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਯੋਗ ਰਾਜ ਗੰਭੀਰ ਜੀ,ਰਾਕੇਸ਼ ਕੁਮਾਰ ਪਨਾਮ, ਰਾਣਾ ਸਲਿੰਦਰ ਸਿੰਘ ਡੀ ਪੀ, ਦਲਜੀਤ ਸਿੰਘ ਬਿੱਟੂ,ਯਸ਼ਪਾਲ ਜੱਸੀ, ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਸੰਦੀਪ ਸੈਣੀ ਵਿੱਕੀ, ਸਰਪੰਚ ਕੁਲਦੀਪ ਸਿੰਘ, ਜਸਵਿੰਦਰ ਸਿੰਘ ਬੰਗਾ, ਮਨਜਿੰਦਰ ਸਿੰਘ, ਹਰਦੀਪ ਗਿੱਲ,ਵੇਦ ਪ੍ਰਕਾਸ਼, ਰਾਮਪਾਲ, ਇਕਬਾਲ ਸਿੰਘ ਖੇੜਾ, ਮਨਜੀਤ ਸਿੰਘ ਕੋਚ,ਪ੍ਰਮੋਦ ਰਾਣਾ, ਸੰਜੀਵ ਕੁਮਾਰ,ਰਾਜ ਕੁਮਾਰ,ਸਨੀ ਖਾਲੜਾ, ਚਰਨਜੀਤ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਨਾਮੀ ਖਿਡਾਰੀ ਤੇ ਖੇਡ ਪ੍ਰੇਮੀ ਹਾਜ਼ਰ ਸਨ। ਇਸ ਮੌਕੇ ਅਰਜਨਾ ਐਵਾਰਡੀ ਗੁਰਦੇਵ ਸਿੰਘ ਜੀ ਗਿੱਲ ਨੇ ਖਿਲਾੜੀਆਂ ਨੂੰ ਸਰਦਾਰ ਜਰਨੈਲ ਸਿੰਘ ਜੀ ਵਰਗੇ ਮਹਾਨ ਖਿਲਾੜੀ ਬਣਨ ਤੇ ਦੇਸ਼ ਦਾ ਨਾਂ ਰੌਸ਼ਨ ਕਰਨ ਲਈ ਆਸ਼ੀਰਵਾਦ ਦਿੱਤਾ।

# ਖਰੜ ਦੇ ਪਿੰਡ ਰੋੜਾ ਅਤੇ ਸਿੱਲ ਵਿਖੇ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਗਈ

**ਖਰੜ, 13 ਅਕਤੂਬਰ**
**(ਪੈ.ਗਾਮ-ਏ-ਜਗਤ)**



ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉਨ੍ਹਾਂ ਦੇ ਜੀਵਨ, ਸਿੱਖਿਆਵਾਂ ਅਤੇ ਸਮਾਜ ਨੂੰ ਦਿੱਤੀ ਮਹਾਨ ਦੇਣ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਲਈ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਖਰੜ ਬਲਾਕ ਦੇ ਪਿੰਡ ਰੋੜਾ ਅਤੇ ਸਿੱਲ ਵਿਖੇ ਐੱਲ.ਈ.ਡੀ. ਸਕਰੀਨ ਰਾਹੀਂ 30 ਮਿੰਟ ਦੀ ਵਿਸ਼ੇਸ਼ ਦਸਤਾਵੇਜ਼ੀ ਫ਼?ਲਮ ਦਿਖਾਈ ਗਈ।

ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਰਵਾਏ ਜਾ ਰਹੇ ਇਸ ਉਪਰਾਲੇ ਦਾ ਉਦੇਸ਼ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ ਅਤੇ ਉਨ੍ਹਾਂ ਦੀਆਂ ਮਹਾਨ ਸਿੱਖਿਆਵਾਂ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣਾ ਹੈ, ਤਾਂ ਜੋ ਲੋਕ ਉਨ੍ਹਾਂ ਦੇ ਵਿਚਾਰਾਂ ਤੋਂ ਪ੍ਰੇਰਨਾ ਲੈ ਸਕਣ। ਉਨ੍ਹਾਂ ਕਿਹਾ ਕਿ ਦਸਤਾਵੇਜ਼ੀ ਫ਼ਿਲਮ ਰਾਹੀਂ ਸੰਗਤ ਨੂੰ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀ ਬਾਣੀ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਸੰਦੇਸ਼ ਨਾਲ ਜਾਣੂ ਕਰਵਾਇਆ ਗਿਆ। ਗੁਰੂ ਸਾਹਿਬ ਨੇ ਆਪਣੀ ਬਾਣੀ ਅਤੇ ਵਿਚਾਰਾਂ ਰਾਹੀਂ ਸਮਾਜ ਵਿੱਚ ਬਰਾਬਰਤਾ, ਆਪਸੀ ਸਾਂਝ, ਭਾਈਚਾਰੇ ਅਤੇ ਮਾਨਵਤਾ ਦੇ ਸਤਿਕਾਰ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀਆਂ ਸਿੱਖਿਆਵਾਂ ਮਨੁੱਖ ਨੂੰ ਜਾਤ-ਪਾਤ, ਭੇਦਭਾਵ ਅਤੇ ਸਮਾਜਿਕ ਵੰਡ ਤੋਂ ਉੱਪਰ ਉੱਠ ਕੇ ਸਾਰਿਆਂ ਨਾਲ ਬਰਾਬਰੀ ਅਤੇ ਸਤਿਕਾਰ ਵਾਲਾ ਵਿਹਾਰ ਕਰਨ ਦੀ ਪ੍ਰੇਰਨਾ ਦਿੰਦੀਆਂ ਹਨ।

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਉਪਰਾਲਾ ਪਿੰਡ ਪੱਧਰ 'ਤੇ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਫ਼ਲਸਫ਼ੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ। ਐੱਲ.ਈ.ਡੀ. ਸਕਰੀਨ ਰਾਹੀਂ ਦਿਖਾਈ ਜਾ ਰਹੀ ਇਸ ਵਿਸ਼ੇਸ਼ ਡਾਕੂਮੈਂਟਰੀ ਨਾਲ ਲੋਕਾਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਮੌਕਾ ਮਿਲ ਰਿਹਾ ਹੈ।

# ਨਸ਼ਿਆਂ ਵਿਰੁੱਧ ਜੰਗ ਦੇ ਦਾਅਵਿਆਂ ਦੀ ਅਸਲੀਅਤ ਪਰਵਿੰਦਰ ਸਿੰਘ ਝੋਟਾ ਦੇ ਕਤਲ ਨੇ ਉਜਾਗਰ ਕੀਤੀ : ਐਡਵੋਕੇਟ ਰੋਹਿਤ ਜੋਸ਼ੀ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**



ਪੰਜਾਬ ਦੇ ਮਾਨਸਾ ਜ਼ਿਲ੍ਹੇ ਵਿੱਚ ਪਰਵਿੰਦਰ ਸਿੰਘ ਝੋਟਾ ਦੀ ਹਮਲੇ ਦੌਰਾਨ ਹੋਈ ਹੱਤਿਆ ਦੀ ਘਟਨਾ ਨੇ ਸੂਬੇ ਦੀ ਕਾਨੂੰਨ ਵਿਵਸਥਾ ਅਤੇ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਸੀਨੀਅਰ ਕਾਂਗਰਸੀ ਆਗੂ ਐਡਵੋਕੇਟ ਰੋਹਿਤ ਜੋਸ਼ੀ ਨੇ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਪੰਜਾਬ ਸਰਕਾਰ ਨੂੰ ਘੇਰਿਆ ਉਨ੍ਹਾਂ ਕਿਹਾ ਕਿ ਜੇਕਰ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕ ਹੀ ਸੁਰੱਖਿਅਤ ਨਹੀਂ ਹਨ ਤਾਂ ਆਮ ਪੰਜਾਬੀਆਂ ਦੀ ਜਾਨ-ਮਾਲ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਕੌਣ ਨਿਭਾਏਗਾ?

ਐਡਵੋਕੇਟ ਰੋਹਿਤ ਜੋਸ਼ੀ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਵੱਡੇ ਪੱਧਰ 'ਤੇ ਪ੍ਰਚਾਰ ਕੀਤਾ ਜਾ ਰਿਹਾ ਹੈ, ਪਰ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਵਰਗੀਆਂ ਘਟਨਾਵਾਂ ਸਰਕਾਰ ਦੇ ਦਾਅਵਿਆਂ ਅਤੇ ਜ਼ਮੀਨੀ ਹਕੀਕਤ ਵਿਚਲੇ ਪਾੜੇ ਨੂੰ ਉਜਾਗਰ ਕਰਦੀਆਂ ਹਨ। ਉਨ੍ਹਾਂ ਸਵਾਲ ਕੀਤਾ ਕਿ ਜਦੋਂ ਸਰਕਾਰ ਨਸ਼ਿਆਂ ਦੇ ਖ਼ਾਤਮੇ ਲਈ ਵੱਡੇ-ਵੱਡੇ ਦਾਅਵੇ ਕਰ ਰਹੀ ਹੈ ਤਾਂ ਫਿਰ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਅਨਸਰਾਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਿਉਂ ਯਕੀਨੀ ਨਹੀਂ ਬਣਾਈ ਜਾ ਰਹੀ? ਨਸ਼ਿਆਂ ਦੇ ਮਾੜੇ ਪ੍ਰਭਾਵਾਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਨੂੰ ਸੁਰੱਖਿਆ ਦੇਣ ਲਈ ਸਰਕਾਰ ਕੋਲ ਕੀ ਪ੍ਰਬੰਧ ਹਨ?

ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਪਹਿਲਾਂ ਹੀ ਨਸ਼ਿਆਂ ਦੀ ਗੰਭੀਰ ਸਮੱਸਿਆ ਨਾਲ ਜੂਝ ਰਹੀ ਹੈ ਅਤੇ ਅਜਿਹੇ ਹਾਲਾਤ ਵਿੱਚ ਨਸ਼ਿਆਂ ਵਿਰੁੱਧ ਲੜਨ ਵਾਲੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਅਹਿਮ ਜ਼ਿੰਮੇਵਾਰੀ ਹੈ। ਜੇਕਰ ਅਜਿਹੇ ਲੋਕਾਂ 'ਤੇ ਹਮਲੇ ਹੁੰਦੇ ਹਨ ਅਤੇ ਉਨ੍ਹਾਂ ਦੀਆਂ ਜਾਨਾਂ ਚਲੀਆਂ ਜਾਂਦੀਆਂ ਹਨ ਤਾਂ ਇਹ ਸੂਬੇ ਦੀ ਸੁਰੱਖਿਆ ਵਿਵਸਥਾ ਬਾਰੇ ਗੰਭੀਰ ਚਿੰਤਾ ਪੈਦਾ ਕਰਦਾ ਹੈ।

ਐਡਵੋਕੇਟ ਜੋਸ਼ੀ ਨੇ ਕਿਹਾ ਕਿ ਜੇਕਰ ਪਰਵਿੰਦਰ ਸਿੰਘ ਝੋਟਾ ਨੂੰ ਸਮੇਂ ਸਿਰ ਪੁਲਿਸ ਸੁਰੱਖਿਆ ਮੁਹੱਈਆ ਕਰਵਾਈ ਜਾਂਦੀ ਅਤੇ ਉਨ੍ਹਾਂ ਦੀ ਸੁਰੱਖਿਆ ਸਬੰਧੀ ਸ਼ਿਕਾਇਤਾਂ ਜਾਂ ਖ਼ਤਰਿਆਂ ਨੂੰ ਗੰਭੀਰਤਾ ਨਾਲ ਲਿਆ ਜਾਂਦਾ ਤਾਂ ਸ਼ਾਇਦ ਇਸ ਦੁਖਦਾਈ ਘਟਨਾ ਨੂੰ ਟਾਲਿਆ ਜਾ ਸਕਦਾ ਸੀ। ਉਨ੍ਹਾਂ ਕਿਹਾ ਕਿ ਦਿਨ-ਦਿਹਾੜੇ ਗੋਲੀਆਂ ਚੱਲਣ ਅਤੇ ਕਤਲ ਵਰਗੀਆਂ ਘਟਨਾਵਾਂ ਨਾਲ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਹੁੰਦਾ ਹੈ। ਸਰਕਾਰ ਦੀ ਜ਼ਿੰਮੇਵਾਰੀ ਸਿਰਫ਼ ਮੁਹਿੰਮਾਂ ਦਾ ਪ੍ਰਚਾਰ ਕਰਨਾ ਨਹੀਂ, ਸਗੋਂ ਲੋਕਾਂ ਨੂੰ ਅਮਲੀ ਤੌਰ 'ਤੇ ਸੁਰੱਖਿਅਤ ਮਾਹੌਲ ਮੁਹੱਈਆ ਕਰਵਾਉਣਾ ਵੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਨਸ਼ਿਆਂ ਦੀ ਸਪਲਾਈ ਕਰਨ ਵਾਲੇ ਨੈੱਟਵਰਕਾਂ ਨੂੰ ਤੋੜਨ ਲਈ ਹੁਣ ਤੱਕ ਕੀ ਠੋਸ ਕਦਮ ਚੁੱਕੇ ਗਏ ਹਨ ਅਤੇ ਨਸ਼ਿਆਂ ਵਿਰੁੱਧ ਲੜਨ ਵਾਲੇ ਲੋਕਾਂ ਦੀ ਸੁਰੱਖਿਆ ਲਈ ਕੀ ਨੀਤੀ ਅਪਣਾਈ ਗਈ ਹੈ। ਉਨ੍ਹਾਂ ਮੰਗ ਕੀਤੀ ਕਿ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਦੀ ਨਿਰਪੱਖ ਅਤੇ ਸਮਾਂਬੱਧ ਜਾਂਚ ਕਰਵਾਈ ਜਾਵੇ, ਘਟਨਾ ਵਿੱਚ ਸ਼ਾਮਲ ਮੁਲਜ਼ਮਾਂ ਨੂੰ ਜਲਦ ਗ੍ਰਿਫ਼ਤਾਰ ਕਰਕੇ ਉਨ੍ਹਾਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।

ਐਡਵੋਕੇਟ ਰੋਹਿਤ ਜੋਸ਼ੀ ਨੇ ਪੰਜਾਬ ਸਰਕਾਰ ਨੂੰ ਸਖ਼ਤ ਲਹਿਜੇ ਵਿੱਚ ਕਿਹਾ ਕਿ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਿਰਫ਼ ਪ੍ਰਚਾਰ ਤੱਕ ਸੀਮਤ ਰੱਖਣ ਦੀ ਬਜਾਏ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਬਣਾਇਆ ਜਾਵੇ। ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ, ਪੁਲਿਸ ਦੀ ਜਵਾਬਦੇਹੀ ਅਤੇ ਆਮ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ, ਤਾਂ ਜੋ ਪੰਜਾਬ ਦੇ ਲੋਕ ਬਿਨਾਂ ਕਿਸੇ ਡਰ ਦੇ ਆਪਣੀ ਜ਼ਿੰਦਗੀ ਬਤੀਤ ਕਰ ਸਕਣ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੁਬਾਰਿਕਪੁਰ ਤੋਂ ਸ਼ਰਧਾਲੂ ਹਰਿਦੁਆਰ ਅਤੇ ਰਿਸ਼ੀਕੇਸ਼ ਲਈ ਰਵਾਨਾ

**ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਬੱਸ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ**

- **ਕਿਹਾ, ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਮੁਹੱਈਆ ਕਰਵਾਈ ਜਾ ਰਹੀ ਹੈ ਮੁਫ਼ਤ ਯਾਤਰਾ ਦੀ ਸਹੂਲਤ**

**ਡੇਰਾਬੱਸੀ, 13 ਅਕਤੂਬਰ**
**(ਪੈ.ਗਾਮ-ਏ-ਜਗਤ)**

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਯੋਜਨਾ' ਤਹਿਤ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਮੁਬਾਰਿਕਪੁਰ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਹਰਿਦੁਆਰ ਅਤੇ ਰਿਸ਼ੀਕੇਸ਼ ਦੇ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਸ਼ਰਧਾਲੂਆਂ ਵਿੱਚ ਯਾਤਰਾ ਨੂੰ ਲੈ ਕੇ ਭਾਰੀ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲੀ।

ਇਸ ਮੌਕੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਸ਼ਰਧਾਲੂਆਂ ਲਈ ਇੱਕ ਮਹੱਤਵਪੂਰਨ ਸਹੂਲਤ ਹੈ, ਜਿਸ ਰਾਹੀਂ ਲੋਕ ਬਿਨਾਂ ਕਿਸੇ ਆਵਾਜਾਈ ਦੀ ਚਿੰਤਾ ਕੀਤੇ ਆਪਣੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਸਕਦੇ ਹਨ। ਇਸ ਯੋਜਨਾ ਦਾ ਉਦੇਸ਼ ਲੋਕਾਂ ਦੀ ਆਸਥਾ ਦਾ ਸਤਿਕਾਰ ਕਰਨਾ ਅਤੇ ਉਨ੍ਹਾਂ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੀ ਯਾਤਰਾ ਕਰਨ ਦਾ ਮੌਕਾ ਪ੍ਰਦਾਨ ਕਰਨਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵੱਖ-ਵੱਖ ਲੋਕ-ਭਲਾਈ ਯੋਜਨਾਵਾਂ ਚਲਾ ਰਹੀ ਹੈ। 'ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਯੋਜਨਾ' ਵੀ ਇਸੇ ਉਦੇਸ਼ ਦਾ ਹਿੱਸਾ ਹੈ, ਜਿਸ ਤਹਿਤ ਸੰਗਤਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਯਾਤਰਾ ਦੀ ਸਹੂਲਤ ਦਿੱਤੀ ਜਾ ਰਹੀ ਹੈ, ਤਾਂ ਜੋ ਹਰ ਵਰਗ ਦੇ ਲੋਕ ਆਪਣੀ ਸ਼ਰਧਾ ਅਨੁਸਾਰ ਤੀਰਥ ਯਾਤਰਾ ਕਰ ਸਕਣ। ਵਿਧਾਇਕ ਨੇ ਕਿਹਾ ਕਿ ਧਾਰਮਿਕ ਯਾਤਰਾਵਾਂ ਮਨੁੱਖ ਨੂੰ ਆਤਮਿਕ ਸਕੂਨ ਦਿੰਦੀਆਂ ਹਨ ਅਤੇ ਸਮਾਜ ਵਿੱਚ ਸ਼ਰਧਾ, ਸਦਭਾਵਨਾ ਤੇ ਆਪਸੀ ਪਿਆਰ ਦੀ ਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਨੇ ਯਾਤਰਾ 'ਤੇ ਜਾ ਰਹੇ ਸਾਰੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਾਮਨਾ ਕੀਤੀ ਕਿ ਉਨ੍ਹਾਂ ਦੀ ਯਾਤਰਾ ਸੁਖਦ, ਸੁਰੱਖਿਅਤ ਅਤੇ ਮੰਗਲਮਈ ਹੋਵੇ ਅਤੇ ਪਰਮਾਤਮਾ ਸਭ ਦੀਆਂ ਮਨੋਕਾਮਨਾਵਾਂ ਪੂਰੀਆਂ ਕਰੇ। ਇਸ ਮੌਕੇ ਬਲਾਕ ਸੰਮਤੀ ਚੇਅਰਮੈਨ ਪ੍ਰਦੀਪ ਸਚਦੇਵਾ, ਸਿਆਸੀ ਸਲਾਹਕਾਰ ਰਾਹੁਲ ਕੌਸ਼ਿਕ, ਵਾਰਡ ਇੰਚਾਰਜ ਮਨਜੀਤ ਹੈਪੀ, ਬਲਾਕ ਪ੍ਰਧਾਨ ਗੁਰਮੀਤ ਸਿੰਘ, ਮਹਿਲਾ ਵਿੰਗ ਤੋਂ ਜਸਪਿੰਦਰ ਕੌਰ ਅਤੇ ਹੋਰ ਪਾਰਟੀ ਮੈਂਬਰ ਹਾਜ਼ਰ ਸਨ।

# ਇੰਦਰਦੀਪ ਸਿੰਘ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਖੇਡ ਕਲੱਬਾਂ ਦੇ ਪ੍ਰਧਾਨ ਨਿਯੁਕਤ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**




- **ਵਿਦਿਆਰਥੀ ਅਤੇ ਖਿਡਾਰੀ ਦੇਸ਼ ਦਾ ਸਰਮਾਇਆ ਹਨ : ਸੰਜੀਵ ਤਲਵਾੜ**

ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਅਤੇ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਸੰਜੀਵ ਤਲਵਾੜ ਵੱਲੋਂ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਅਤੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਇੰਦਰਦੀਪ ਸਿੰਘ ਨੂੰ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਖੇਡ ਕਲੱਬਾਂ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।

ਇਸ ਮੌਕੇ ਸੰਜੀਵ ਤਲਵਾੜ ਨੇ ਕਿਹਾ ਕਿ ਵਿਦਿਆਰਥੀ ਅਤੇ ਖਿਡਾਰੀ ਦੇਸ਼ ਦਾ ਸਰਮਾਇਆ ਹਨ ਅਤੇ ਕਿਸੇ ਵੀ ਦੇਸ਼ ਦੀ ਤਰੱਕੀ ਵਿੱਚ ਨੌਜਵਾਨ ਵਰਗ ਦੀ ਅਹਿਮ ਭੂਮਿਕਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ, ਅਨੁਸ਼ਾਸਨ, ਆਪਸੀ ਸਦਭਾਵਨਾ ਅਤੇ ਅਗਵਾਈ ਦੀ ਸਮਰੱਥਾ ਨੂੰ ਵਿਕਸਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀਆਂ ਹਨ। ਇਸ ਲਈ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਅਤੇ ਖੇਡ ਕਲੱਬਾਂ ਨੂੰ ਹੋਰ ਸਰਗਰਮ ਤੇ ਮਜ਼ਬੂਤ ਬਣਾਉਣਾ ਸਮੇਂ ਦੀ ਅਹਿਮ ਲੋੜ ਹੈ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਨੌਜਵਾਨਾਂ ਦੀ ਭਲਾਈ ਅਤੇ ਉਨ੍ਹਾਂ ਦੀਆਂ ਸਮਰੱਥਾਵਾਂ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਰਿਹਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇੰਦਰਦੀਪ ਸਿੰਘ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਲਗਨ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਂਦੇ ਹੋਏ ਹਲਕੇ ਦੇ ਖੇਡ ਕਲੱਬਾਂ ਵਿਚਕਾਰ ਬਿਹਤਰ ਤਾਲਮੇਲ ਸਥਾਪਤ ਕਰਨਗੇ। ਇਸ ਦੇ ਨਾਲ ਹੀ ਉਹ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਉਤਸ਼ਾਹਿਤ ਕਰਨ ਵਾਸਤੇ ਯਤਨਸ਼ੀਲ ਰਹਿਣਗੇ।

ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਇੰਦਰਦੀਪ ਸਿੰਘ ਨੇ ਪਾਰਟੀ ਦੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਵੱਲੋਂ ਪ੍ਰਗਟਾਏ ਗਏ ਵਿਸ਼ਵਾਸ 'ਤੇ ਖਰਾ ਉਤਰਨ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ। ਉਨ੍ਹਾਂ ਭਰੋਸਾ ਦਿਵਾਇਆ ਕਿ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਵਿੱਚ ਖੇਡ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ, ਖੇਡ ਕਲੱਬਾਂ ਨੂੰ ਹੋਰ ਸਰਗਰਮ ਬਣਾਉਣ ਅਤੇ ਨੌਜਵਾਨਾਂ ਨੂੰ ਉਸਾਰੂ ਕਾਰਜਾਂ ਨਾਲ ਜੋੜਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

ਇਸ ਮੌਕੇ ਅਨੁਸੂਚਿਤ ਜਾਤੀ ਵਿੰਗ ਦੇ ਸਿਟੀ ਪ੍ਰਧਾਨ ਸੰਜੀਵ ਥਾਪਰ ਤੋਂ ਇਲਾਵਾ ਵੱਖ-ਵੱਖ ਯੂਥ ਅਤੇ ਖੇਡ ਕਲੱਬਾਂ ਦੇ ਪ੍ਰਧਾਨਾਂ ਅਤੇ ਆਗੂਆਂ ਵਿੱਚ ਗੁਰਨਾਮ ਚੰਦ, ਰਮਨ ਓਬਰਾਏ, ਹਰਮਨ, ਸਾਹਿਲ, ਮੁਨੀਸ਼ ਦੁੱਗਲ, ਪੁਸ਼ਕਰ ਵਰਮਾ, ਰਾਘਵ ਸਹਿਦੇਵ, ਕਰਨ ਕੁਮਾਰ, ਰੋਹਨ, ਰਿੰਕੂ ਚੰਦ, ਅਜੈਪਾਲ, ਹਿਮਾਂਸ਼ੂ ਸ਼ਰਮਾ ਅਤੇ ਕ੍ਰਿਸ਼ ਪਾਂਡੇਈ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਏ.ਡੀ.ਸੀ. ਵੱਲੋਂ ਫਰਮ ਬਾਜ ਇੰਟਰਨੈਸ਼ਨਲ ਦਾ ਲਾਇਸੰਸ ਰੱਦ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ 13 ਅਕਤੂਬਰ,**
**(ਪੈ.ਗਾਮ-ਏ-ਜਗਤ)**

ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ, ਸ੍ਰੀਮਤੀ ਗੀਤਿਕਾ ਸਿੰਘ ਵੱਲੋਂ ਫਰਮ ਬਾਜ ਇੰਟਰਨੈਸ਼ਨਲ ਦਾ ਲਾਇਸੰਸ ਰੱਦ ਕਰ ਦਿੱਤਾ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫਰਮ ਬਾਜ ਇੰਟਰਨੈਸ਼ਨਲ ਫਰਮ ਐੱਸ.ਸੀ.ਐੱਫ. ਨੰਬਰ 68-69, ਦੂਜੀ ਮੰਜ਼ਿਲ, ਫੇਜ਼-11, ਮੋਹਾਲੀ, ਜ਼ਿਲ੍ਹਾ ਐੱਸ.ਏ.ਐੱਸ. ਦੇ ਮਾਲਕ ਸ੍ਰੀ ਲਵਪ੍ਰੀਤ ਸਿੰਘ ਪੁੱਤਰ ਸ੍ਰੀ ਤਰਲੋਕ ਸਿੰਘ ਵਾਸੀ ਹਾਊਸ ਨੰ:1337/11 ਫੇਜ-11 ਮੋਹਾਲੀ ਅਤੇ ਹੁਣ ਵਾਸੀ ਹਾਊਸ ਨੰ: 58, ਸੈਕਟਰ99, ਇਮਾਰ, ਮੋਹਾਲੀ ਨੂੰ ਕੰਸਲਟੈਂਸੀ ਦੇ ਕੰਮ ਲਈ ਲਾਇਸੰਸ ਨੰਬਰ 533/ਆਈ.ਸੀ. ਮਿਤੀ 30 ਦਸੰਬਰ 2022 ਨੂੰ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 29 ਦਸੰਬਰ 2027 ਤੱਕ ਸੀ। ਸੀਨੀਅਰ ਕਪਤਾਨ ਪੁਲਿਸ, ਐੱਸ.ਏ.ਐੱਸ. ਨਗਰ ਤੋਂ ਪ੍ਰਾਪਤ ਹੋਈ ਰਿਪੋਰਟ ਅਨੁਸਾਰ, ਫਰਮ ਅਤੇ ਇਸ ਦੇ ਮਾਲਕ ਵਿਰੁੱਧ ਥਾਣਾ ਫੇਜ਼-11, ਐੱਸ.ਏ.ਐੱਸ. ਨਗਰ ਵਿਖੇ ਮੁਕੱਦਮਾ ਨੰਬਰ 08, ਮਿਤੀ 14 ਜਨਵਰੀ 2026 ਦਰਜ ਹੋਣ ਦੀ ਜਾਣਕਾਰੀ ਸਾਹਮਣੇ ਆਈ ਸੀ।

ਇਸ ਮਾਮਲੇ ਸਬੰਧੀ ਸਬੰਧਤ ਫਰਮ ਨੂੰ ਨੋਟਿਸ ਜਾਰੀ ਕਰਕੇ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਅਤੇ ਇਸ ਤਹਿਤ ਬਣੇ ਨਿਯਮਾਂ ਅਨੁਸਾਰ ਕੀਤੇ ਗਏ ਕੰਮ ਦੀਆਂ ਮਹੀਨਾਵਾਰ ਰਿਪੋਰਟਾਂ ਮਾਰਚ 2025 ਤੋਂ ਹੁਣ ਤੱਕ ਪੇਸ਼ ਕਰਨ ਲਈ ਕਿਹਾ ਗਿਆ ਸੀ। ਇਸ ਦੇ ਨਾਲ ਹੀ ਮਹੀਨਾਵਾਰ ਸਵੈ ਘੋਸ਼ਣਾ ਫਾਰਮ ਜਮ?ਹਾਂ ਕਰਵਾਉਣ, ਛਿਮਾਹੀ ਰਿਪੋਰਟਾਂ ਸਬੰਧਤ ਵਿਭਾਗ ਨੂੰ ਭੇਜਣ ਅਤੇ ਫਰਮ ਵਿਰੁੱਧ ਦਰਜ ਮੁਕੱਦਮੇ ਸਬੰਧੀ ਆਪਣਾ ਸਪਸ਼ਟੀਕਰਨ ਪੇਸ਼ ਕਰਨ ਦੀ ਹਦਾਇਤ ਵੀ ਕੀਤੀ ਗਈ ਸੀ। ਪਰ ਦਫ਼ਤਰੀ ਹੁਕਮਾਂ ਅਨੁਸਾਰ, ਫਰਮ ਵੱਲੋਂ ਮੰਗੀਆਂ ਗਈਆਂ ਰਿਪੋਰਟਾਂ ਅਤੇ ਸਪਸ਼ਟੀਕਰਨ ਸਬੰਧਤ ਦਫ਼ਤਰ ਵਿੱਚ ਪੇਸ਼ ਨਹੀਂ ਕੀਤੇ ਗਏ। ਉਕਤ ਤੱਥਾਂ ਦੇ ਸਨਮੁੱਖ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ 2012 ਦੀ ਧਾਰਾ 6(1)(ਈ) ਦੇ ਉਪਬੰਧਾਂ ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਫਰਮ ਬਾਜ ਇੰਟਰਨੈਸ਼ਨਲ ਨੂੰ ਕੰਸਲਟੈਂਸੀ ਦੇ ਕੰਮ ਲਈ ਜਾਰੀ ਲਾਇਸੰਸ ਨੰਬਰ 533/ਆਈ.ਸੀ. ਮਿਤੀ 30 ਦਸੰਬਰ 2022 ਤੁਰੰਤ ਪ੍ਰਭਾਵ ਤੋਂ ਰੱਦ/ਕੈਂਸਲ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਐਕਟ/ਰੂਲਾਂ ਵਿੱਚ ਦਰਸਾਏ ਅਨੁਸਾਰ ਉਕਤ ਪ੍ਰਾਰਥੀ/ ਫਰਮ /ਮਾਲਕ ਦੇ ਖਿਲਾਫ ਭਵਿੱਖ ਵਿੱਚ ਜੇਕਰ ਕੋਈ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਪ੍ਰਾਰਥੀ/ਫਰਮ/ਮਾਲਕ ਹਰ ਪੱਖੋਂ ਉਸ ਦੀ ਭਰਪਾਈ ਕਰਨ ਲਈ ਖੁਦ ਜ਼ਿੰਮੇਵਾਰ ਹੋਵੇਗਾ।

# ਡੀ.ਸੀ. ਵੱਲੋਂ ਜ਼ਿਲ੍ਹਾ ਸੈਨਿਕ ਬੋਰਡ ਦੀ ਤਿਮਾਹੀ ਮੀਟਿੰਗ, ਸਾਬਕਾ ਸੈਨਿਕਾਂ ਦੀ ਭਲਾਈ ਸਕੀਮਾਂ ਦੀ ਸਮੀਖਿਆ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 13 ਅਕਤੂਬਰ**
**(ਪੈ.ਗਾਮ-ਏ-ਜਗਤ)**

ਜ਼ਿਲ੍ਹਾ ਸੈਨਿਕ ਬੋਰਡ, ਐੱਸ.ਏ.ਐੱਸ. ਨਗਰ ਦੀ ਤਿਮਾਹੀ ਮੀਟਿੰਗ ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਆਈ.ਏ.ਐੱਸ. ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਹੋਈ। ਮੀਟਿੰਗ ਦੌਰਾਨ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਅਤੇ ਵਿਭਾਗ ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ ਗਈ।

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਅਤੇ ਜ਼ਿਲ੍ਹਾ ਸੈਨਿਕ ਬੋਰਡ ਦੇ ਸਕੱਤਰ ਗਰੁੱਪ ਕੈਪਟਨ ਦਵਿੰਦਰ ਸਿੰਘ ਢਿੱਲੋਂ (ਰਿਟਾ.) ਨੇ 1 ਅਪ੍ਰੈਲ ਤੋਂ 30 ਸਤੰਬਰ 2026 ਤੱਕ ਦੀ ਪ੍ਰਗਤੀ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਪੰਜਾਬ ਅਮਲਗਾਮੇਟਿਡ ਫੰਡ ਅਧੀਨ ਸ਼ੁਰੂ ਕੀਤੀਆਂ ਨਵੀਆਂ ਭਲਾਈ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਯੋਗ ਲਾਭਪਾਤਰੀਆਂ ਤੱਕ ਇਨ੍ਹਾਂ ਦਾ ਲਾਭ ਪਹੁੰਚਾਉਣ ਲਈ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਮੀਟਿੰਗ ਵਿੱਚ ਨੌਜਵਾਨਾਂ ਨੂੰ ਭਾਰਤੀ ਫ਼ੌਜ ਵਿੱਚ ਅਫ਼ਸਰਾਂ ਅਤੇ ਸੈਨਿਕਾਂ ਵਜੋਂ ਭਰਤੀ ਹੋਣ ਲਈ ਪ੍ਰੇਰਿਤ ਕਰਨ ਬਾਰੇ ਵੀ ਚਰਚਾ ਕੀਤੀ ਗਈ। ਇਸ ਮੌਕੇ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਅਤੇ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਮੋਹਾਲੀ ਵਿੱਚ ਦਾਖ਼ਲੇ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਦੱਸਿਆ ਗਿਆ ਕਿ ਐਨ.ਡੀ.ਏ. ਵਿੱਚ ਜਾਣ ਵਾਲੇ ਕੈਡੇਟਾਂ ਨੂੰ ਇੱਕ ਲੱਖ ਰੁਪਏ ਦੀ ਹੌਸਲਾ ਅਫ਼ਜ਼ਾਈ ਰਾਸ਼ੀ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ ਜਿਸ ਸਕੂਲ ਤੋਂ ਕੈਡੇਟ ਨੇ 10+2 ਪਾਸ ਕੀਤੀ ਹੋਵੇ, ਉਸ ਸਕੂਲ ਨੂੰ ਵੀ ਇੱਕ ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਂਦੀ ਹੈ, ਜਿਸ ਲਈ ਸਕੂਲ ਅਰਜ਼ੀ ਦੇ ਸਕਦੇ ਹਨ। 7 ਦਸੰਬਰ ਨੂੰ ਮਨਾਏ ਜਾਣ ਵਾਲੇ ਹਥਿਆਰਬੰਦ ਸੈਨਾਵਾਂ ਝੰਡਾ ਦਿਵਸ ਮੌਕੇ ਜ਼ਿਲ੍ਹੇ ਵੱਲੋਂ ਵੱਧ ਤੋਂ ਵੱਧ ਫੰਡ ਇਕੱਠਾ ਕਰਨ ਬਾਰੇ ਵੀ ਵਿਚਾਰ ਕੀਤਾ ਗਿਆ। ਇਹ ਫੰਡ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਦੀ ਸਹਾਇਤਾ ਲਈ ਵਰਤਿਆ ਜਾਂਦਾ ਹੈ। ਮੀਟਿੰਗ ਵਿੱਚ ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ 11,655 ਸਾਬਕਾ ਸੈਨਿਕਾਂ ਸਮੇਤ ਕੁੱਲ 16,506 ਸਾਬਕਾ ਸੈਨਿਕ ਅਤੇ ਵੀਰ ਨਾਰੀਆਂ/ਪਰਿਵਾਰ ਹਨ। ਵਿਭਾਗ ਵੱਲੋਂ ਹਵਾਲਦਾਰ ਤੋਂ ਹੇਠਲੇ ਰੈਂਕ ਦੇ ਸੈਨਿਕਾਂ ਦੇ ਬੱਚਿਆਂ ਲਈ ਵਜ਼ੀਫ਼ਾ ਯੋਜਨਾ ਬਾਰੇ ਵੀ ਜਾਗਰੂਕਤਾ ਫੈਲਾਉਣ ਲਈ ਕਿਹਾ ਗਿਆ। ਇਸ ਤਹਿਤ ਦਸਵੀਂ, ਬਾਰ੍ਹਵੀਂ, ਗ੍ਰੈਜੂਏਸ਼ਨ ਅਤੇ ਪੋਸਟ ਗ੍ਰੈਜੂਏਸ਼ਨ ਵਿੱਚ ਕ੍ਰਮਵਾਰ 95, 90, 85 ਅਤੇ 80 ਫ਼ੀਸਦੀ ਅੰਕ ਪ੍ਰਾਪਤ ਕਰਨ ਵਾਲੇ ਬੱਚੇ ਸਾਲਾਨਾ ਵਜ਼ੀਫ਼ੇ ਦੇ ਯੋਗ ਹਨ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

# ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਸਿਵਲ ਲਾਈਨਜ਼ ਸੈਕੰਡਰੀ ਸਕੂਲ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

**ਪਟਿਆਲਾ, 13 ਅਕਤੂਬਰ (ਪੈ.ਗਾਮ-ਏ-ਜਗਤ)**

ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਸਮਾਜ ਸੇਵਾ ਦੇ ਖੇਤਰ ਵਿੱਚ ਸ਼ਲਾਘਾਯੋਗ ਕਾਰਜ ਕਰ ਰਹੀ ਹੈ। ਸੋਸਾਇਟੀ ਵੱਲੋਂ ਮੈਡੀਕਲ ਕੈਂਪ, ਖ਼ੂਨਦਾਨ ਕੈਂਪ ਅਤੇ ਮਰੀਜ਼ਾਂ ਲਈ ਮੁਫ਼ਤ ਸਿਹਤ ਜਾਂਚ ਕੈਂਪ ਲਗਾਏ ਜਾਂਦੇ ਹਨ, ਜਿਨ੍ਹਾਂ ਵਿੱਚ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਜਾਂਦੀਆਂ ਹਨ। ਇਹ ਕੈਂਪ ਲੋਕਾਂ ਦੇ ਘਰਾਂ ਦੇ ਨੇੜੇ ਲਗਾਏ ਜਾਂਦੇ ਹਨ, ਤਾਂ ਜੋ ਲੋੜ ਪੈਣ 'ਤੇ ਉਹ ਆਸਾਨੀ ਨਾਲ ਇਲਾਜ ਕਰਵਾ ਸਕਣ। ਕੋਵਿਡ ਮਹਾਮਾਰੀ ਦੌਰਾਨ ਸੋਸਾਇਟੀ ਵੱਲੋਂ 51 ਟੀਕਾਕਰਨ ਕੈਂਪ ਲਗਾਏ ਗਏ, ਜਿਨ੍ਹਾਂ ਦਾ ਹਜ਼ਾਰਾਂ ਲੋਕਾਂ ਨੂੰ ਲਾਭ ਮਿਲਿਆ।

ਸੋਸਾਇਟੀ ਵੱਲੋਂ ਅੱਜ ਸਿਵਲ ਲਾਈਨਜ਼ ਸੈਕੰਡਰੀ ਸਕੂਲ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ ਸੇਵਾਮੁਕਤ ਆਈਏਐਸ ਅਧਿਕਾਰੀ ਮਨਜੀਤ ਸਿੰਘ ਨਾਰੰਗ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਗਮ ਦੌਰਾਨ ਲੋਕਾਂ ਨੂੰ ਪਲਾਸਟਿਕ ਦੇ ਲਿਫ਼ਾਫ਼?ਆਂ ਦੀ ਬਜਾਏ ਜੂਟ ਜਾਂ ਕੱਪੜੇ ਦੇ ਥੈਲਿਆਂ ਦੀ ਵਰਤੋਂ ਕਰਨ ਲਈ ਪ੍ਰੇਰਿਤ



ਕੀਤਾ ਗਿਆ।

ਮਨਜੀਤ ਸਿੰਘ ਨਾਰੰਗ ਨੇ ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੋਸਾਇਟੀ ਆਪਣੀ ਸ਼ੁਰੂਆਤ ਤੋਂ ਹੀ ਸ਼ਲਾਘਾਯੋਗ ਕੰਮ ਕਰ ਰਹੀ ਹੈ।

ਸਮਾਗਮ ਦੌਰਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਨਮਾਨਿਤ ਹੋਣ ਵਾਲੇ ਅਧਿਆਪਕਾਂ ਵਿੱਚ ਪ੍ਰਿੰਸੀਪਲ ਸ੍ਰੀਮਤੀ ਸੀਮਾ ਉੱਪਲ, ਰਾਮ ਲਾਲ, ਸੁਖਵਿੰਦਰ ਕੌਰ, ਪੁਸ਼ਪਿੰਦਰ ਕੌਰ, ਮੋਨਿਕਾ ਸ਼ਰਮਾ, ਸ਼ਿਖਾ, ਗਗਨਦੀਪ ਕੌਰ, ਅੰਮ੍ਰਿਤਪਾਲ ਕੌਰ, ਮੀਨਾਕਸ਼ੀ ਧੀਰ, ਕੁਲਦੀਪ ਕੌਰ, ਰੂਬੀ, ਨਿਸ਼ੂ ਜੋਸ਼ੀ, ਜਸਕਰਨ ਸਿੰਘ ਅਤੇ ਸੰਦੀਪ ਗੁਪਤਾ ਸ਼ਾਮਲ ਸਨ।

ਇਸ ਤੋਂ ਇਲਾਵਾ ਵਧੀਆ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਹਿਮਾਨੀ ਗਰਗ, ਮਣੀਕਰਨ ਕੌਰ, ਨਿਖਿਲ, ਸਨੇਹਾ ਪਾਹਵਾ, ਦਿਵਿਆ ਕੁਮਾਰੀ, ਪਾਇਲ, ਸ਼ਾਲਿਨੀ, ਭਾਰਤੀ, ਰੀਭਾਵਾ, ਗੁੰਜਨ, ਜਸਬੀਰ ਕੌਰ ਅਤੇ ਮਨਦੀਪ ਸੈਣੀ ਨੂੰ ਵੀ ਸਨਮਾਨਿਤ ਕੀਤਾ ਗਿਆ।

ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸੀਮਾ ਉੱਪਲ ਨੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਲਈ ਸੋਸਾਇਟੀ ਦਾ ਧੰਨਵਾਦ ਕੀਤਾ।

ਸੇਵਾਮੁਕਤ ਆਈਏਐਸ ਅਧਿਕਾਰੀ ਸ੍ਰੀ ਮਨਜੀਤ ਸਿੰਘ ਨਾਰੰਗ ਨੇ ਸੋਸਾਇਟੀ ਦੇ ਕਾਰਜਾਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਸੋਸਾਇਟੀ ਵੱਲੋਂ ਮੈਂਬਰਾਂ ਦੇ ਜਨਮ ਦਿਨ ਅਤੇ ਵਿਆਹ ਦੀਆਂ ਵਰ੍ਹੇਗੰਢਾਂ ਮਨਾਉਣ ਦੀ ਪਹਿਲਕਦਮੀ ਨੂੰ ਵੀ ਵਧੀਆ ਉਪਰਾਲਾ ਦੱਸਿਆ। ਰਾਜੇਸ਼ ਸ਼ਰਮਾ ਪੰਜੋਲਾ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਯੋਗ ਅਤੇ ਗਿਆਨਵਾਨ ਅਧਿਆਪਕ ਹਨ। ਪਹਿਲਾਂ ਵੀ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਕੇ ਮੈਰਿਟ ਸੂਚੀਆਂ ਵਿੱਚ ਸਥਾਨ ਹਾਸਲ ਕਰਦੇ ਅਤੇ ਵੱਡੀਆਂ ਪ੍ਰਾਪਤੀਆਂ ਕਰਦੇ ਸਨ। ਉਨ੍ਹਾਂ ਕਿਹਾ ਕਿ ਸੋਸਾਇਟੀ ਸਮਾਜ ਦੀ ਭਲਾਈ ਨਾਲ ਜੁੜੇ ਚੰਗੇ ਕਾਰਜਾਂ ਨੂੰ ਪਹਿਲ ਦਿੰਦੀ ਹੈ।

ਉਨ੍ਹਾਂ ਦੱਸਿਆ ਕਿ ਜਲਦੀ ਹੀ ਸੋਸਾਇਟੀ ਵੱਲੋਂ ਸਕੂਲ ਵਿੱਚ ਪਲਾਸਟਿਕ ਦੀ ਵਰਤੋਂ ਰੋਕਣ ਦੇ ਉਦੇਸ਼ ਨਾਲ ਕੱਪੜੇ ਦੇ ਥੈਲੇ ਵੰਡੇ ਜਾਣਗੇ। ਇਸ ਦੇ ਨਾਲ ਹੀ ਖ਼ੂਨਦਾਨ ਕੈਂਪ ਵੀ ਲਗਾਇਆ ਜਾਵੇਗਾ। ਇਸ ਮੌਕੇ ਡਾ. ਪਰਮਿੰਦਰ ਸਿੰਘ (ਸੇਵਾਮੁਕਤ ਪ੍ਰਿੰਸੀਪਲ), ਸੰਜੇ ਧੀਰ, ਅਮਰੀਕ ਸਿੰਘ ਗਿੱਲ, ਰਾਜੇਸ਼ ਵਰਮਾ (ਸੇਵਾਮੁਕਤ ਪ੍ਰਿੰਸੀਪਲ), ਡਾ. ਮੰਜੂ ਬਾਲਾ ਅਤੇ ਸੁਰਿੰਦਰ ਕੁਮਾਰ ਗੁਪਤਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ। ਸਮਾਗਮ ਦੌਰਾਨ ਸਾਗਰ ਸੂਦ ਸੰਜੇ ਅਤੇ ਬਰਜਿੰਦਰ ਸਿੰਘ ਨੇ ਆਪਣੇ ਗੀਤਾਂ ਰਾਹੀਂ ਹਾਜ਼ਰ ਲੋਕਾਂ ਦਾ ਮਨ ਮੋਹ ਲਿਆ। ਸੋਸਾਇਟੀ ਨੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਸਮਾਜ ਭਲਾਈ ਕਾਰਜ ਜਾਰੀ ਰੱਖਣ ਦੀ ਵਚਨਬੱਧਤਾ ਪ੍ਰਗਟਾਈ।

# ਹਲਕਾ ਲਹਿਰਾ ਦੇ ਪਿੰਡ ਸਲੇਮਗੜ੍ਹ ਵਿੱਚ ਢੀਂਡਸਾ ਪਰਿਵਾਰ ਨੂੰ ਝਟਕਾ; ਸਾਬਕਾ ਸਰਪੰਚ ਸੱਤਪਾਲ ਸਿੰਘ ਕਰੀਬ 100 ਪਰਿਵਾਰਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ

- **ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਕੀਤਾ ਸਵਾਗਤ; ਬਣਦਾ ਮਾਣ-ਸਨਮਾਨ ਦੇਣ ਦਾ ਦਿੱਤਾ ਭਰੋਸਾ**

**ਲਹਿਰਾਗਾਗਾ, 13 ਅਕਤੂਬਰ (ਪੈ.ਗਾਮ-ਏ-ਜਗਤ)**

ਵਿਧਾਨ ਸਭਾ ਹਲਕਾ ਲਹਿਰਾ ਦੇ ਪਿੰਡ ਸਲੇਮਗੜ੍ਹ ਵਿੱਚ ਢੀਂਡਸਾ ਪਰਿਵਾਰ ਨੂੰ ਉਸ ਸਮੇਂ ਸਿਆਸੀ ਝਟਕਾ ਲੱਗਾ, ਜਦੋਂ ਪਿੰਡ ਦੇ ਸਾਬਕਾ ਸਰਪੰਚ ਸੱਤਪਾਲ ਸਿੰਘ ਨੇ ਕਰੀਬ 100 ਪਰਿਵਾਰਾਂ ਸਮੇਤ ਢੀਂਡਸਾ ਪਰਿਵਾਰ ਦਾ ਸਾਥ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਏ ਸੱਤਪਾਲ ਸਿੰਘ ਅਤੇ ਹੋਰਨਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ।



ਇਸ ਮੌਕੇ ਸੱਤਪਾਲ ਸਿੰਘ ਦੇ ਨਾਲ ਰਾਮਫਲ ਸਿੰਘ, ਮੇਲਾ ਸਿੰਘ, ਜੇਠੂ ਸਿੰਘ, ਗੋਬਿੰਦ ਸਿੰਘ, ਗੁਲਾਬ ਸਿੰਘ ਅਤੇ ਬਲਕਾਰ ਸਿੰਘ ਸਮੇਤ ਕਰੀਬ 100 ਪਰਿਵਾਰਾਂ ਨੇ ਆਮ ਆਦਮੀ ਪਾਰਟੀ ਨਾਲ ਜੁੜਨ ਦਾ ਫ਼ੈਸਲਾ ਕੀਤਾ। ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪਿੰਡ ਸਲੇਮਗੜ੍ਹ ਦੇ ਇਨ੍ਹਾਂ ਪਰਿਵਾਰਾਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਹਲਕੇ ਵਿੱਚ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ।

ਕੈਬਨਿਟ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਹਰ ਵਰਕਰ ਅਤੇ ਸਾਥੀ ਦਾ ਸਤਿਕਾਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਨਵੇਂ ਸ਼ਾਮਲ ਹੋਏ ਸਾਥੀਆਂ ਨੂੰ ਪਾਰਟੀ ਦੀਆਂ ਗਤੀਵਿਧੀਆਂ ਅਤੇ ਲੋਕ ਸੇਵਾ ਦੇ ਕਾਰਜਾਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਮੌਕਾ ਦਿੱਤਾ ਜਾਵੇਗਾ। ਉਨ੍ਹਾਂ ਸਾਰਿਆਂ ਨੂੰ ਇਕਜੁੱਟ ਹੋ ਕੇ ਪਿੰਡ ਅਤੇ ਹਲਕੇ ਦੀ ਬਿਹਤਰੀ ਲਈ ਕੰਮ ਕਰਨ ਦਾ ਸੱਦਾ ਦਿੱਤਾ।

ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਹਲਕਾ ਲਹਿਰਾ ਦੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਉਣਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਉਨ੍ਹਾਂ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਲੋਕਾਂ ਦੀ ਭਾਗੀਦਾਰੀ ਅਹਿਮ ਹੈ ਅਤੇ ਸਥਾਨਕ ਵਾਸੀਆਂ ਦੇ ਸੁਝਾਵਾਂ ਨਾਲ ਲੋਕ ਭਲਾਈ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਇਆ ਜਾ ਸਕਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਬਕਾ ਸਰਪੰਚ ਸੱਤਪਾਲ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਦਾ ਤਜਰਬਾ ਪਿੰਡ ਦੀਆਂ ਲੋੜਾਂ ਨੂੰ ਸਮਝਣ ਅਤੇ ਲੋਕਾਂ ਨਾਲ ਰਾਬਤਾ ਹੋਰ ਮਜ਼ਬੂਤ ਕਰਨ ਵਿੱਚ ਸਹਾਈ ਹੋਵੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਪਿੰਡ ਸਲੇਮਗੜ੍ਹ ਦੇ ਵਾਸੀਆਂ ਵੱਲੋਂ ਉਠਾਏ ਜਾਣ ਵਾਲੇ ਮਸਲਿਆਂ ਨੂੰ ਗੰਭੀਰਤਾ ਨਾਲ ਲੈ ਕੇ ਉਨ੍ਹਾਂ ਦੇ ਹੱਲ ਲਈ ਯਤਨ ਕੀਤੇ ਜਾਣਗੇ। ਕੈਬਨਿਟ ਮੰਤਰੀ ਨੇ ਪਾਰਟੀ ਵਿੱਚ ਸ਼ਾਮਲ ਹੋਏ ਸਮੂਹ ਪਰਿਵਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਭਰੋਸੇ ਅਤੇ ਸਹਿਯੋਗ ਨਾਲ ਹਲਕਾ ਲਹਿਰਾ ਵਿੱਚ ਪਾਰਟੀ ਦੀ ਜਥੇਬੰਦਕ ਮਜ਼ਬੂਤੀ ਦੇ ਨਾਲ-ਨਾਲ ਲੋਕ ਸੇਵਾ ਦੇ ਕਾਰਜਾਂ ਨੂੰ ਵੀ ਹੋਰ ਗਤੀ ਮਿਲੇਗੀ।

# 19 ਤੋਂ 25 ਅਕਤੂਬਰ ਤੱਕ ਸੱਤ-ਰੋਜ਼ਾ ਰਾਖੀਗੜ੍ਹੀ ਮਹੋਤਸਵ ਹੋਵੇਗਾ ਆਯੋਜਿਤ, ਮੁੱਖ ਮੰਤਰੀ ਨਾਇਬ ਸਿੰਘ ਸੈਣੀ ਕਰਨਗੇ ਸ਼ੁਭਾਰੰਭ

**ਪੈ.ਗਾਮ-ਏ-ਜਗਤ**
**ਹਾਂਸੀ (ਦਿਨਕਰ ਗਾਵੜੀ)**

ਵਿਸ਼ਵ ਪ੍ਰਸਿੱਧ ਇਤਿਹਾਸਕ ਸਥਾਨ ਰਾਖੀਗੜ੍ਹੀ ਵਿਖੇ 19 ਤੋਂ 25 ਅਕਤੂਬਰ ਤੱਕ ਸੱਤ-ਰੋਜ਼ਾ ਰਾਖੀਗੜ੍ਹੀ ਮਹੋਤਸਵ ਆਯੋਜਿਤ ਕੀਤਾ ਜਾਵੇਗਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ 19 ਅਕਤੂਬਰ ਨੂੰ ਮਹੋਤਸਵ ਦਾ ਸ਼ੁਭਾਰੰਭ ਕਰਨਗੇ। ਆਯੋਜਨ ਦੀਆਂ ਤਿਆਰੀਆਂ ਨੂੰ ਲੈ

- **ਮਹੋਤਸਵ ਦੀਆਂ ਤਿਆਰੀਆਂ ਨੂੰ ਲੈ ਕੇ ਡੀਸੀ ਰਾਹੁਲ ਨਰਵਾਲ ਨੇ ਅਧਿਕਾਰੀਆਂ ਨੂੰ ਸੌਂਪੀਆਂ ਜ਼ਿੰਮੇਵਾਰੀਆਂ, ਏਡੀਸੀ ਲਕਸ਼ਿਤ ਸਰੀਨ ਹੋਣਗੇ ਓਵਰਆਲ ਇੰਚਾਰਜ**



ਕੇ ਮੰਗਲਵਾਰ ਨੂੰ ਡੀਸੀ ਰਾਹੁਲ ਨਰਵਾਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸਕੱਤਰੇਤ ਦੇ ਵੀਸੀ ਸਭਾਗਾਰ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਹੋਈ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਲਕਸ਼ਿਤ ਸਰੀਨ, ਐਸਡੀਐਮ ਰਾਜੇਸ਼ ਖੋਥ, ਐਸਡੀਐਮ ਵਿਕਾਸ ਯਾਦਵ, ਸੀਟੀਐਮ ਹਿਮਾਂਸ਼ੂ ਚੌਹਾਨ, ਡੀਡੀਪੀਓ ਸੰਦੀਪ ਭਾਰਦਵਾਜ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਇਸ ਤੋਂ ਪਹਿਲਾਂ ਚੰਡੀਗੜ੍ਹ ਤੋਂ ਵੀਸੀ ਰਾਹੀਂ ਪੁਰਾਤੱਤਵ ਅਤੇ ਅਜਾਇਬ ਘਰ ਵਿਭਾਗ ਦੇ ਏਸੀਐਸ ਅਮਿਤ ਅਗਰਵਾਲ ਨੇ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।

ਡੀਸੀ ਰਾਹੁਲ ਨਰਵਾਲ ਨੇ ਮਹੋਤਸਵ ਦੀਆਂ ਤਿਆਰੀਆਂ ਦੀ ਵਿਭਾਗ-ਵਾਰ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ। ਉਨ੍ਹਾਂ ਕਿਹਾ ਕਿ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਨਿਰਧਾਰਤ ਸਮਾਂ-ਸੀਮਾ ਵਿੱਚ ਤਿਆਰੀਆਂ ਪੂਰੀਆਂ ਕਰਨ, ਤਾਂ ਜੋ ਆਉਣ ਵਾਲੇ ਸੈਲਾਨੀਆਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਨਾ ਹੋਵੇ। ਮਹੋਤਸਵ ਦੇ ਸੰਪੂਰਨ ਆਯੋਜਨ ਦੀ ਜ਼ਿੰਮੇਵਾਰੀ ਏਡੀਸੀ ਲਕਸ਼ਿਤ ਸਰੀਨ ਨੂੰ ਸੌਂਪਦਿਆਂ ਉਨ੍ਹਾਂ ਨੂੰ ਓਵਰਆਲ ਇੰਚਾਰਜ ਨਿਯੁਕਤ ਕੀਤਾ ਗਿਆ।

ਡੀਸੀ ਨੇ ਦੱਸਿਆ ਕਿ ਮਹੋਤਸਵ ਦੌਰਾਨ ਖੇਡ ਮੁਕਾਬਲੇ, ਪ੍ਰਸ਼ਨੋਤਰੀ ਅਤੇ ਚਿੱਤਰਕਲਾ ਸਮੇਤ ਵੱਖ-ਵੱਖ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ ਹਰਿਆਣਾ ਦੀ ਅਮੀਰ ਸੱਭਿਆਚਾਰਕ ਵਿਰਾਸਤ, ਲੋਕ ਪਰੰਪਰਾਵਾਂ ਅਤੇ ਕਲਾ ਨੂੰ ਦਰਸਾਉਂਦੇ ਸੱਭਿਆਚਾਰਕ ਪ੍ਰੋਗਰਾਮ ਵੀ ਹੋਣਗੇ। ਮਹੋਤਸਵ ਵਾਲੀ ਥਾਂ 'ਤੇ ਕਰੀਬ 80 ਸਟਾਲ ਲਗਾਏ ਜਾਣਗੇ, ਜਿੱਥੇ ਸਵੈ-ਸਹਾਇਤਾ ਸਮੂਹਾਂ ਅਤੇ ਹੋਰ ਉੱਦਮੀਆਂ ਦੇ ਉਤਪਾਦ ਪ੍ਰਦਰਸ਼ਿਤ ਕੀਤੇ ਜਾਣਗੇ ਅਤੇ ਉਨ੍ਹਾਂ ਦੀ ਵਿਕਰੀ ਵੀ ਹੋਵੇਗੀ। ਇਸ ਨਾਲ ਸਥਾਨਕ ਉਤਪਾਦਾਂ ਅਤੇ ਉੱਦਮੀਆਂ ਨੂੰ ਹੁਲਾਰਾ ਮਿਲੇਗਾ। ਡੀਸੀ ਰਾਹੁਲ ਨਰਵਾਲ ਨੇ ਏਸੀਐਸ ਅਮਿਤ ਅਗਰਵਾਲ ਨੂੰ ਭਰੋਸਾ ਦਿਵਾਇਆ ਕਿ ਮਹੋਤਸਵ ਦਾ ਆਯੋਜਨ ਹਰਸ਼ੋ-ਉਲਾਸ ਅਤੇ ਵਿਵਸਥਿਤ ਤਰੀਕੇ ਨਾਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਤਿਆਰੀਆਂ ਸ਼ੁਰੂ ਹੋ ਚੁੱਕੀਆਂ ਹਨ ਅਤੇ ਉਹ ਖੁਦ ਵੀ ਰਾਖੀਗੜ੍ਹੀ ਦਾ ਦੌਰਾ ਕਰ ਚੁੱਕੇ ਹਨ। ਏਡੀਸੀ ਲਕਸ਼ਿਤ ਸਰੀਨ ਨੇ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਸਮੇਂ ਸਿਰ ਸਾਰੇ ਪ੍ਰਬੰਧ ਪੂਰੇ ਕਰਨ ਦੇ ਨਿਰਦੇਸ਼ ਦਿੱਤੇ। ਉੱਥੇ ਹੀ, ਐਸਡੀਐਮ ਵਿਕਾਸ ਯਾਦਵ ਨੇ ਮਹੋਤਸਵ ਦੌਰਾਨ ਆਯੋਜਿਤ ਹੋਣ ਵਾਲੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਮੀਟਿੰਗ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਖ਼ੂਨਦਾਨ ਮਹਾਂਦਾਨ, ਲੋੜਵੰਦ ਨੂੰ ਜੀਵਨਦਾਨ ਦੇਣ ਦਾ ਸ਼ਕਤੀਸ਼ਾਲੀ ਸਾਧਨ : ਧਰਮਵੀਰ ਰਤੇਰੀਆ

- **ਮਹਾਰਾਜਾ ਅਗਰਸੇਨ ਜਯੰਤੀ ਮਹੋਤਸਵ ਤਹਿਤ ਅਗਰਬੰਧੂ ਪ੍ਰੀਸ਼ਦ ਨੇ ਲਗਾਇਆ ਖ਼ੂਨਦਾਨ ਕੈਂਪ, 18 ਜੋੜਿਆਂ ਸਮੇਤ 51 ਲੋਕਾਂ ਨੇ ਕੀਤਾ ਖ਼ੂਨਦਾਨ**

**ਪੈ.ਗਾਮ-ਏ-ਜਗਤ**
**ਹਾਂਸੀ (ਦਿਨਕਰ ਗਾਵੜੀ)**

ਮਹਾਰਾਜਾ ਅਗਰਸੇਨ ਜਯੰਤੀ ਮਹੋਤਸਵ ਤਹਿਤ ਅਗਰਬੰਧੂ ਪ੍ਰੀਸ਼ਦ ਵੱਲੋਂ ਮੰਗਲਵਾਰ ਨੂੰ ਬੱਸ ਸਟੈਂਡ ਦੇ ਸਾਹਮਣੇ ਸਥਿਤ ਮੰਗਲਮ ਬਲੱਡ ਬੈਂਕ ਵਿੱਚ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦੀ ਪ੍ਰਧਾਨਗੀ ਧਰਮਵੀਰ ਰਤੇਰੀਆ ਨੇ ਕੀਤੀ। ਕੈਂਪ ਵਿੱਚ 18 ਜੋੜਿਆਂ ਸਮੇਤ ਕੁੱਲ 51 ਖ਼ੂਨਦਾਨੀਆਂ ਨੇ ਖ਼ੂਨਦਾਨ ਕਰਕੇ ਮਨੁੱਖਤਾ, ਸੇਵਾ ਅਤੇ ਸਮਾਜਿਕ ਸਰੋਕਾਰਾਂ ਦਾ ਸੰਦੇਸ਼ ਦਿੱਤਾ। ਇਸ ਮੌਕੇ 'ਤੇ ਧਰਮਵੀਰ ਰਤੇਰੀਆ ਨੇ ਕਿਹਾ ਕਿ ਖ਼ੂਨਦਾਨ ਮਹਾਂਦਾਨ ਹੈ ਅਤੇ ਕਿਸੇ ਲੋੜਵੰਦ ਨੂੰ ਜੀਵਨਦਾਨ ਦੇਣ ਦਾ ਸ਼ਕਤੀਸ਼ਾਲੀ ਸਾਧਨ ਹੈ। ਸੜਕ ਹਾਦਸਿਆਂ ਵਿੱਚ ਜ਼ਖਮੀ ਲੋਕਾਂ, ਗੰਭੀਰ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ, ਆਪਰੇਸ਼ਨ ਦੌਰਾਨ ਅਤੇ ਜਣੇਪੇ ਸਮੇਂ ਖ਼ੂਨ ਦੀ ਲੋੜ ਹੁੰਦੀ ਹੈ। ਅਜਿਹੇ ਵਿੱਚ ਸਵੈ-ਇੱਛੁਕ ਖ਼ੂਨਦਾਨੀ ਲੋੜਵੰਦਾਂ ਦੀ ਜਾਨ



ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਕਿਹਾ ਕਿ ਖ਼ੂਨ ਦਾ ਕੋਈ ਨਕਲੀ ਬਦਲ ਨਾ ਹੋਣ ਕਾਰਨ ਖ਼ੂਨਦਾਨ ਦੀ ਮਹੱਤਤਾ ਹੋਰ ਵੀ ਵੱਧ ਜਾਂਦੀ ਹੈ। ਇੱਕ ਤੰਦਰੁਸਤ ਅਤੇ ਯੋਗ ਵਿਅਕਤੀ ਵੱਲੋਂ ਕੀਤਾ ਗਿਆ ਖ਼ੂਨਦਾਨ ਕਿਸੇ ਲੋੜਵੰਦ ਮਰੀਜ਼ ਲਈ ਜੀਵਨ ਦੀ ਨਵੀਂ ਉਮੀਦ ਬਣ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਖ਼ੂਨਦਾਨ ਨਾਲ ਜੁੜੀਆਂ ਭਰਮ-ਭੁਲੇਖਿਆਂ ਨੂੰ ਦੂਰ ਕਰਨ ਅਤੇ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਨੂੰ ਇਸ ਪੁੰਨ ਕਾਰਜ ਲਈ ਪ੍ਰੇਰਿਤ ਕਰਨ ਦਾ ਸੱਦਾ ਦਿੱਤਾ। ਕੈਂਪ ਦੇ ਆਯੋਜਨ ਵਿੱਚ ਪ੍ਰੀਸ਼ਦ ਦੇ ਸਰਪ੍ਰਸਤ ਕਮਲੇਸ਼ ਗਰਗ ਅਤੇ ਪ੍ਰਵੀਨ ਬਾਂਸਲ ਸਮੇਤ ਪ੍ਰੋਗਰਾਮ ਕਨਵੀਨਰ ਮਨਮੋਹਨ ਤਾਇਲ, ਗੌਰਵ ਬਾਂਸਲ, ਮੁਦਿਤ ਜੈਨ, ਸੋਨੂੰ ਖਾਂਡਾ ਵਾਲੇ ਅਤੇ ਸ਼ੁਭਮ ਸਿੰਗਲਾ ਨੇ ਅਹਿਮ ਭੂਮਿਕਾ ਨਿਭਾਈ। ਕੈਂਪ ਵਿੱਚ ਖ਼ੂਨਦਾਨੀਆਂ ਨੇ ਉਤਸ਼ਾਹ ਨਾਲ ਹਿੱਸਾ ਲੈ ਕੇ ਸਮਾਜ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਦਿਖਾਈ। ਇਸ ਦੌਰਾਨ 'ਜਿਉਂਦੇ ਜੀ ਖ਼ੂਨਦਾਨ, ਜਾਂਦੇ-ਜਾਂਦੇ ਨੇਤਰਦਾਨ' ਮੁਹਿੰਮ ਤਹਿਤ ਮਦਨ ਲਾਲ ਪਸਰੀਜਾ ਅਤੇ ਇੰਦਰਜੀਤ ਖੁਰਾਨਾ ਨੇ ਲੋਕਾਂ ਨੂੰ ਨੇਤਰਦਾਨ ਪ੍ਰਤੀ ਜਾਗਰੂਕ ਕੀਤਾ ਅਤੇ ਇਸ ਪੁੰਨ ਕਾਰਜ ਲਈ ਪ੍ਰੇਰਿਤ ਕੀਤਾ। ਕੈਂਪ ਵਿੱਚ ਚਿਰਾਗ ਗਰਗ ਨੇ ਆਪਣੀ ਪਤਨੀ ਰਿਤੂ ਗਰਗ ਦੇ ਨਾਲ, ਐਡਵੋਕੇਟ ਮਨੋਜ ਜੈਨ ਨੇ ਆਪਣੀ ਪਤਨੀ ਯੁਕਤਾ ਜੈਨ ਦੇ ਨਾਲ ਅਤੇ ਕਪਿਲ ਬਾਂਸਲ ਨੇ ਆਪਣੀ ਪਤਨੀ ਬੇਬੀ ਬਾਂਸਲ ਦੇ ਨਾਲ ਖ਼ੂਨਦਾਨ ਕੀਤਾ। ਜਦਕਿ ਰਮੇਸ਼ ਸਿੰਗਲਾ ਨੇ ਆਪਣੇ ਭਰਾ ਸੰਦੀਪ ਸਿੰਗਲਾ ਅਤੇ ਪੁੱਤਰ ਗੌਰਵ ਭਾਰਤੀਆ ਦੇ ਨਾਲ, ਅੰਕੁਰ ਗਰਗ ਨੇ ਆਪਣੇ ਭਰਾਵਾਂ ਧਰੁਵ ਗਰਗ ਅਤੇ ਰਾਘਵ ਗਰਗ ਦੇ ਨਾਲ, ਕ੍ਰਿਸ਼ਨ ਮਿੱਤਲ ਨੇ ਆਪਣੇ ਭਰਾ ਗੌਰਾਂਗ ਮਿੱਤਲ ਦੇ ਨਾਲ, ਆਕਾਸ਼ ਗਰਗ ਨੇ ਆਪਣੇ ਭਰਾ ਦੀਪਾਂਸ਼ੂ ਗਰਗ ਦੇ ਨਾਲ ਅਤੇ ਹੰਨੀ ਗਰਗ ਨੇ ਆਪਣੇ ਭਰਾ ਸੰਗਮ ਗਰਗ ਦੇ ਨਾਲ ਖ਼ੂਨਦਾਨ ਕਰਕੇ ਭਾਗੀਦਾਰੀ ਨਿਭਾਈ।

# ਅੰਤਰਰਾਸ਼ਟਰੀ ਆਫ਼ਤ ਖਤਰਿਆਂ ਨੂੰ ਘਟਾਉਣ ਦਾ ਦਿਵਸ਼ ਫੈਕਟਰੀ ਕਰਮਚਾਰੀਆਂ ਨੂੰ ਟ੍ਰੇਨਿੰਗ ਦੇ ਕੇ ਮਣਾਇਆ

**ਪੈ.ਗਾਮ-ਏ-ਜਗਤ**
**ਪਟਿਆਲਾ, (ਕਾਕਾ ਰਾਮ ਵਰਮਾ)**

ਰਸਾਇਣਕ, ਕੈਮੀਕਲ ਹਾਦਸਿਆਂ ਕੁਦਰਤੀ ਮੌਸਮੀ, ਮਨੁੱਖੀ ਆਫ਼ਤਾਵਾ ਰੋਕਣ, ਪੀੜਤਾਂ ਨੂੰ ਬਚਾਉਣ ਬਾਰੇ ਟ੍ਰੇਨਿੰਗਾਂ ਹਰ ਫੈਕਟਰੀ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਤੱਕ ਪਹੁੰਚਾਉਣ ਲਈ ਪੰਜਾਬ ਰਾਜ ਡਾਇਰੈਕਟੋਰੇਟ ਆਫ ਫੈਕਟਰੀਜ ਅਤੇ ਇੰਡਸਟਰੀਜ਼ ਸੇਫਟੀਐਂ ਕਾਊਂਸਲ ਚੰਡੀਗੜ ਵਲੋਂ ਡਿਪਟੀ ਡਾਇਰੈਕਟਰ ਆਫ਼ ਫੈਕਟਰੀਜ, ਪਟਿਆਲਾ ਨਰਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਲੁਧਿਆਣਾ ਦੀਆਂ ਫੈਕਟਰੀਆਂ ਦੇ ਕਰਮਚਾਰੀਆਂ ਨੂੰ ਇਨ੍ਹਾਂ ਪਦਾਰਥਾਂ ਦੀ ਠੀਕ ਢੰਗ ਤਰੀਕਿਆਂ ਨਾਲ ਵਰਤੋ ਕਰਨ ਅਤੇ ਪੀੜਤਾਂ ਨੂੰ ਬਚਾਉਣ ਲਈ ਟ੍ਰੇਨਿੰਗ ਪ੍ਰੋਗਰਾਮ



ਕਰਵਾਏ।

ਇਸ ਮੌਕੇ ਸ਼ੀ ਸੰਜੀਵ ਕੁਮਾਰ, ਚੀਫ਼ ਸੇਫਟੀ ਅਫਸਰ ਚੰਡੀਗੜ੍ਹ ਵਲੋਂ ਫੈਕਟਰੀਆਂ, ਘਰਾਂ, ਗੱਡੀਆਂ ਵਿੱਚ ਹੋਣ ਵਾਲੇ ਹਾਦਸਿਆਂ ਦੇ ਕਾਰਨਾਂ ਅਤੇ ਰੋਕਣ ਦੇ ਢੰਗ ਤਰੀਕੇ ਦਸੇ। ਰੈੱਡ ਕਰਾਸ ਅਤੇ ਸੈਂਟ ਜੋਹਨ ਐਂਬੂਲੈਂਸ ਬਰੀਗੇਡ ਦੇ ਸਾਬਕਾ ਸਹਾਇਕ ਟ੍ਰੇਨਿੰਗ ਕਮਿਸ਼ਨਰ ਕਾਕਾ ਰਾਮ ਵਰਮਾ ਵਲੋਂ ਕਰਮਚਾਰੀਆਂ ਤੋਂ ਤਰ੍ਹਾਂ ਤਰ੍ਹਾਂ ਦੇ ਪ੍ਰੈਕਟਿਕਲ ਕਰਵਾਕੇ ਫਸਟ ਏਡ, ਸੀ ਪੀ ਆਰ, ਗੈਸਾਂ, ਧੂੰਏਂ,ਮਲਵੇ ਹੜਾਂ ਦੇ ਪੀੜਤਾਂ ਨੂੰ ਮਰਨ ਅਤੇ ਅਪਾਹਜ ਹੋਣ ਤੋਂ ਬਚਾਉਣ ਹਿੱਤ ਵੈਂਟੀਲੇਟਰ ਬਨਾਉਟੀ ਸਾਹ ਕਿਰਿਆ, ਸੀ ਪੀ ਆਰ, ਰਿਕਵਰੀ ਪੁਜੀਸ਼ਨ, ਅੰਦਰੂਨੀ ਰਤਵਾਹ, ਹੱਡੀਆਂ ਦੀ ਟੁੱਟ, ਦਿਲ, ਮਿਰਗੀ ਦੇ ਦੌਰੇ, ਕਾਰਡੀਅਕ ਅਰੈਸਟ, ਬੇਹੋਸ਼ੀ, ਸਦਮੇਂ, ਸ਼ੂਗਰ, ਬਲੱਡ ਪਰੈਸ਼ਰ ਘਟਣ ਸਮੇਂ ਪੀੜਤਾਂ ਨੂੰ ਬਚਾਉਣ ਦੀ ਟ੍ਰੇਨਿੰਗਾਂ ਦਿੱਤੀਆਂ। ਫੈਕਟਰੀ ਦੇ ਚੀਫ਼ ਮੈਨੇਜਰ, ਮੈਨੇਜਰ ਐੱਚ ਆਰ, ਸੇਫਟੀ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਹਾਦਸੇ ਘਟਾਉਣ ਲਈ ਮਸ਼ੀਨਾਂ, ਬਿਜਲੀ, ਪੈਟਰੋਲੀਅਮ, ਰਸਾਇਣਕ, ਪ੍ਰਮਾਣੂ, ਕੈਮੀਕਲ, ਪੈਟਰੋਲੀਅਮ ਪਦਾਰਥਾਂ ਦੀ ਠੀਕ ਵਰਤੋਂ ਅਤੇ ਹਾਦਸੇ ਹੋਣ ਤੇ ਸਿਵਲ ਡਿਫੈਂਸ, ਫਸਟ ਏਡ, ਸੀ ਪੀ ਆਰ, ਫਾਇਰ ਸੇਫਟੀ ਅਤੇ ਸਾਈਬਰ ਸੁਰੱਖਿਆ ਬਾਰੇ ਬਹੁਤ ਵਧੀਆ ਢੰਗ ਤਰੀਕਿਆਂ ਨਾਲ ਟ੍ਰੇਨਿੰਗਾਂ ਵਾਰ ਵਾਰ ਦਿਤੀਆਂ ਜਾਣ ਮਹਲਿਅ ਗਲੀਆਂ ਫੈਕਟਰੀਆਂ ਸਿਖਿਆ ਸੰਸਥਾਵਾਂ ਵਿਖੇ ਟ੍ਰੇਨਿੰਗਾਂ ਦੇ ਨਾਲ ਮੌਕ ਡਰਿੱਲਾਂ ਕਰਵਾਈਆਂ ਜਾਣ।

# ਵ.ਫਦ ਵੱਲੋਂ ਡੀ.ਈ.ਓ. ਯੂ.ਟੀ. ਨੂੰ ਪ੍ਰਾਇਮਰੀ ਪੱਧਰ ਤੋਂ ਪੰਜਾਬੀ ਲਾਗੂ ਕਰਨ ਅਤੇ ਇਸ ਦੇ ਪ੍ਰਚਾਰ ਤੇ ਪ੍ਰਸਾਰ ਲਈ ਮੰਗ ਪੱਤਰ ਸੌਂਪਿਆ

**ਚੰਡੀਗੜ੍ਹ, 13 ਅਕਤੂਬਰ (ਪੈ.ਗਾਮ-ਏ-ਜਗਤ)**

ਵਿਸ਼ਵ ਪੰਜਾਬੀ ਪ੍ਰਚਾਰ ਸਭਾ, ਚੰਡੀਗੜ੍ਹ ਦੇ ਪ੍ਰਮੁੱਖ ਅਹੁਦੇਦਾਰਾਂ ਦੇ ਇੱਕ ਵਫ਼ਦ ਵੱਲੋਂ ਅੱਜ ਡੀ.ਈ.ਓ. ਯੂ.ਟੀ. ਚੰਡੀਗੜ੍ਹ ਸਿੰਗਲਾ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਵਫ਼ਦ ਦੀ ਅਗਵਾਈ ਸੰਸਥਾ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿੰਘ ਗੋਸਲ ਨੇ ਕੀਤੀ। ਵਫ਼ਦ ਵਿੱਚ ਡਾ. ਪੰਨਾ ਲਾਲ ਮੁਸਤਫਾਬਾਦੀ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਜੋਗ, ਸਲਾਹਕਾਰ ਬਲਵਿੰਦਰ ਸਿੰਘ ਅਤੇ ਮੁੱਖ ਸਲਾਹਕਾਰ ਜੀਤ ਸਿੰਘ ਸੋਮਲ ਵੀ ਸ਼ਾਮਲ ਸਨ।



ਵਫ਼ਦ ਵੱਲੋਂ ਮੰਗ ਕੀਤੀ ਗਈ ਕਿ ਯੂ.ਟੀ. ਚੰਡੀਗੜ੍ਹ ਦੇ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਲੋੜੀਂਦੇ ਉਪਰਾਲੇ ਤੁਰੰਤ ਕੀਤੇ ਜਾਣ। ਇਸ ਦੇ ਨਾਲ ਹੀ ਪੰਜਾਬੀ ਅਧਿਆਪਕਾਂ ਦੀਆਂ ਖਾਲੀ ਅਸਾਮੀਆਂ ਭਰਨ ਅਤੇ ਪੰਜਾਬੀ ਭਾਸ਼ਾ ਵਿੱਚ ਪੁਸਤਕਾਂ ਛਪਵਾਉਣ ਲਈ ਵੱਡੇ ਪੱਧਰ 'ਤੇ ਕਾਰਵਾਈ ਕਰਨ ਦੀ ਮੰਗ ਵੀ ਰੱਖੀ ਗਈ। ਪ੍ਰਿੰ. ਬਹਾਦਰ ਸਿੰਘ ਗੋਸਲ ਨੇ ਦੱਸਿਆ ਕਿ ਵਫ਼ਦ ਨੇ ਡੀ.ਈ.ਓ. ਨੂੰ ਜਾਣੂ ਕਰਵਾਇਆ ਕਿ ਇਸ ਸਮੇਂ ਯੂ.ਟੀ. ਦੇ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਦੀ ਸਥਿਤੀ ਤਸੱਲੀਬਖ਼ਸ਼ ਨਹੀਂ ਹੈ। ਉਨ੍ਹਾਂ ਨੇ ਪਹਿਲੀ ਜਮਾਤ ਤੋਂ ਹੀ ਪੰਜਾਬੀ ਲਾਗੂ ਕਰਨ ਅਤੇ ਪੂਰੀ ਯੂ.ਟੀ. ਵਿੱਚ ਪੰਜਾਬੀ ਨੂੰ ਬਣਦੀ ਪ੍ਰਮੁੱਖਤਾ ਦੇਣ ਦੀ ਮੰਗ ਕੀਤੀ। ਇਸ ਮੰਤਵ ਲਈ ਸਕੂਲਾਂ ਵਿੱਚ ਵੱਡੇ ਪੱਧਰ 'ਤੇ ਪੰਜਾਬੀ ਬਾਲ ਕਵੀ ਦਰਬਾਰ ਅਤੇ ਸੈਮੀਨਾਰ ਕਰਵਾਉਣ ਦੇ ਨਾਲ-ਨਾਲ ਲੇਖ ਅਤੇ ਕਵਿਤਾ ਲਿਖਣ ਦੇ ਮੁਕਾਬਲੇ ਕਰਵਾਉਣ ਦਾ ਸੁਝਾਅ ਵੀ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਕਰਕੇ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ। ਇਸ ਤੋਂ ਇਲਾਵਾ ਪਹਿਲੀ ਜਮਾਤ ਦੇ ਵਿਦਿਆਰਥੀਆਂ ਨੂੰ ਪੰਜਾਬੀ ਦੇ ਕਾਇਦੇ ਮੁਫ਼ਤ ਵੰਡਣ ਦੀ ਮੰਗ ਵੀ ਕੀਤੀ ਗਈ। ਡੀ.ਈ.ਓ. ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਸੰਸਥਾ ਵੱਲੋਂ ਉਠਾਈਆਂ ਗਈਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਯਤਨ ਕੀਤੇ ਜਾਣਗੇ।

# ਕੱਢੇ ਵਰਕਰਾਂ ਦੀ ਬਹਾਲੀ ਲਈ ਸੁਰਿੰਦਰਾ ਗੈਸ ਏਜੰਸੀ ਅੱਗੇ ਰੋਸ ਧਰਨਾ

**ਪਟਿਆਲਾ, 13 ਅਕਤੂਬਰ (ਪੈ.ਗਾਮ-ਏ-ਜਗਤ)**

ਸੁਰਿੰਦਰਾ ਗੈਸ ਸਰਵਿਸ ਐਸ.ਐਸ.ਟੀ. ਨਗਰ ਪਟਿਆਲਾ ਵੱਲੋਂ ਸਾਰੇ ਕਿਰਤ ਕਾਨੂੰਨ (ਮਜਦੂਰ ਪੱਖੀ ਕਾਨੂੰਨ) ਨੂੰ ਛਿੱਕੇ ਟੰਗ ਕੇ 20—21 ਸਾਲਾ ਤੋਂ ਲਗਾਤਾਰ ਕੰਮ ਕਰ ਰਹੇ ਵਰਕਰਾਂ ਨੂੰ ਧੱਕੇ ਨਾਲ ਨੌਕਰੀ ਤੋਂ ਕੱਢ ਦਿੱਤਾ ਗਿਆ। ਗੈਸ ਏਜੰਸੀ ਵਰਕਰਜ਼ ਯੂਨੀਅਨ (ਇਫਟੂ) ਪਿਛਲੇ 29—09—2026 ਤੋਂ ਲਗਾਤਾਰ ਸੁਰਿੰਦਰਾ ਗੈਸ ਏਜੰਸੀ ਮਾਲਕ ਦੇ ਖਿਲਾਫ ਸੰਘਰਸ਼ ਕਰ ਰਹੀ ਹੈ।



ਸੰਘਰਸ਼ ਦੀ ਲਗਾਤਾਰਤਾ ਵਿੱਚ ਮਿਤੀ 13—10—2026 ਨੂੰ ਗੈਸ ਏਜੰਸੀ ਵਰਕਰਜ਼ ਯੂਨੀਅਨ ਦੇ ਸੱਦੇ ਤੇ ਏਜੰਸੀ ਦੇ ਦਫਤਰ ਅੱਗੇ ਪਰਿਵਾਰਾਂ ਸਮੇਤ ਵੱਡੀ ਗਿਣਤੀ ਵਿੱਚ ਰੋਸ ਧਰਨ ਦਿੱਤਾ ਗਿਆ। ਆਗੂ ਨੇ ਕਿਹਾ ਕਿ ਜੇਕਰ ਮਾਲਕ ਵਲੋਂ ਕੱਢੇ ਗਏ ਵਰਕਰਾਂ ਨੂੰ ਹਫਤੇ ਦੇ ਅੰਦਰ ਅੰਦਰ ਬਹਾਲ ਨਾ ਕੀਤਾ ਗਿਆ ਤਾਂ ਜਥੇਬੰਦੀ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ। ਧਰਨੇ ਵਿੱਚ ਵੱਖੋ—ਵੱਖਰੀਆਂ ਏਜੰਸੀਆਂ ਦੇ ਆਗੂਆਂ ਨੇ ਆਪਣੇ—ਆਪਣੇ ਵਿਚਾਰ ਪ੍ਰਗਟ ਕਰੇ ਅਤੇ ਇਨ੍ਹਾਂ ਤੋਂ ਇਲਾਵਾ ਜਿਲੇ ਦੇ ਮੀਤ ਪ੍ਰਧਾਨ ਸਤਪਾਲ ਸਿੰਘ ਵਿੱਤ ਸਕੱਤਰ ਅਵਤਾਰ ਸਿੰਘ ਤੇ ਪ੍ਰੈਸ ਸਕੱਤਰ ਧੀਰਜ ਕੁਮਾਰ ਤੇ ਜੁਆਇੰਟ ਸਕੱਤਰ ਸਤਗੁਰ ਸਿੰਘ ਨਾਭਾ ਅਤੇ ਜਥੇਬੰਦੀ ਦੇ ਜਿਲਾ ਸਕੱਤਰ ਸੁਰਜੀਤ ਸਿੰਘ ਸੁਨਿਆਰਹੇੜੀ ਤੇ ਜਿਲਾ ਪ੍ਰਧਾਨ ਬਲਜਿੰਦਰ ਸਿੰਘ ਨੇ ਕਿਹਾ ਕਿ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸਾਡੇ ਸਮਰਥਨ ਵਿੱਚ ਕਿਰਤੀ ਕਿਸਾਨ ਯੂਨੀਅਨ ਜਿਲਾ ਪ੍ਰਧਾਨ ਦਵਿੰਦਰ ਸਿੰਘ ਪੂਨੀਆ, ਪੰਜਾਬ ਸਟੂਡੈਂਟਸ ਯੂਨੀਅਨ ਤੋਂ ਗੁਰਦਾਸ ਸਿੰਘ ਨੌਜਵਾਨ ਭਾਰਤ ਸਭਾ ਤੋਂ ਹਰਿੰਦਰ ਸਿੰਘ ਸੈਣੀ ਮਾਜਰਾ, ਤੇ ਕਿਰਤ ਕਿਸਾਨ ਯੂਨੀਅਨ ਸੁਰਿੰਦਰ ਸਿੰਘ ਖਾਲਸਾ ਆਦਿ ਹਾਜਰ ਸਨ।

# ਐਡਮਿੰਟਨ ਵਿਖੇ ਅੰਤਰ ਰਾਸ਼ਟਰੀ ਅਧਿਆਪਕ ਦਿਵਸ ਨੂੰ ਸਮਰਪਿਤ ਚਿਰ ਸਮਰਿਤੀ ਕਵੀ ਦਰਬਾਰ ਦਾ ਆਯੋਜਨ

**ਚੰਡੀਗੜ੍ਹ, 13 ਅਕਤੂਬਰ (ਪੈ.ਗਾਮ-ਏ-ਜਗਤ)**

ਐਡਮਿੰਟਨ (ਕਨੇਡਾ) ਦੇ ਮਿੱਲਵੁੱਡ 2047, 61 ਸਟਰੀਟ ਵਿਖੇ ਅੰਤਰ-ਰਾਸ਼ਟਰੀ ਅਧਿਆਪਕ ਦਿਵਸ ਨੂੰ ਸਮਰਪਿਤ ਕਵੀ ਦਰਬਾਰ ਦਾ ਆਯੋਜਨ ਕੀਤਾ ਗਿਆ। ਇਸ ਕਵੀ ਦਰਬਾਰ ਦੀ ਪ੍ਰਧਾਨਗੀ ਬਖ਼ਸ਼ ਸੰਘਾ ਅਤੇ ਜਸਬੀਰ ਸੰਘਾ ਨੇ ਕੀਤੀ। ਮੁੱਖ ਮਹਿਮਾਨ ਵਜੋਂ ਸੁਰਜੀਤ ਕੌਰ ਧਾਲੀਵਾਲ ਨੇ ਸ਼ਿਰਕਤ ਕੀਤੀ।



ਸਭ ਤੋਂ ਪਹਿਲਾਂ ਦਲਬੀਰ ਸਿੰਘ ਰਿਆੜ ਤੇ ਕਾਰਜ ਸਿੰਘ ਨੇ ਆਏ ਹੋਏ ਸਭ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਇਸ ਮੌਕੇ ਤੇ ਕਵੀਆਂ ਨੇ ਅਧਿਆਪਕ ਦੀ ਜੀਵਨ ਸ਼ੈਲੀ, ਕਾਰਗੁਜ਼ਾਰੀ, ਕਰਮਠਤਾ, ਨਿਸ ਸਵਾਰਥ, ਮੋਹ, ਪਿਆਰ, ਸਤਿਕਾਰ ਦੀ ਮਿਸਾਲ ਦੇ ਕੇ ਇਤਿਹਾਸ ਦੇ ਅਤੀਤ ਤੇ ਵਰਤਮਾਨ ਹਾਲਾਤਾਂ ਦੀ ਤੁਲਨਾ ਕਰਕੇ ਸਮੇਂ ਨੂੰ ਸਿਰਜਨਾਤਮਕਤਾ ਬਖ਼ਸ਼ੀ। ਇਸ ਮੌਕੇ ਤੇ ਦੀਪਾ ਬੰਡਾਲਾ ਤੇ ਅੰਮ੍ਰਿਤਪਾਲ ਸਿੰਘ ਨੇ ਅਧਿਆਪਕ ਦੀਆਂ ਸਿੱਖਿਆਵਾਂ, ਉਪਦੇਸ਼, ਉਦੇਸ਼ਾਂ ਦਾ ਜ਼ਿਕਰ ਕੀਤਾ। ਵਿਸ਼ੇਸ਼ ਤੌਰ ਤੇ ਲਾਲ ਬਹਾਦਰ ਸ਼ਾਸਤਰੀ, ਅੰਬੇਦਕਰ, ਪੰਡਤ ਨਹਿਰੂ, ਰਾਸ਼ਟਰਪਤੀ ਅਬਦੁਲ ਕਲਾਮ, ਰਵਿੰਦਰ ਨਾਥ ਟੈਗੋਰ ਅਤੇ ਗੁਰੂ ਸਾਹਿਬਾਨਾਂ ਦੀ ਸੁਚੱਜੀ ਉਪਦੇਸ਼ਾਤਮਕ ਬਾਣੀ ਦਾ ਜ਼ਿਕਰ ਕੀਤਾ। ਇਸ ਮੌਕੇ ਤੇ ਕਵੀ ਦਰਬਾਰ ਵਿੱਚ ਬਲਵਿੰਦਰ ਬਾਲਮ, ਅਜੀਤ ਸਿੰਘ ਖੰਗੂੜਾ, ਸਤਨਾਮ ਸਿੰਘ ਗਹਿਲੇ, ਕਾਰਜ ਸਿੰਘ, ਜਸਬੀਰ ਸਿੰਘ ਸੰਘਾ, ਬਖ਼ਸ਼ ਸੰਘਾ, ਸੁਰਜੀਤ ਕੌਰ ਧਾਲੀਵਾਲ ਤੇ ਦਲਬੀਰ ਸਿੰਘ ਰਿਆੜ ਨੇ ਕਵਿਤਾਵਾਂ ਸੁਣਾ ਕੇ ਖ਼ੂਬ ਰੰਗ ਬੰਨਿਆਂ। ਅੰਤ ਵਿੱਚ ਦਲਬੀਰ ਸਿੰਘ ਰਿਆੜ ਨੇ ਆਏ ਹੋਏ ਸਾਰੇ ਕਵੀਆਂ ਦਾ ਧੰਨਵਾਦ ਕੀਤਾ।

# ਸ਼ਬਦਾਂ ਦੇ ਅੰਗ-ਸੰਗ ਵਲੋਂ ਸਨਮਾਨ ਸਮਾਰੋਹ, ਕਵੀ ਦਰਬਾਰ ਅਤੇ ਪੁਸਤਕ ਲੋਕ ਅਰਪਣ ਸਮਾਗਮ

**ਫ਼ਗਵਾੜਾ, 13 ਅਕਤੂਬਰ (ਪੈ.ਗਾਮ-ਏ-ਜਗਤ)**

ਸ਼ਬਦਾਂ ਦੇ ਅੰਗ ਸੰਗ ਵਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਰਜਿ ਦੇ ਸੀਨੀ ਮੀਤ ਪ੍ਰਧਾਨ ਪ੍ਰੋ.ਸੰਧੂ ਵਰਿਆਣਵੀ ਅਤੇ ਮੀਤ ਪ੍ਰਧਾਨ ਜਗਦੀਸ਼ ਰਾਣਾ ਦੀ ਦੇਖ ਰੇਖ ਹੇਠ ਡਾ. ਅੰਬੇਡਕਰ ਭਵਨ ਅਰਬਨ ਅਸਟੇਟ ਫ਼ਗਵਾੜਾ ਵਿਖੇ ਇੱਕ ਸ਼ਾਨਦਾਰ ਤੇ ਪ੍ਰਭਾਵਸ਼ਾਲੀ ਸਾਹਿਤਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਰਜਿ ਦੇ ਪ੍ਰਧਾਨ ਪਵਨ ਹਰਚੰਦਪੁਰੀ ਜੀ ਅਤੇ ਵਿਸ਼ੇਸ਼ ਮਹਿਮਾਨ ਵਜੋਂ ਜਨ ਸਕੱਤਰ ਡਾ. ਜੋਗਿੰਦਰ ਸਿੰਘ ਨਿਰਾਲਾ ਜੀ ਸ਼ਾਮਿਲ ਹੋਏ। ਪ੍ਰਧਾਨਗੀ ਮੰਡਲ ਵਿੱਚ ਪਵਨ ਹਰਚੰਦਪੁਰੀ, ਸੰਧੂ ਵਰਿਆਣਵੀ, ਜੋਗਿੰਦਰ ਸਿੰਘ ਨਿਰਾਲਾ, ਜਗਦੀਸ਼ ਰਾਣਾ ਅਤੇ ਰੇਸ਼ਮ ਚਿੱਤਰਕਾਰ ਵਿਰਾਜਮਾਨ ਰਹੇ। ਲੈਕ. ਜਸਵਿੰਦਰ ਸਿੰਘ ਜੱਸੀ ਨੇ ਮੰਚ ਸੰਚਾਲਨ ਕਰਦਿਆਂ ਆਪਣੇ ਨਵੇਂ ਪੁਰਾਣੇ ਸ਼ਿਅਰ ਵੀ ਸੁਣਾਏ। ਜਗਦੀਸ਼ ਰਾਣਾ ਵਲੋਂ ਆਏ ਹੋਏ ਸਾਰੇ ਸਾਹਿਤਕਾਰਾਂ, ਕਵੀਆਂ, ਨਾਟਕ ਮੰਡਲੀਆਂ ਅਤੇ ਬੁੱਧੀਜੀਵੀਆਂ ਨੂੰ ਜੀ ਆਇਆਂ ਨੂੰ



ਕਹਿੰਦਿਆਂ ਮੰਚ ਦੀਆਂ ਗਤੀਵਿਧੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਪ੍ਰਧਾਨ ਪਵਨ ਹਰਚੰਦਪੁਰੀ ਨੇ ਬੋਲਦਿਆਂ ਕਿਹਾ ਕਿ ਅੱਜ ਮਾਂ ਬੋਲੀ ਪੰਜਾਬੀ ਨੂੰ ਆ ਰਹੀਆਂ ਦਰਪੇਸ਼ ਵੰਗਾਰਾਂ ਪ੍ਰਤੀ ਪੰਜਾਬੀਆਂ ਨੂੰ ਗੰਭੀਰਤਾ ਨਾਲ ਸੋਚਣ ਦੀ ਲੋੜ ਹੈ। ਉਹਨਾਂ ਲੇਖਕਾਂ ਨੂੰ ਸੰਬੋਧਿਤ ਹੁੰਦਿਆਂ ਕਿਹਾ ਕਿ ਲੇਖਕ ਆਪਣੇ ਆਲੇ-ਦੁਆਲੇ ਵਾਪਰ ਰਹੀਆਂ ਕੁਰੀਤੀਆਂ ਪ੍ਰਤੀ ਰਚਨਾਵਾਂ ਜ਼ਰੂਰ ਲਿਖਣ। ਡਾ.ਜੋਗਿੰਦਰ ਸਿੰਘ ਨਿਰਾਲਾ ਨੇ ਕਿਹਾ ਕਿ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਮਾਂ ਬੋਲੀ ਪੰਜਾਬੀ ਦੀ ਬਿਹਤਰੀ ਲਈ ਸੰਘਰਸ਼ ਕਰਦੀ ਰਹੀ ਹੈ ਅਤੇ ਅਗਾਂਹ ਵੀ ਲੇਖਕ ਭਾਈਚਾਰੇ ਦੇ ਹਿੱਤਾਂ ਅਤੇ ਮਾਂ ਬੋਲੀ ਲਈ ਕਾਰਜਸ਼ੀਲ ਰਹੇਗੀ। ਇਸ ਮੌਕੇ ਨਾਮਵਰ ਸ਼ਾਇਰ ਨੱਕਾਸ਼ ਚਿੱਤੇਵਾਣੀ ਦਾ ਪਲੇਠਾ ਗ਼ਜ਼ਲ ਸੰਗ੍ਰਹਿ ਅਣਉੱਠੇ ਕਦਮਾਂ ਦੀ ਪੈੜ ਲੋਕ ਅਰਪਣ ਕੀਤਾ ਗਿਆ ਜਿਸ ਬਾਰੇ ਸ਼ਹਿਬਾਜ਼ ਖਾਨ ਨੇ ਅਰਥ ਭਰਪੂਰ ਪਰਚਾ ਪੜ੍ਹਿਆ।

ਇਸ ਮੌਕੇ ਸ਼ਬਦਾਂ ਦੇ ਅੰਗ ਸੰਗ ਵਲੋਂ ਪ੍ਰੋ.ਸੰਧੂ ਵਰਿਆਣਵੀ ਅਤੇ ਜਗਦੀਸ਼ ਰਾਣਾ ਦੁਆਰਾ ਪ੍ਰਧਾਨ ਪਵਨ ਹਰਚੰਦਪੁਰੀ, ਜੋਗਿੰਦਰ ਸਿੰਘ ਨਿਰਾਲਾ, ਸੰਯੁਕਤ ਸਕੱਤਰ ਜਸਵਿੰਦਰ ਸਿੰਘ ਜੱਸੀ, ਨੱਕਾਸ਼ ਚਿੱਤੇਵਾਣੀ ਅਤੇ ਸੁਰਿੰਦਰ ਸ਼ਰਮਾ ਨਾਗਰਾ, ਗੁਲਜ਼ਾਰ ਸਿੰਘ ਸ਼ੌਂਕੀ ਸਾਬਕਾ ਮੀਤ ਪ੍ਰਧਾਨ, ਸ਼ਹਿਬਾਜ਼ ਖਾਨ, ਕਮਲ ਧਰਮਸੋਤ, ਨਵਜੋਤ ਕੌਰ ਬਟਾਲਾ, ਸੋਹਣ ਸਿੰਘ ਸੂਨੀ, ਸੁਰਿੰਦਰ ਸਾਗਰ, ਅਤੇ ਕੁਲਵਿੰਦਰ ਗਾਖਲ ਆਦਿ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਓਥੇ ਹੀ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਵਲੋਂ ਪ੍ਰਧਾਨ ਪਵਨ ਹਰਚੰਦਪੁਰੀ, ਜਨ ਸਕੱਤਰ ਡਾ. ਜੋਗਿੰਦਰ ਸਿੰਘ ਨਿਰਾਲਾ ਵੱਲੋਂ ਨਾਟਕ ਮੰਡਲੀਆਂ ਅਜ਼ਾਦ ਰੰਗ ਮੰਚ ਫਗਵਾੜਾ ਦੇ ਬੀਬਾ ਕੁਲਵੰਤ, ਗਮਨੂੰ ਬਾਂਸਲ, ਸਮੇਤ ਸਮੁੱਚੀ ਟੀਮ ਅਤੇ ਮਾਨਵਤਾ ਕਲਾ ਕੇਂਦਰ ਨਗਰ ਤੋਂ ਜਸਵਿੰਦਰ ਪੱਪੀ, ਕੁਲਵੰਤ ਕੌਰ ਸਮੇਤ ਸਮੁੱਚੀ ਟੀਮ ਦਾ ਅਤੇ ਪ੍ਰੋ. ਸੰਧੂ ਵਰਿਆਣਵੀ ਅਤੇ ਜਗਦੀਸ਼ ਰਾਣਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਪ੍ਰੋ. ਸੰਧੂ ਵਰਿਆਣਵੀ ਨੇ ਭਾਰੀ ਮੀਂਹ ਦੇ ਬਾਵਜੂਦ ਵੀ ਦੂਰੋਂ ਨੇੜਿਓਂ ਪਹੁੰਚੇ ਲੇਖਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹੋ ਰਹੀ ਹਰ ਤਰ੍ਹਾਂ ਦੀ ਧੱਕੇਸ਼ਾਹੀ ਵਿਰੁੱਧ ਲੇਖਕਾਂ ਨੂੰ ਇਕੱਠੇ ਹੋਣ ਦੀ ਸਖ਼ਤ ਲੋੜ ਹੈ। ਉਹਨਾਂ ਪਾਸ਼, ਹੰਸ ਰਾਜ ਦੀ ਯਾਦਗਾਰ ਨੂੰ ਸਥਾਈ ਬਣਾਉਣ ਬਾਰੇ ਮਤਾ ਵੀ ਪੇਸ਼ ਕੀਤਾ ਜਿਸਦਾ ਲੇਖਕਾਂ ਨੇ ਹੱਥ ਖੜ੍ਹੇ ਕਰਕੇ ਹਾਂ ਵਿੱਚ ਸਮਰਥਨ ਕੀਤਾ। ਇਸ ਮੌਕੇ ਹੋਏ ਕਵੀ ਦਰਬਾਰ ਵਿਚ ਤਿੰਨ ਦਰਜ਼ਨ ਦੇ ਕਰੀਬ ਕਵੀਆਂ ਅਤੇ ਗਾਇਕਾਂ ਨੇ ਭਾਗ ਲਿਆ ਜਿਹਨਾਂ ਵਿੱਚ ਮੁੱਖ ਤੌਰ ਤੇ ਬੀਬਾ ਕੁਲਵੰਤ, ਰੇਸ਼ਮ ਚਿੱਤਰਕਾਰ, ਸੁਰਿੰਦਰ ਸ਼ਰਮਾ, ਗੁਲਜ਼ਾਰ ਸਿੰਘ ਸ਼ੌਂਕੀ, ਸ਼ਾਮ ਸਰਗੂੰਦੀ, ਗੁਰਮੁਖ ਲੁਹਾਰ, ਕੁਲਵੰਤ ਕੌਰ ਨਗਰ, ਨਰਗਿਸ, ਭਿੰਡਰ ਪਟਵਾਰੀ, ਜਸਵਿੰਦਰ ਫਗਵਾੜਾ, ਨਵਜੋਤ ਕੌਰ ਬਟਾਲਾ, ਨਕਸ਼ ਵਰਿਆਣਵੀ, ਪ੍ਰਿੰਸੀਪਲ ਇੰਦਰਜੀਤ ਸਿੰਘ ਵਾਸੂ, ਜਰਨੈਲ ਸਾਖੀ ਅਤੇ ਹੋਰ ਵੀ ਹਾਜ਼ਿਰ ਰਹੇ।

# ਅਨੁਵਾਦ ਦੀ ਮਹੱਤਤਾ ਬਾਰੇ ਸਾਹਿਤਕਾਰਾਂ ਨੇ ਕੀਤਾ ਵਿਚਾਰ-ਵਟਾਂਦਰਾ

- ਜੰਗ ਬਹਾਦਰ ਗੋਇਲ ਵੱਲੋਂ ਅਨੁਵਾਦਿਤ ਕਹਾਣੀ ਸੰਗ੍ਰਹਿ 'ਮੋਪਾਸਾਂ ਤੋਂ ਮੁਨਰੋ ਤੱਕ' ਲੋਕ ਅਰਪਣ

ਚੰਡੀਗੜ੍ਹ, 11 ਅਕਤੂਬਰ (ਪੈ.ਗਾਮ-ਏ-ਜਗਤ)

ਪੰਜਾਬੀ ਲੇਖਕ ਸਭਾ ਚੰਡੀਗੜ੍ਹ ਵੱਲੋਂ ਪੰਜਾਬ ਕਲਾ ਪ੍ਰੀਸ਼ਦ ਦੇ ਸਹਿਯੋਗ ਨਾਲ ਪੰਜਾਬ ਕਲਾ ਭਵਨ ਵਿਖੇ ਕੌਮਾਂਤਰੀ ਅਨੁਵਾਦ ਦਿਵਸ ਨੂੰ ਸਮਰਪਿਤ 'ਸਾਹਿਤਕ ਖੇਤਰ ਵਿੱਚ ਅਨੁਵਾਦ ਦੀ ਭੂਮਿਕਾ' ਵਿਸ਼ੇ 'ਤੇ ਸੰਵਾਦ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਉੱਘੇ ਸਾਹਿਤਕਾਰ ਅਤੇ ਅਨੁਵਾਦਕ ਜੰਗ ਬਹਾਦਰ ਗੋਇਲ ਨੇ ਕੀਤੀ। ਇਸ ਮੌਕੇ ਉਨ੍ਹਾਂ ਵੱਲੋਂ ਅਨੁਵਾਦਿਤ ਕਹਾਣੀ ਸੰਗ੍ਰਹਿ 'ਮੋਪਾਸਾਂ ਤੋਂ ਮੁਨਰੋ ਤੱਕ' ਵੀ ਲੋਕ ਅਰਪਣ ਕੀਤਾ ਗਿਆ।



ਇਸ ਪੁਸਤਕ ਵਿੱਚ ਵਿਸ਼ਵ ਪ੍ਰਸਿੱਧ 13 ਲੇਖਕਾਂ ਦੀਆਂ 16 ਕਹਾਣੀਆਂ ਸ਼ਾਮਲ ਹਨ, ਜੋ ਲਗਭਗ 175 ਸਾਲਾਂ ਦੀ ਵਿਸ਼ਵ ਕਹਾਣੀ-ਵਿਧਾ ਦੀ ਨੁਮਾਇੰਦਗੀ ਕਰਦੀਆਂ ਹਨ। ਇਨ੍ਹਾਂ ਲੇਖਕਾਂ ਵਿੱਚ ਮੋਪਾਸਾਂ, ਮੁਨਰੋ, ਕੇਟ ਸ਼ੋਪੇਨ, ਸਾਮਰਸੇਟ ਮਾਮ, ਡੀ.ਐੱਚ. ਲਾਰੈਂਸ, ਕੈਥਰੀਨ ਮੈਂਸਫ਼ੀਲਡ, ਯਸ਼ਪਾਲ, ਗੈਬਰੀਅਲ ਗਾਰਸੀਆ ਮਾਰਖੇਜ਼ ਅਤੇ ਅਮੋਸ ਓਜ਼ ਸਮੇਤ ਹੋਰ ਪ੍ਰਸਿੱਧ ਨਾਂ ਸ਼ਾਮਲ ਹਨ।

ਮੰਚ ਸੰਚਾਲਨ ਕਰਦਿਆਂ ਸਭਾ ਦੇ ਜਨਰਲ ਸਕੱਤਰ ਭੁਪਿੰਦਰ ਸਿੰਘ ਮਲਿਕ ਨੇ ਕਿਹਾ ਕਿ ਕਵਿਤਾ, ਕਹਾਣੀ, ਵਾਰਤਕ, ਨਾਵਲ ਅਤੇ ਨਾਟਕ ਵਾਂਗ ਅਨੁਵਾਦ ਵੀ ਸਾਹਿਤ ਦੀ ਮਹੱਤਵਪੂਰਨ ਵਿਧਾ ਹੈ। ਸਭਾ ਦੇ ਸਾਬਕਾ ਪ੍ਰਧਾਨ ਬਲਕਾਰ ਸਿੱਧੂ ਨੇ ਅਨੁਵਾਦ ਨੂੰ ਮੂਲ ਲੇਖਣੀ ਅਤੇ ਦੂਜੀਆਂ ਭਾਸ਼ਾਵਾਂ ਦੇ ਪਾਠਕਾਂ ਵਿਚਕਾਰ ਪੁਲ ਕਰਾਰ ਦਿੱਤਾ। ਭਜਨਬੀਰ ਸਿੰਘ ਨੇ ਕਿਹਾ ਕਿ ਲੇਖਕ ਅਤੇ ਅਨੁਵਾਦਕ ਸਮਾਜ ਨੂੰ ਜੋੜਨ ਦਾ ਕੰਮ ਕਰਦੇ ਹਨ।

ਉੱਘੇ ਅਨੁਵਾਦਕ ਪਰਵੇਸ਼ ਸ਼ਰਮਾ ਨੇ ਚੰਗੇ ਅਨੁਵਾਦ ਲਈ ਭਾਸ਼ਾ ਅਤੇ ਸੱਭਿਆਚਾਰ ਦੀ ਸਮਝ ਨੂੰ ਜ਼ਰੂਰੀ ਦੱਸਿਆ। ਯਤਿੰਦਰ ਮਾਹਲ ਨੇ ਅਨੁਵਾਦ ਨੂੰ ਭਾਸ਼ਾਈ ਕਲਾ ਨਾਲ ਜੁੜਿਆ ਕਾਰਜ ਦੱਸਿਆ, ਜਦਕਿ ਸਭਾ ਦੇ ਪ੍ਰਧਾਨ ਦੀਪਕ ਸ਼ਰਮਾ ਚਨਾਰਥਲ ਨੇ ਅਜਿਹੇ ਉਪਰਾਲਿਆਂ ਨੂੰ ਸਾਹਿਤਕ ਸਰਗਰਮੀਆਂ ਲਈ ਸਾਰਥਕ ਕਰਾਰ ਦਿੱਤਾ। ਉਨ੍ਹਾਂ ਦੱਸਿਆ ਕਿ ਤੇਰਾ ਸਿੰਘ ਚੰਨ ਯਾਦਗਾਰੀ ਸਾਹਿਤਕ ਮੇਲਾ 15 ਨਵੰਬਰ ਨੂੰ ਪੰਜਾਬ ਕਲਾ ਭਵਨ ਵਿਖੇ ਕਰਵਾਇਆ ਜਾਵੇਗਾ।

ਅਨੁਵਾਦਕ ਦੀਪ ਜਗਦੀਪ ਸਿੰਘ ਨੇ ਅਨੁਵਾਦ ਬਾਰੇ ਨਿਰੰਤਰ ਵਿਚਾਰ-ਚਰਚਾ ਦੀ ਲੋੜ 'ਤੇ ਜ਼ੋਰ ਦਿੱਤਾ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਜੰਗ ਬਹਾਦਰ ਗੋਇਲ ਨੇ ਕਿਹਾ ਕਿ ਅਨੁਵਾਦ ਸਮੇਂ ਵਫ਼ਾਦਾਰੀ ਸ਼ਬਦਾਂ ਨਾਲ ਨਹੀਂ, ਸਗੋਂ ਅਰਥਾਂ ਨਾਲ ਹੋਣੀ ਚਾਹੀਦੀ ਹੈ। ਉਨ੍ਹਾਂ ਪੰਜਾਬੀ ਸਾਹਿਤ ਵਿੱਚ ਅਨੁਵਾਦਕਾਂ ਨੂੰ ਬਣਦਾ ਸਥਾਨ ਨਾ ਮਿਲਣ ਦਾ ਮੁੱਦਾ ਵੀ ਉਠਾਇਆ।

ਧੰਨਵਾਦੀ ਸ਼ਬਦਾਂ ਵਿੱਚ ਅਨੁਵਾਦਕ ਗੁਰਨਾਮ ਕੰਵਰ ਨੇ ਰਸੂਲ ਹਮਜ਼ਾਤੋਵ ਦੀ ਪੁਸਤਕ 'ਮੇਰਾ ਦਾਗਿਸਤਾਨ' ਦਾ ਹਵਾਲਾ ਦਿੰਦਿਆਂ ਕਿਹਾ ਕਿ ਕਈ ਵਾਰ ਅਨੁਵਾਦਿਤ ਰਚਨਾਵਾਂ ਮੂਲ ਰਚਨਾਵਾਂ ਨਾਲੋਂ ਵੀ ਵਧੇਰੇ ਪੜ੍ਹੀਆਂ ਜਾਂਦੀਆਂ ਹਨ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਲੇਖਕਾਂ, ਬੁੱਧੀਜੀਵੀਆਂ, ਪੱਤਰਕਾਰਾਂ ਅਤੇ ਖੋਜਾਰਥੀਆਂ ਨੇ ਸ਼ਮੂਲੀਅਤ ਕੀਤੀ।

# ਚੰਡੀਗੜ੍ਹ ਏਡਿਡ ਕਾਲਜਾਂ ਦੇ 250 ਤੋਂ ਵੱਧ ਅਧਿਆਪਕਾਂ ਅਤੇ 100 ਤੋਂ ਵੱਧ ਵਿਦਿਆਰਥੀ ਆਗੂਆਂ ਵੱਲੋਂ ਰੋਸ ਪ੍ਰਦਰਸ਼ਨ

## ਮੰਗਾਂ ਦਾ ਸਮਾਂਬੱਧ ਹੱਲ ਨਾ ਹੋਣ 'ਤੇ ਚੰਡੀਗੜ੍ਹ ਸਕੱਤਰੇਤ ਵਿਖੇ ਪ੍ਰਦਰਸ਼ਨ ਦੀ ਚੇਤਾਵਨੀ

ਪੈ.ਗਾਮ-ਏ-ਜਗਤ/ਚੰਡੀਗੜ੍ਹ 13 ਅਕਤੂਬਰ (ਪੈ.ਗਾਮ-ਏ-ਜਗਤ)

ਚੰਡੀਗੜ੍ਹ ਏਡਿਡ ਕਾਲਜ ਟੀਚਰਜ਼ ਐਸੋਸੀਏਸ਼ਨ (ਕੈਕਟਾ) ਵੱਲੋਂ ਏਡਿਡ ਕਾਲਜਾਂ ਦੇ ਅਧਿਆਪਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦੇ ਹੱਲ ਵਿੱਚ ਹੋ ਰਹੀ ਦੇਰੀ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਵਿੱਚ 250 ਤੋਂ ਵੱਧ ਅਧਿਆਪਕਾਂ ਅਤੇ ਵੱਖ-ਵੱਖ ਵਿਦਿਆਰਥੀ ਜਥੇਬੰਦੀਆਂ ਦੇ 100 ਤੋਂ ਵੱਧ ਆਗੂਆਂ ਨੇ ਸ਼ਮੂਲੀਅਤ ਕੀਤੀ। ਜਥੇਬੰਦੀ ਨੇ ਮੰਗਾਂ ਦਾ ਸਮਾਂਬੱਧ ਹੱਲ ਨਾ ਹੋਣ 'ਤੇ ਚੰਡੀਗੜ੍ਹ ਸਕੱਤਰੇਤ ਵਿਖੇ ਪ੍ਰਦਰਸ਼ਨ ਕਰਨ ਦੀ ਚੇਤਾਵਨੀ ਦਿੱਤੀ।




ਕੈਕਟਾ ਦੀਆਂ ਮੁੱਖ ਮੰਗਾਂ ਵਿੱਚ ਯੂਜੀਸੀ ਨਿਯਮਾਂ 2018 ਤਹਿਤ ਲੰਬਿਤ ਕਰੀਅਰ ਐਡਵਾਂਸਮੈਂਟ ਸਕੀਮ (ਸੀਏਐਸ) ਤਰੱਕੀਆਂ ਦੇ ਮਾਮਲਿਆਂ ਦਾ ਨਿਪਟਾਰਾ, ਯੋਗ ਅਧਿਆਪਕਾਂ ਨੂੰ ਪਿਛਲੀ ਸੇਵਾ ਦੇ ਲਾਭ ਦੇਣਾ, 1 ਅਪ੍ਰੈਲ 2022 ਤੋਂ ਪਹਿਲਾਂ ਨਿਯੁਕਤ ਕਰਮਚਾਰੀਆਂ ਲਈ 57,700 ਰੁਪਏ ਦੀ ਮੁੱਢਲੀ ਤਨਖਾਹ ਦਾ ਮਾਮਲਾ ਹੱਲ ਕਰਨਾ ਅਤੇ ਮਕਾਨ ਕਿਰਾਇਆ ਭੱਤਾ 16 ਫ਼ੀਸਦੀ ਤੋਂ ਵਧਾ ਕੇ 20 ਫ਼ੀਸਦੀ ਕਰਨਾ ਸ਼ਾਮਲ ਹੈ। ਇਸ ਤੋਂ ਇਲਾਵਾ ਖਾਲੀ ਅਧਿਆਪਨ, ਗੈਰ-ਅਧਿਆਪਨ ਅਤੇ ਪ੍ਰਿੰਸੀਪਲਾਂ ਦੀਆਂ ਅਸਾਮੀਆਂ ਨੂੰ ਜਲਦੀ ਭਰਨ ਦੀ ਮੰਗ ਵੀ ਕੀਤੀ ਗਈ।

ਕੈਕਟਾ ਦੇ ਪ੍ਰਧਾਨ ਡਾ. ਗੁਰਚਰਨ ਸਿੰਘ ਗਿੱਲ ਨੇ ਕਿਹਾ ਕਿ ਅਧਿਆਪਕਾਂ ਦੇ ਜਾਇਜ਼ ਹੱਕਾਂ ਅਤੇ ਪੇਸ਼ੇਵਰ ਸਨਮਾਨ ਨਾਲ ਜੁੜੇ ਇਨ੍ਹਾਂ ਮਾਮਲਿਆਂ ਨੂੰ ਲਗਾਤਾਰ ਲਟਕਾਇਆ ਜਾ ਰਿਹਾ ਹੈ। ਜਥੇਬੰਦੀ ਵੱਲੋਂ ਗੱਲਬਾਤ ਅਤੇ ਕਈ ਵਾਰ ਪ੍ਰਤੀਨਿਧਤਾਵਾਂ ਦੇਣ ਦੇ ਬਾਵਜੂਦ ਕੋਈ ਠੋਸ ਹੱਲ ਨਹੀਂ ਨਿਕਲਿਆ। ਉਨ੍ਹਾਂ ਚੰਡੀਗੜ੍ਹ ਪ੍ਰਸ਼ਾਸਨ ਅਤੇ ਸਿੱਖਿਆ ਵਿਭਾਗ ਨੂੰ ਮੰਗਾਂ ਦਾ ਬਿਨਾਂ ਦੇਰੀ ਹੱਲ ਕਰਨ ਦੀ ਅਪੀਲ ਕੀਤੀ।

ਕੈਕਟਾ ਦੇ ਉਪ ਪ੍ਰਧਾਨ ਡਾ. ਸੁਮਿਤ ਗੋਕਲਾਨੀ ਨੇ ਕਿਹਾ ਕਿ ਯੋਗ ਅਧਿਆਪਕਾਂ ਨੂੰ ਉਨ੍ਹਾਂ ਦੀ ਪਿਛਲੀ ਸੇਵਾ ਦੇ ਲਾਭਾਂ ਤੋਂ ਵਾਂਝਾ ਨਹੀਂ ਰੱਖਿਆ ਜਾਣਾ ਚਾਹੀਦਾ। ਅਧਿਆਪਕ ਕੋਈ ਵਿਸ਼ੇਸ਼ ਰਿਆਇਤ ਨਹੀਂ, ਸਗੋਂ ਆਪਣੇ ਜਾਇਜ਼ ਅਧਿਕਾਰ ਮੰਗ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਵਾਜਬ ਸਮੇਂ ਅੰਦਰ ਠੋਸ ਫੈਸਲੇ ਨਾ ਲਏ ਗਏ ਤਾਂ ਜਥੇਬੰਦੀ ਆਪਣਾ ਸ਼ਾਂਤਮਈ ਲੋਕਤੰਤਰੀ ਅੰਦੋਲਨ ਤੇਜ਼ ਕਰੇਗੀ ਅਤੇ ਚੰਡੀਗੜ੍ਹ ਸਕੱਤਰੇਤ ਦੇ ਸਾਹਮਣੇ ਰੋਸ ਪ੍ਰਦਰਸ਼ਨ ਕਰੇਗੀ। ਜਥੇਬੰਦੀ ਨੇ ਕਿਹਾ ਕਿ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਵੱਡੀ ਸ਼ਮੂਲੀਅਤ ਉੱਚ ਸਿੱਖਿਆ ਦੇ ਸੁਚਾਰੂ ਕੰਮਕਾਜ ਅਤੇ ਅਧਿਆਪਕਾਂ ਦੇ ਹਿੱਤਾਂ ਪ੍ਰਤੀ ਸਾਂਝੀ ਚਿੰਤਾ ਨੂੰ ਦਰਸਾਉਂਦੀ ਹੈ।

# ਸਰਬ ਸਾਂਝਾ ਵੈਲਫੇਅਰ ਸੋਸਾਇਟੀ ਵੱਲੋਂ ਸਮੂਹਿਕ ਆਨੰਦ ਕਾਰਜ ਪਹਿਲੀ ਨਵੰਬਰ ਨੂੰ

- ਵਿਧਾਇਕ ਕੁਲਵੰਤ ਸਿੰਘ ਹੋਰਾਂ ਕੀਤਾ ਪੋਸਟਰ ਰਿਲੀਜ
- ਲੋੜਵੰਦ ਪਰਿਵਾਰ ਕਰਵਾ ਸਕਦੇ ਹਨ 20 ਅਕਤੂਬਰ ਤੱਕ ਰਜਿਸਟਰੇਸ਼ਨ : ਫੂਲਰਾਜ ਸਿੰਘ

ਮੋਹਾਲੀ 12 ਅਕਤੂਬਰ (ਪੈ.ਗਾਮ-ਏ-ਜਗਤ)

ਸਰਬ ਸਾਂਝਾ ਵੈਲਫੇਅਰ ਸੋਸਾਇਟੀ (ਰਜਿ.) ਮੋਹਾਲੀ ਦੀ ਤਰਫੋਂ ਹਰ ਸਾਲ ਵਿਧਾਇਕ ਮੋਹਾਲੀ- ਕੁਲਵੰਤ ਸਿੰਘ ਦੀ ਸਰਪਸਤੀ ਦੇ ਹੇਠ ਸਮੂਹਿਕ ਆਨੰਦ ਕਾਰਜ ਕਰਵਾਏ ਜਾਂਦੇ ਹਨ , ਸ਼ਹੀਦ ਭਗਤ ਸਿੰਘ ਸਪੋਰਟਸ ਐਂਡ ਵੈਲਫੇਅਰ ਕਲੱਬ ਦੇ ਵਿਸ਼ੇਸ਼ ਸਹਿਯੋਗ ਨਾਲ ਇਸ ਵਾਰ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਸਮੂਹਿਕ ਅਨੰਦ ਕਾਰਜ - ਗੁਰਦੁਆਰਾ ਨਾਨਕ ਦਰਬਾਰ ਸਾਹਿਬ ,ਸੈਕਟਰ 90-91, ਮੋਹਾਲੀ ਵਿਖੇ ਕਰਵਾਏ ਜਾ ਰਹੇ ਹਨ, ਪੋਸਟਰ ਰਿਲੀਜ਼ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਸਰਬ ਸਾਂਝਾ ਵੈਲਫੇਅਰ ਸੋਸਾਇਟੀ (ਰਜਿ.) ਦੀ ਤਰਫੋਂ ਹਰ ਸਾਲ ਪ੍ਰਧਾਨ -ਫੂਲਰਾਜ ਸਿੰਘ ਦੀ ਅਗਵਾਈ ਹੇਠ ਇਹ ਵੱਡਾ ਪ੍ਰੋਗਰਾਮ ਕਰਵਾਇਆ ਜਾਂਦਾ ਹੈ ਅਤੇ ਲੋੜਵੰਦ ਲੜਕੀਆਂ ਦੇ ਸਮੂਹਿਕ ਵਿਆਹ ਕਰਵਾਏ ਜਾਂਦੇ ਹਨ, ਇਸ ਮਹਾਨ ਪਵਿੱਤਰ ਕਾਰਜ ਦੇ ਲਈ ਸੁਸਾਇਟੀ ਦੇ ਸਭਨਾਂ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਦਿਨ -ਰਾਤ ਇੱਕ ਕਰਕੇ ਇਸ ਪਾਵਨ ਕਾਰਜ ਨੂੰ ਨੇਪਰੇ ਚੜ੍ਹਿਆ ਜਾਂਦਾ ਹੈ ਅਤੇ ਉਹਾਂ ਨੂੰ ਵੀ ਇਸ ਸਮੂਹਿਕ ਅਨੰਦ ਕਾਰਜ ਦੇ ਵਿੱਚ ਹਿੱਸਾ ਲੈਣ ਦਾ ਹਰ ਵਾਰ ਮੌਕਾ ਮਿਲਦਾ ਹੈ ਅਤੇ ਹੁਣ ਵੀ ਜਿਸ ਉਤਸ਼ਾਹ ਦੇ ਨਾਲ ਇਹ ਸੁਸਾਇਟੀ ਮੈਂਬਰ ਤਿਆਰੀ ਵਿੱਚ ਜੁਟੇ ਹੋਏ ਹਨ, ਇਹਦੇ ਕਾਬਲੇ ਤਾਰੀਫ ਹੈ, ਕਿਉਂਕਿ ਸਮਾਜ ਸੇਵਾ ਦੇ ਕੰਮਾਂ ਵਿੱਚ ਆਪਣਾ ਨਿਜੀ ਕੰਮ -ਕਾਜ ਛੱਡ ਕੇ ਸਮਾਂ ਦੇਣਾ ਇੱਕ ਵੱਡੀ ਗੱਲ ਹੈ, ਅਤੇ ਇਸ ਨਾਲ ਹੋਰਨਾ ਸਮਾਜ ਸੇਵੀ ਜਥੇਬੰਦੀਆਂ ਅਤੇ ਸਮਾਜ ਸੇਵਕਾਂ ਨੂੰ ਵੀ ਪ੍ਰੇਰਣਾ ਅਤੇ ਸੇਧ ਮਿਲਦੀ ਹੈ,




ਇਸ ਸਮਾਗਮ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਸਟੇਟ ਐਵਾਰਡੀ ਅਤੇ ਸਰਬ ਸਾਂਝਾ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ - ਫੂਲਰਾਜ ਸਿੰਘ ਹੋਰਾਂ ਨੇ ਦੱਸਿਆ ਕਿ ਇਸ ਸਬੰਧੀ ਗੁਰਦੀਪ ਸਿੰਘ ਟਿਵਾਣਾ- ਸੀਨੀਅਰ ਮੀਤ ਪ੍ਰਧਾਨ, ਨਿਹਾਲ ਸਿੰਘ ਵਿਰਕ-ਮੀਤ ਪ੍ਰਧਾਨ, ਬਲਵਿੰਦਰ ਸਿੰਘ ਗੁਰਾਇਆ-ਮੀਤ ਪ੍ਰਧਾਨ, ਗੁਰਵੀਰ ਸਿੰਘ ਬੱਗਾ-ਜਨਰਲ ਸਕੱਤਰ ,ਗੁਰਮੀਤ ਸਿੰਘ ਖਜਾਨਚੀ, ਜਦਕਿ ਸ਼ਹੀਦ ਭਗਤ ਸਿੰਘ ਸਪੋਰਟਸ ਐਂਡ ਵੈਲਫੇਅਰ ਕਲੱਬ ਦੇ ਪ੍ਰਧਾਨ- ਭੁਪਿੰਦਰ ਸਿੰਘ ਕਬੱਡੀ ਕੋਚ, ਹਰਮੇਸ਼ ਸਿੰਘ ਕੁੰਬੜਾ -ਸਰਪ੍ਰਸਤ ,ਹਰਮਿੰਦਰ ਸਿੰਘ ਮਾਖਾ - ਜਨਰਲ ਸਕੱਤਰ ਤੇ ਅਧਾਰਤ ਸਮੁੱਚੀ ਟੀਮ ਦੇ ਵੱਲੋਂ ਵਿਆਹ ਸਮਾਗਮ ਦੀਆਂ ਤਿਆਰੀਆਂ ਵੱਡੇ ਪੱਧਰ ਤੇ ਕੀਤੀਆਂ ਜਾ ਰਹੀਆਂ ਹਨ। ਸਟੇਟ ਐਵਾਰਡੀ ਅਤੇ ਸੁਸਾਇਟੀ ਦੇ ਪ੍ਰਧਾਨ- ਫੂਲਰਾਜ ਸਿੰਘ ਹੋਰਾਂ ਦੱਸਿਆ ਕਿ ਹਰੇਕ ਸਾਲ ਵਿਧਾਇਕ ਕੁਲਵੰਤ ਸਿੰਘ ਦੀ ਸਰਪਸਤੀ ਦੇ ਹੇਠ ਇਸ ਵਿਆਹ ਸਮਾਗਮ ਨੂੰ ਨੇਪਰੇ ਚਾੜਿਆ ਜਾਂਦਾ ਹੈ ਅਤੇ ਇਸ ਵਾਰ ਵੀ ਵਿਧਾਇਕ ਕੁਲਵੰਤ ਸਿੰਘ ਦੀ ਵਿਸ਼ੇਸ਼ ਸਰਪਰਸਤੀ ਹੇਠ ਪਹਿਲੀ ਨਵੰਬਰ 2026 ਨੂੰ ਸਮੁੱਚਾ ਸਮਾਗਮ ਵਿੱਢਿਆ ਗਿਆ ਹੈ ਅਤੇ ਅੱਜ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੀ ਤਰਫੋਂ ਸਮੂਹਿਕ ਆਨੰਦ ਕਾਰਜਾਂ ਸਬੰਧੀ ਪੋਸਟਰ ਰਿਲੀਜ਼ ਕੀਤਾ ਗਿਆ ਹੈ।

ਜਿੱਥੇ ਉਹਨਾਂ ਸਮੂਹਿਕ ਆਨੰਦ ਕਾਰਜ ਨੂੰ ਲੈ ਕੇ ਸੁਸਾਇਟੀ ਅਤੇ ਕਲੱਬ ਦੇ ਸਮੁੱਚੇ ਮੈਂਬਰ ਅਤੇ ਅਹੁਦੇਦਾਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ, ਉੱਥੇ ਇਸ ਸਮਾਗਮ ਸਬੰਧੀ ਤਿਆਰੀਆਂ ਦਾ ਜਾਇਜ਼ਾ ਵੀ ਲਿਆ, ਉਹਨਾਂ ਨਾਲ ਹੀ ਸੋਸਾਇਟੀ ਦੇ ਮੈਂਬਰਾਂ ਦੀ ਹੌਸਲਾ ਅਫਜਾਈ ਕਰਦੇ ਹੋਏ ਵਿਆਹ ਸਮਾਗਮ ਵਿੱਚ ਹਰ ਸੰਭਵ ਮਦਦ ਕਰਨ ਦਾ ਭਰੋਸਾ ਵੀ ਦਵਾਇਆ, ਫੂਲਰਾਜ ਸਿੰਘ ਹੋਰਾਂ ਦੱਸਿਆ ਕਿ ਲੋੜਵੰਦ ਲੜਕੀਆਂ ਨੂੰ ਘਰੇਲੂ ਵਰਤੋ ਵਿੱਚ ਆਉਣ ਵਾਲਾ 80 ਹਜ਼ਾਰ ਦੀ ਕੀਮਤ ਦਾ ਸਮਾਨ ਵੀ ਸੁਸਾਇਟੀ ਵੱਲੋਂ ਦਿੱਤਾ ਜਾਵੇਗਾ ਅਤੇ ਇਹਨਾਂ ਵਿਆਹ ਸਮਾਗਮ ਦੇ ਵਿੱਚ ਲੋੜਵੰਦ ਪਰਿਵਾਰਾਂ ਨੂੰ ਇਹ ਅਪੀਲ ਕੀਤੀ ਜਾਂਦੀ ਹੈ ਕਿ ਉਹ 20 ਅਕਤੂਬਰ 2026 ਤੱਕ ਰਜਿਸਟਰੇਸ਼ਨ ਕਰਵਾ ਸਕਦੇ ਹਨ, ਉਹਨਾਂ ਦੱਸਿਆ ਕਿ ਇਹਨਾਂ ਵਿਆਹ ਸਮਾਗਮਾਂ ਦੇ ਦੌਰਾਨ ਇਸ ਵਿਆਹ ਸਮੂਹਿਕ ਵਿਆਹ ਸਮਾਗਮ ਦੇ ਦੌਰਾਨ ਲੜਕੀਆਂ ਦੇ ਧਾਰਮਿਕ ਅਕੀਦੇ ਨੂੰ ਧਿਆਨ ਵਿੱਚ ਰੱਖਦੇ ਹੋਏ ਸਿੱਖ, ਹਿੰਦੂ ਅਤੇ ਮੁਸਲਿਮ ਭਾਈਚਾਰੇ ਨਾਲ ਸੰਬੰਧਿਤ ਰੀਤੀ ਰਿਵਾਜਾਂ ਅਨੁਸਾਰ ਕਾਰਜ ਕੀਤਾ ਜਾਵੇਗਾ, ਲੜਕੀ ਦਾ ਪਰਿਵਾਰ ਫਿਰ ਭਾਵੇਂ ਪੰਜਾਬ ਦੇ ਕਿਸੇ ਵੀ ਕੋਨੇ ਵਿੱਚ ਹੋਵੇ, ਜਾਂ ਹੋਰ ਸਟੇਟ ਨਾਲ ਸੰਬੰਧਿਤ ਹੋਵੇ, ਉਹਨਾਂ ਦੱਸਿਆ ਕਿ ਬਰਾਤੀਆਂ ਅਤੇ ਲੜਕਾ- ਲੜਕੀ ਦੇ ਪਰਿਵਾਰਕ ਮੈਂਬਰਾਂ ਦੇ ਲਈ ਬਰੇਕਫਾਸਟ ਅਤੇ ਦੁਪਹਿਰ ਦੇ ਖਾਣੇ ਦਾ ਪ੍ਰਬੰਧ ਸੁਸਾਇਟੀ ਦੀ ਤਰਫੋਂ ਹੀ ਕੀਤਾ ਜਾਵੇਗਾ, ਵਿਧਾਇਕ ਕੁਲਵੰਤ ਸਿੰਘ ਉਹਨਾਂ ਕਿਹਾ ਕਿ ਵਿਧਾਇਕ ਕੁਲਵੰਤ ਸਿੰਘ ਹੋਰਾਂ ਵੱਲੋਂ ਵਿਆਹ ਸਮਾਗਮ ਸਬੰਧੀ ਪੋਸਟਰ ਰਿਲੀਜ਼ ਕੀਤੇ ਜਾਣ ਦੇ ਦੌਰਾਨ ਗੁਰਮੀਤ ਸਿੰਘ, ਹਰਜਿੰਦਰ ਸਿੰਘ ਭਾਟੀਆ, ਬਿਕਰਮ ਸਿੰਘ, ਮਨਜੀਤ ਸਿੰਘ, ਅਵਤਾਰ ਸਿੰਘ, ਤਰਲੋਚਨ ਸਿੰਘ, ਜਗਦੀਸ਼ ਸਿੰਘ, ਗੁਰਨਾਮ ਸਿੰਘ, ਹਰਜਿੰਦਰ ਸਿੰਘ ਹੁੰਦਲ, ਜਸਜੀਤ ਸਿੰਘ ਭਾਟੀਆ, ਅਮਰਜੀਤ ਸਿੰਘ ਵੀ ਹਾਜ਼ਰ ਸਨ।

# ਜਗਤਪੁਰਾ ਵਿੱਚ ਖ਼ੂਨਦਾਨ ਕੈਂਪ ਦੌਰਾਨ 150 ਯੂਨਿਟ ਖ਼ੂਨ ਇਕੱਠਾ, ਸਿੱਧੂ ਬ੍ਰਦਰਜ਼ ਨੇ ਸ਼ੰਮੀ ਮੋਹਾਲੀ ਦੀ ਕੀਤੀ ਸ਼ਲਾਘਾ

- ਅਮਰਜੀਤ ਸਿੰਘ ਜੀਤੀ ਸਿੱਧੂ ਨੇ ਕਿਹਾ, ਸ਼ੰਮੀ ਮਿਹਨਤੀ ਅਤੇ ਸਮਾਜ ਸੇਵਾ ਪ੍ਰਤੀ ਸਮਰਪਿਤ ਨੌਜਵਾਨ, ਪਾਰਟੀ ਵਿੱਚ ਮਿਲ ਸਕਦੀ ਹੈ ਵੱਡੀ ਜ਼ਿੰਮੇਵਾਰੀ

ਪੈ.ਗਾਮ-ਏ-ਜਗਤ/ਮੋਹਾਲੀ 11 ਅਕਤੂਬਰ (ਗੁਰਜੀਤ ਬਿੱਲਾ)

ਸਮਾਜ ਸੇਵਾ ਦੇ ਖੇਤਰ ਵਿੱਚ ਸਰਗਰਮ ਸ਼ੰਮੀ ਮੋਹਾਲੀ ਵੱਲੋਂ ਐਤਵਾਰ ਨੂੰ ਜਗਤਪੁਰਾ ਸਥਿਤ ਦਿ ਹੈਰੀਟੇਜ ਸਕੂਲ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ। ਮੀਂਹ ਦੇ ਬਾਵਜੂਦ ਨੌਜਵਾਨਾਂ ਨੇ ਉਤਸ਼ਾਹ ਨਾਲ ਖ਼ੂਨਦਾਨ ਕੀਤਾ ਅਤੇ ਕੈਂਪ ਦੌਰਾਨ ਕੁੱਲ 150 ਯੂਨਿਟ ਖ਼ੂਨ ਇਕੱਠਾ ਹੋਇਆ। ਸਰਕਾਰੀ ਹਸਪਤਾਲ ਸੈਕਟਰ-16, ਚੰਡੀਗੜ੍ਹ ਦੀ ਮੈਡੀਕਲ ਟੀਮ ਨੇ ਖ਼ੂਨਦਾਨ ਦੀ ਪ੍ਰਕਿਰਿਆ ਨੇਪਰੇ ਚਾੜ੍ਹੀ।



ਇਸ ਮੌਕੇ ਸਾਬਕਾ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ, ਬਲਬੀਰ ਸਿੰਘ ਸਿੱਧੂ, ਕਮਲਜੀਤ ਰੂਬੀ ਸਿੱਧੂ, ਬਾਬਾ ਸ਼ੇਰ ਸਿੰਘ, ਮਨਿੰਦਰ ਸਿੰਘ ਅਤੇ ਕਰਨਲ ਜਸਦੀਪ ਸਿੰਘ ਸਿੱਧੂ ਸਮੇਤ ਕਈ ਪਤਵੰਤੇ ਹਾਜ਼ਰ ਹੋਏ। ਉਨ੍ਹਾਂ ਨੇ ਸ਼ੰਮੀ ਮੋਹਾਲੀ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ।

ਸਾਬਕਾ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ ਨੇ ਕਿਹਾ ਕਿ ਸ਼ੰਮੀ ਇੱਕ ਮਿਹਨਤੀ ਅਤੇ ਸਮਾਜ ਸੇਵਾ ਪ੍ਰਤੀ ਸਮਰਪਿਤ ਨੌਜਵਾਨ ਹੈ, ਜੋ ਪਿਛਲੇ ਕਈ ਸਾਲਾਂ ਤੋਂ ਖ਼ੂਨਦਾਨ ਕੈਂਪਾਂ ਸਮੇਤ ਹੋਰ ਸਮਾਜ ਭਲਾਈ ਦੇ ਕੰਮਾਂ ਵਿੱਚ ਯੋਗਦਾਨ ਪਾ ਰਿਹਾ ਹੈ। ਕਾਂਗਰਸ ਪਾਰਟੀ ਵਿੱਚ ਸ਼ੰਮੀ ਨੂੰ ਵੱਡੀ ਜ਼ਿੰਮੇਵਾਰੀ ਦੇਣ ਸਬੰਧੀ ਪੁੱਛੇ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਵਿਅਕਤੀ ਦੀ ਪਛਾਣ ਉਸ ਦੇ ਕੰਮਾਂ ਨਾਲ ਬਣਦੀ ਹੈ। ਉਨ੍ਹਾਂ ਸੰਕੇਤ ਦਿੱਤਾ ਕਿ ਪਾਰਟੀ ਵੱਲੋਂ ਸ਼ੰਮੀ ਨੂੰ ਜਲਦ ਕੋਈ ਵੱਡੀ ਜ਼ਿੰਮੇਵਾਰੀ ਸੌਂਪੀ ਜਾ ਸਕਦੀ ਹੈ।

ਇਸ ਮੌਕੇ ਸ਼ੰਮੀ ਮੋਹਾਲੀ ਨੇ ਕਿਹਾ ਕਿ ਉਹ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਸਾਰੂ ਗਤੀਵਿਧੀਆਂ ਨਾਲ ਜੋੜਨ ਲਈ ਯਤਨਸ਼ੀਲ ਹਨ। ਜਗਤਪੁਰਾ ਖੇਤਰ ਵਿੱਚ ਨਸ਼ਿਆਂ ਦੀ ਵਿਕਰੀ ਰੋਕਣ ਲਈ ਪੁਲਿਸ ਦੇ ਸਹਿਯੋਗ ਨਾਲ ਕਾਰਵਾਈ ਕਰਵਾਉਣ ਦੇ ਯਤਨ ਵੀ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਖ਼ੂਨਦਾਨ ਕੈਂਪ ਅਤੇ ਹੋਰ ਲੋਕ ਭਲਾਈ ਦੇ ਕਾਰਜ ਜਾਰੀ ਰਹਿਣਗੇ। ਅਮਰਜੀਤ ਸਿੰਘ ਜੀਤੀ ਸਿੱਧੂ ਨੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਲੋੜ 'ਤੇ ਜ਼ੋਰ ਦਿੱਤਾ। ਹਾਜ਼ਰ ਮਹਿਮਾਨਾਂ ਨੇ ਖ਼ੂਨਦਾਨੀਆਂ ਦੇ ਜਜ਼ਬੇ ਦੀ ਸ਼ਲਾਘਾ ਕਰਦਿਆਂ ਲੋਕਾਂ ਨੂੰ ਨਿਯਮਿਤ ਖ਼ੂਨਦਾਨ ਕਰਨ ਅਤੇ ਸਮਾਜ ਸੇਵਾ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।

# ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਵੱਲੋਂ ਡਾ. ਲੁਬਾਣਾ ਦੀ ਧਾਰਮਿਕ ਐਲਬੰਮ 'ਸਤਿਨਾਮੁ ਵਾਹਿਗੁਰੂ' ਦਾ ਪੋਸਟਰ ਦਾ ਲੋਕ ਅਰਪਣ

ਚੰਡੀਗੜ੍ਹ, 13 ਅਕਤੂਬਰ (ਪੈ.ਗਾਮ-ਏ-ਜਗਤ)

ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਵੱਲੋਂ ਪ੍ਰਸਿੱਧ ਗੀਤਕਾਰ ਡਾ. ਰਵਿੰਦਰ ਸਿੰਘ ਲੁਬਾਣਾ ਦੀ ਧਾਰਮਿਕ ਮਿਊਜ਼ਿਕਲ ਐਲਬਮ 'ਸਤਿਨਾਮੁ ਵਾਹਿਗੁਰੂ' ਦਾ ਪੋਸਟਰ ਰਿਲੀਜ਼ ਕਰਨ ਲਈ ਵਿਸ਼ਵ ਪਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਦੇ ਸੈਕਟਰ-41, ਚੰਡੀਗੜ੍ਹ ਵਿਖੇ ਇੱਕ ਸਮਾਗਮ ਕੀਤਾ ਗਿਆ ਜਿਸ ਦੀ ਪ੍ਰਧਾਨਗੀ ਸੰਸਥਾ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿਘ ਗੋਸਲ ਨੇ ਕੀਤੀ।



ਉਨ੍ਹਾਂ ਤੋਂ ਇਲਾਵਾ ਇਸ ਮੌਕੇ ਤੇ ਸੰਸਥਾ ਦੇ ਜਨਰਲ ਸਕੱਤਰ ਅਵਤਾਰ ਸਿੰਘ ਮਹਿਤਪੁਰੀ, ਸੀਨੀਅਰ ਮੀਤ ਜਗਤਾਰ ਸਿੰਘ ਜੋਗ, ਡਾ. ਰਵਿੰਦਰ ਸਿੰਘ ਲੁਬਾਣਾ, ਬਲਜੀਤ ਸਿੰਘ ਖਾਲਸਾ, ਬਲਵਿੰਦਰ ਸਿੰਘ, ਪਿੰਟੂ ਅਤੇ ਗਜਿੰਦਰ ਤਿਵਾੜੀ ਵੀ ਹਾਜ਼ਰ ਸਨ। ਸੰਸਥਾ ਦੇ ਅਹੁਦੇਦਾਰਾਂ ਨੇ ਮਿਲ ਕੇ ਇਸ ਧਾਰਮਿਕ ਪੋਸਟਰ ਦਾ ਲੋਕ ਅਰਪਣ ਕੀਤਾ ਅਤੇ ਡਾ. ਰਵਿੰਦਰ ਲੁਬਾਣਾ ਨੂੰ ਮੁਬਾਰਕਾਂ ਦਿੱਤੀਆਂ। ਇਸ ਮੌਕੇ ਸਭਾ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿੰਘ ਗੋਸਲ ਨੇ ਸਾਰਿਆਂ ਨੂੰ ਇਸ ਜਾਪ ਰੂਪੀ ਐਲਬਮ ਨੂੰ ਰੋਜ਼ਾਨਾ ਜੀਵਨ ਦਾ ਅੰਗ ਬਣਾਉਣ ਲਈ ਕਿਹਾ ਅਤੇ ਰਵਿੰਦਰ ਲੁਬਾਣਾ ਦੀ ਦਿਲੋਂ ਸਪੋਟ ਕਰਨ ਲਈ ਬੇਨਤੀ ਵੀ ਕੀਤੀ ਤਾਂ ਕਿ ਅੱਗੋਂ ਵੀ ਸੰਗੀਤ ਜਗਤ ਦੀ ਸੇਵਾ ਕਰਦੇ ਰਹਿਣ।

ਇਹ ਉਨ੍ਹਾਂ ਦੀ 10ਵੀਂ ਐਲਬਮ ਹੈ ਅਤੇ ਉਹ ਤਨੋ, ਮਨੋ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਦੀ ਸੰਸਥਾ ਨਾਲ ਜੁੜੇ ਹੋਏ ਹਨ। ਪ੍ਰਿੰ. ਬਹਾਦਰ ਸਿੰਘ ਗੋਸਲ ਅਤੇ ਅਵਤਾਰ ਸਿੰਘ ਮਹਿਤਪੁਰੀ ਨੇ ਕਿਹਾ ਕਿ ਇਕ ਬੁੱਧੀਜੀਵੀ ਵਲੋਂ ਪੰਜਾਬੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਕੰਮ ਕਰਨ ਲਈ ਉਨ੍ਹਾਂ ਨੇ ਡਾ. ਲੁਬਾਣਾ ਨੂੰ ਹੋਰ ਚੰਗੇਰਾ ਕਰਨ ਦੀ ਅਪੀਲ ਕੀਤੀ।

ਇਸ ਸਮਾਗਮ ਵਿੱਚ ਧਾਰਮਿਕ ਐਲਬਮ ਦਾ ਪੋਸਟਰ ਰਿਲੀਜ਼ ਕਰਨ ਮੌਕੇ ਤੇ ਇਸ ਐਲਬਮ ਦੇ ਰਚਨਹਾਰ ਡਾ. ਰਵਿੰਦਰ ਸਿੰਘ ਲੁਬਣਾ ਨੂੰ ਸੰਸਥਾ ਵਲੋਂ ਇੱਕ ਸ਼ਾਲ, ਮੋਮੈਂਟੋ ਅਤੇ ਕਿਤਾਬਾਂ ਦੇ ਸੈੱਟ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਜਗਤਾਰ ਸਿੰਘ ਜੋਗ ਵੱਲੋਂ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਵੀ ਕੀਤਾ ਗਿਆ ਅਤੇ ਸਮਾਗਮ ਦੇ ਅੰਤ ਵਿੱਚ ਮਠਿਆਈ ਵੰਡੀ ਗਈ।

# ਪਰਮਿੰਦਰ ਸਿੰਘ ਗੋਲਡੀ ਵੱਲੋਂ ਵਾਰਡ 24 ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਸੁਧਾਰਨ ਲਈ ਨਵਾਂ ਟਿਊਬਵੈੱਲ ਸ਼ੁਰੂ

ਪੈ.ਗਾਮ-ਏ-ਜਗਤ ਖਰੜ, 13 ਅਕਤੂਬਰ (ਦਵਿੰਦਰ ਕੌਰ ਸਹੋਤਾ)

ਖਰੜ ਦੇ ਵਾਰਡ ਨੰਬਰ 24 ਸਥਿਤ ਮਿਊਂਸਪਲ ਪਾਰਕ ਵਿੱਚ ਲੋਕਾਂ ਨੂੰ ਪੇਸ਼ ਆ ਰਹੀ ਪੀਣ ਵਾਲੇ ਪਾਣੀ ਦੀ ਸਮੱਸਿਆ ਦੇ ਹੱਲ ਲਈ ਹਲਕਾ ਇੰਚਾਰਜ ਖਰੜ ਅਤੇ ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਸ. ਪਰਮਿੰਦਰ ਸਿੰਘ ਗੋਲਡੀ ਵੱਲੋਂ ਨਵੇਂ ਟਿਊਬਵੈੱਲ ਦੀ ਡ੍ਰਿਲਿੰਗ ਦਾ ਕੰਮ ਸ਼ੁਰੂ ਕਰਵਾਇਆ ਗਿਆ। ਪੁਰਾਣਾ ਟਿਊਬਵੈੱਲ ਫੇਲ੍ਹ ਹੋਣ ਕਾਰਨ ਇਲਾਕਾ ਨਿਵਾਸੀਆਂ ਨੂੰ ਪਾਣੀ ਦੀ ਕਿੱਲਤ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਇਸ ਸਮੱਸਿਆ ਦੇ ਸਥਾਈ ਹੱਲ ਲਈ ਨਵਾਂ ਟਿਊਬਵੈੱਲ ਲਗਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਵਾਰਡ ਨੰਬਰ 24 ਦੇ ਵਸਨੀਕਾਂ ਨੂੰ ਪਾਣੀ ਦੀ ਸਮੱਸਿਆ ਤੋਂ ਰਾਹਤ ਮਿਲਣ ਦੀ ਉਮੀਦ ਹੈ।



ਇਸ ਮੌਕੇ ਖਰੜ ਦੇ ਕਾਰਜ ਸਾਧਕ ਅਧਿਕਾਰੀ (ਈ.ਓ.) ਸ੍ਰੀ ਅਸ਼ੋਕ ਪਥਰੀਆ ਨੇ ਦੱਸਿਆ ਕਿ ਇਸ ਨਵੇਂ ਟਿਊਬਵੈੱਲ 'ਤੇ ਕਰੀਬ 47 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਦੇ ਚਾਲੂ ਹੋਣ ਨਾਲ ਇਲਾਕੇ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਬਿਹਤਰ ਬਣਾਉਣ ਵਿੱਚ ਮਦਦ ਮਿਲੇਗੀ।

ਸ. ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਤਰਜੀਹ ਹੈ। ਉਨ੍ਹਾਂ ਕਿਹਾ ਕਿ ਇਲਾਕਾ ਨਿਵਾਸੀਆਂ ਨੂੰ ਪਾਣੀ ਸਬੰਧੀ ਆ ਰਹੀ ਮੁਸ਼ਕਲ ਨੂੰ ਦੂਰ ਕਰਨ ਲਈ ਇਹ ਉਪਰਾਲਾ ਕੀਤਾ ਗਿਆ ਹੈ।

ਇਸ ਮੌਕੇ ਕਾਰਜ ਸਾਧਕ ਅਧਿਕਾਰੀ ਅਸ਼ੋਕ ਪਥਰੀਆ ਸਮੇਤ ਨਗਰ ਕੌਂਸਲ ਦਾ ਦਫ਼ਤਰੀ ਸਟਾਫ਼, ਬਲਾਕ ਸਮਿਤੀ ਖਰੜ ਦੇ ਚੇਅਰਮੈਨ ਰਘੁਬੀਰ ਸਿੰਘ ਮੋਦੀ, ਮੀਡੀਆ ਇੰਚਾਰਜ ਬਲਜੀਤ ਸਿੰਘ, ਰਾਮ ਸਰੂਪ, ਮਨਜੀਤ ਸਿੰਘ, ਸੁਖਵਿੰਦਰ ਬਾਠ ਸਮੇਤ ਸਥਾਨਕ ਆਗੂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਪੀਜੀਆਈ ਮੈਡੀਕਲ ਟੈਕਨਾਲੋਜੀ ਐਲੂਮਨੀ ਐਸੋਸੀਏਸ਼ਨ 18 ਅਕਤੂਬਰ 2026 ਨੂੰ ਆਪਣੀ 10ਵੀਂ ਕਨਵੈਂਸ਼ਨ ਦੇ ਨਾਲ-ਨਾਲ ਸੀਐਮਈ ਦਾ ਆਯੋਜਨ ਕਰੇਗੀ

ਚੰਡੀਗੜ੍ਹ, 13 ਅਕਤੂਬਰ (ਪੈ.ਗਾਮ-ਏ-ਜਗਤ)

ਪੀਜੀਆਈਐਮਈਆਰ ਮੈਡੀਕਲ ਟੈਕਨਾਲੋਜੀ ਐਲੂਮਨੀ ਐਸੋਸੀਏਸ਼ਨ ਪੀਜੀਆਈ, ਚੰਡੀਗੜ੍ਹ ਵਿਖੇ ਬੀਐਸਸੀ ਮੈਡੀਕਲ ਟੈਕਨਾਲੋਜੀ ਕੋਰਸ ਦੇ ਸ਼ੁਰੂ ਹੋਣ ਦੇ ਸ਼ਾਨਦਾਰ 60 ਸਾਲ ਪੂਰੇ ਹੋਣ ਨੂੰ ਮਨਾਉਣ ਲਈ ਆਪਣੀ 10ਵੀਂ ਐਲੂਮਨੀ ਕਨਵੈਂਸ਼ਨ ਆਯੋਜਿਤ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ, ਜੋ 18 ਅਕਤੂਬਰ 2026 ਨੂੰ ਹੋਵੇਗੀ। ਇਹ ਰੁਜ਼ਗਾਰ-ਮੁਖੀ ਕੋਰਸ ਸਾਲ 1967 ਵਿੱਚ ਪ੍ਰੋ. ਬੀ.ਕੇ. ਆਈਕਤ, ਜੋ ਡਾਇਰੈਕਟਰ, ਪ੍ਰੋਫੈਸਰ ਪੈਥੋਲੋਜੀ ਸਨ, ਦੀ ਯੋਗ ਅਗਵਾਈ ਹੇਠ ਡਬਲਯੂਐਚਓ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ ਸੀ।

ਪੀਜੀਆਈਐਮਈਆਰ, ਚੰਡੀਗੜ੍ਹ ਵਿਖੇ ਮੈਡੀਕਲ ਟੈਕਨਾਲੋਜੀ ਕੋਰਸ ਦੇ 60 ਸਾਲ ਪੂਰੇ ਹੋਣ ਦੇ ਮੌਕੇ 'ਤੇ, ਪੀਜੀਆਈਐਮਈਆਰ ਮੈਡੀਕਲ ਟੈਕਨਾਲੋਜੀ ਐਲੂਮਨੀ ਐਸੋਸੀਏਸ਼ਨ ਦੀ 10ਵੀਂ ਕਨਵੈਂਸ਼ਨ ਦੇ ਨਾਲ-ਨਾਲ ਇਮਰਜਿੰਗ ਟ੍ਰੈਂਡਸ 'ਤੇ ਇੱਕ ਸੀਐਮਈ ਦਾ ਆਯੋਜਨ 18 ਅਕਤੂਬਰ, 2026 ਨੂੰ ਏਪੀਸੀ ਕੰਪਲੈਕਸ, ਪੀਜੀਆਈ ਚੰਡੀਗੜ੍ਹ, ਭਾਰਤ ਦੇ ਆਡੀਟੋਰੀਅਮ ਵਿੱਚ ਕੀਤਾ ਜਾ ਰਿਹਾ ਹੈ।

ਨਿਰੰਤਰ ਮੈਡੀਕਲ ਸਿੱਖਿਆ ਪ੍ਰੋਗਰਾਮ ਦਾ ਉਦੇਸ਼ ਮੈਡੀਕਲ ਟੈਕਨਾਲੋਜੀ ਦੇ ਖੇਤਰ ਵਿੱਚ ਉੱਭਰ ਰਹੇ ਰੁਝਾਨਾਂ ਬਾਰੇ ਵਿਸਥਾਰ ਨਾਲ ਦੱਸਣਾ ਹੈ ਅਤੇ ਇਸ ਵਿੱਚ ਮੈਡੀਕਲ ਲੈਬ ਸਾਇੰਸਜ਼, ਰੇਡੀਓਲੋਜੀ ਅਤੇ ਰੇਡੀਓਥੈਰੇਪੀ ਦੇ ਖੇਤਰ ਸ਼ਾਮਲ ਹੋਣਗੇ। ਇਸ ਵਿੱਚ "ਮੈਡੀਕਲ ਟੈਕਨਾਲੋਜੀ ਵਿੱਚ ਉੱਭਰ ਰਹੇ ਰੁਝਾਨ"ਵਿਸ਼ੇ 'ਤੇ ਸੀਐਮਈ ਸਮੇਤ ਇੱਕ ਵਿਗਿਆਨਕ ਪ੍ਰੋਗਰਾਮ ਹੋਵੇਗਾ। ਇਸ ਇਤਿਹਾਸਕ ਸਮਾਗਮ ਲਈ ਪੂਰੀ ਦੁਨੀਆ ਅਤੇ ਭਾਰਤ ਤੋਂ 300 ਤੋਂ ਵੱਧ ਡੈਲੀਗੇਟਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ।

ਇਹ ਮਿਲਣੀ ਇਸ ਮੌਕੇ 'ਤੇ ਸੰਸਥਾ ਦੇ ਸਭ ਤੋਂ ਪੁਰਾਣੇ ਅਤੇ ਸਭ ਤੋਂ ਨਵੇਂ ਐਲੂਮਨੀ ਨੂੰ ਇਕੱਠੇ ਲਿਆਉਣ ਦੇ ਉਦੇਸ਼ ਨਾਲ ਕੀਤੀ ਗਈ ਹੈ ਕਿਉਂਕਿ 1967 ਵਿੱਚ ਸੰਸਥਾ ਤੋਂ ਪਾਸ ਆਊਟ ਹੋਣ ਵਾਲਾ ਬਹੁਤ ਹੀ ਪਹਿਲਾ ਬੈਚ ਬੀਐਸਸੀ ਮੈਡੀਕਲ ਟੈਕਨਾਲੋਜੀ ਦੇ ਵਿਦਿਆਰਥੀਆਂ ਦੀ ਨਵੀਨਤਮ ਪੀੜ੍ਹੀ ਦੇ ਨਾਲ ਜਸ਼ਨਾਂ ਵਿੱਚ ਸ਼ਾਮਲ ਹੋਵੇਗਾ। ਅੱਜ ਤੱਕ ਇਸ ਸੰਸਥਾ ਦੁਆਰਾ ਮੈਡੀਕਲ ਟੈਕਨਾਲੋਜੀ ਦੇ ਖੇਤਰ ਵਿੱਚ ਲਗਭਗ 2000 ਉਮੀਦਵਾਰਾਂ ਨੂੰ ਬੀਐਸਸੀ ਡਿਗਰੀਆਂ ਤੋਂ ਇਲਾਵਾ 165 ਐਮਐਸਸੀ ਅਤੇ 54 ਪੀਐਚਡੀ ਡਿਗਰੀਆਂ ਦਿੱਤੀਆਂ ਜਾ ਚੁੱਕੀਆਂ ਹਨ।

ਇਸਦੇ ਐਲੂਮਨੀ ਦੀਆਂ ਪ੍ਰਾਪਤੀਆਂ ਵਿਸ਼ਵ ਪੱਧਰ 'ਤੇ ਦਿਖਾਈ ਦਿੰਦੀਆਂ ਹਨ, ਜਿਸਦਾ ਮੁੱਖ ਕਾਰਨ ਮੈਡੀਕਲ ਟੈਕਨਾਲੋਜੀ ਦੇ ਫੈਕਲਟੀ ਅਤੇ ਸਟਾਫ ਦੁਆਰਾ ਬਣਾਈ ਰੱਖੀ ਗਈ ਸ਼ਾਨਦਾਰ ਉੱਚ ਗੁਣਵੱਤਾ ਵਾਲੀ ਸੇਵਾ ਅਤੇ ਸਿੱਖਿਆ ਦੇ ਮਿਆਰ ਅਤੇ ਮਹਾਰਤ ਹੈ।

ਸੰਸਥਾ ਦੇ ਕੁਝ ਐਲੂਮਨੀ ਨਾ ਸਿਰਫ਼ ਭਾਰਤ ਵਿੱਚ ਮੁੱਖ ਅਹੁਦਿਆਂ 'ਤੇ ਹਨ, ਸਗੋਂ ਵਿਸ਼ਵ ਪੱਧਰ 'ਤੇ ਵੀ ਆਪਣੀ ਪਛਾਣ ਬਣਾ ਚੁੱਕੇ ਹਨ ਅਤੇ ਨਾ ਸਿਰਫ਼ ਆਪਣੇ ਲਈ ਨਾਮ ਕਮਾਇਆ ਹੈ, ਸਗੋਂ ਆਪਣੀ ਮਾਂ ਸੰਸਥਾ ਪੀਜੀਆਈ ਚੰਡੀਗੜ੍ਹ ਲਈ ਵੀ ਮਾਣ ਅਤੇ ਸ਼ਾਨ ਲਿਆਏ ਹਨ। ਅਕਾਦਮਿਕ ਖੇਤਰ ਵਿੱਚ ਵੀ, ਇਸਦੇ ਗ੍ਰੈਜੂਏਟਾਂ ਦੀ ਪ੍ਰਾਪਤੀ ਦੁਨੀਆ ਭਰ ਵਿੱਚ ਬੇਮਿਸਾਲ ਹੈ। ਡਾ. ਅਸ਼ਵਿੰਦਰ ਰੈਣਾ ਆਰਗੇਨਾਈਜ਼ਿੰਗ ਚੇਅਰਪਰਸਨ ਹੋਣਗੇ ਅਤੇ ਸ਼੍ਰੀ ਆਦਿਤਿਆ ਨਾਗਰਾਥ ਆਰਗੇਨਾਈਜ਼ਿੰਗ ਸਕੱਤਰ ਹੋਣਗੇ।

# ਰਾਖੀਗੜ੍ਹੀ ਵਿੱਚ ਮੁੱਖ ਮੰਤਰੀ ਦੇ ਪ੍ਰਸਤਾਵਿਤ ਦੌਰੇ ਨੂੰ ਲੈ ਕੇ ਹਾਂਸੀ ਪੁਲਿਸ ਅਲਰਟ, ਐਸਪੀ ਵਿਨੋਦ ਕੁਮਾਰ ਨੇ ਸੁਰੱਖਿਆ ਅਤੇ ਆਵਾਜਾਈ ਵਿਵਸਥਾਵਾਂ ਦਾ ਲਿਆ ਜਾਇਜ਼ਾ

ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)

ਪੁਲਿਸ ਕਪਤਾਨ ਹਾਂਸੀ ਵਿਨੋਦ ਕੁਮਾਰ ਨੇ ਮੰਗਲਵਾਰ ਨੂੰ ਮਾਨਯੋਗ ਮੁੱਖ ਮੰਤਰੀ ਹਰਿਆਣਾ ਨਾਇਬ ਸਿੰਘ ਸੈਣੀ ਦੇ ਰਾਖੀਗੜ੍ਹੀ ਸਥਿਤ ਇਤਿਹਾਸਕ ਅਤੇ ਪੁਰਾਤੱਤਵਿਕ ਸਥਾਨ ਦੇ ਪ੍ਰਸਤਾਵਿਤ ਦੌਰੇ ਦੇ ਮੱਦੇਨਜ਼ਰ ਸੁਰੱਖਿਆ ਵਿਵਸਥਾਵਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਪ੍ਰੋਗਰਾਮ ਵਾਲੀ ਥਾਂ ਸਮੇਤ ਆਸ-ਪਾਸ ਦੇ ਖੇਤਰਾਂ ਦਾ ਨਿਰੀਖਣ ਕਰਕੇ ਆਵਾਜਾਈ ਪ੍ਰਬੰਧਨ, ਪਾਰਕਿੰਗ ਵਿਵਸਥਾ, ਹੈਲੀਪੈਡ, ਰੂਟ ਪਲਾਨ ਅਤੇ ਕਾਨੂੰਨ-ਵਿਵਸਥਾ ਨਾਲ ਜੁੜੇ ਵੱਖ-ਵੱਖ ਸੁਰੱਖਿਆ ਪਹਿਲੂਆਂ ਦੀ ਸਮੀਖਿਆ ਕੀਤੀ।



ਪੁਲਿਸ ਕਪਤਾਨ ਨੇ ਸਬੰਧਤ ਅਧਿਕਾਰੀਆਂ ਨਾਲ ਪ੍ਰਸਤਾਵਿਤ ਦੌਰੇ ਦੌਰਾਨ ਕੀਤੇ ਜਾਣ ਵਾਲੇ ਸੁਰੱਖਿਆ ਪ੍ਰਬੰਧਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਨੇ ਪ੍ਰੋਗਰਾਮ ਵਾਲੀ ਥਾਂ ਤੱਕ ਆਉਣ-ਜਾਣ ਵਾਲੇ ਰਸਤਿਆਂ, ਆਵਾਜਾਈ ਦੇ ਸੁਚਾਰੂ ਸੰਚਾਲਨ, ਵਾਹਨਾਂ ਦੀ ਪਾਰਕਿੰਗ ਅਤੇ ਸੁਰੱਖਿਆ ਵਿਵਸਥਾ ਨੂੰ ਲੈ ਕੇ ਜ਼ਰੂਰੀ ਤਿਆਰੀਆਂ ਦਾ ਨਿਰੀਖਣ ਕੀਤਾ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਦੌਰੇ ਦੌਰਾਨ ਆਵਾਜਾਈ ਵਿਵਸਥਾ ਨੂੰ ਵਿਵਸਥਿਤ ਰੱਖਿਆ ਜਾਵੇ, ਤਾਂ ਜੋ ਆਮ ਲੋਕਾਂ ਨੂੰ ਕਿਸੇ ਕਿਸਮ ਦੀ ਬੇਲੋੜੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਐਸਪੀ ਵਿਨੋਦ ਕੁਮਾਰ ਨੇ ਹੈਲੀਪੈਡ ਅਤੇ ਨਿਰਧਾਰਤ ਰੂਟ ਵਿਵਸਥਾ ਦਾ ਵੀ ਜਾਇਜ਼ਾ ਲਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਸਾਰੇ ਜ਼ਰੂਰੀ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸੁਰੱਖਿਆ ਅਤੇ ਕਾਨੂੰਨ-ਵਿਵਸਥਾ ਨਾਲ ਸਬੰਧਤ ਸਾਰੇ ਪਹਿਲੂਆਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ ਅਤੇ ਡਿਊਟੀ 'ਤੇ ਤਾਇਨਾਤ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਸਬੰਧੀ ਸਪੱਸ਼ਟ ਦਿਸ਼ਾ-ਨਿਰਦੇਸ਼ ਦਿੱਤੇ ਜਾਣ। ਨਿਰੀਖਣ ਦੌਰਾਨ ਪੁਲਿਸ ਕਪਤਾਨ ਨੇ ਰਾਖੀਗੜ੍ਹੀ ਦੇ ਇਤਿਹਾਸਕ ਕਿਲ੍ਹੇ ਦਾ ਵੀ ਦੌਰਾ ਕੀਤਾ ਅਤੇ ਪ੍ਰਸਤਾਵਿਤ ਪ੍ਰੋਗਰਾਮ ਨੂੰ ਲੈ ਕੇ ਜ਼ਰੂਰੀ ਵਿਵਸਥਾਵਾਂ ਦੀ ਸਮੀਖਿਆ ਕੀਤੀ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੁਰੱਖਿਆ ਪ੍ਰਬੰਧਾਂ ਵਿੱਚ ਕਿਸੇ ਕਿਸਮ ਦੀ ਕਮੀ ਨਾ ਰਹੇ ਅਤੇ ਸਾਰੇ ਸਬੰਧਤ ਵਿਭਾਗਾਂ ਨਾਲ ਤਾਲਮੇਲ ਬਣਾ ਕੇ ਨਿਰਧਾਰਤ ਜ਼ਿੰਮੇਵਾਰੀਆਂ ਨੂੰ ਪ੍ਰਭਾਵੀ ਢੰਗ ਨਾਲ ਨਿਭਾਇਆ ਜਾਵੇ। ਇਸ ਮੌਕੇ 'ਤੇ ਡੀਐਸਪੀ ਨਾਰਨੌਂਦ ਦੇਵੇਂਦਰ ਨੈਣ, ਥਾਣਾ ਇੰਚਾਰਜ ਨਾਰਨੌਂਦ ਸਮੇਤ ਹੋਰ ਪੁਲਿਸ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਤੇਰਾ ਹੀ ਤੇਰਾ ਮੈਡੀਕੋਜ਼, ਚੰਡੀਗੜ ਵੱਲੋਂ ਨੈਸ਼ਨਲ ਬੇਕਰਸ ਦੇ ਮਾਲਕ ਸਤਨਾਮ ਸਿੰਘ ਨਾਮੀ ਦਾ ਜਨਮ ਦਿਨ ਧੂਮਧਾਮ ਨਾਲ ਮਨਾਇਆ

ਪੈ.ਗਾਮ-ਏ-ਜਗਤ/ਚੰਡੀਗੜ੍ਹ (ਹਰਮਿੰਦਰ ਸਿੰਘ ਨਾਗਪਾਲ)

ਤੇਰਾ ਹੀ ਤੇਰਾ ਮੈਡੀਕੋਸ, ਚੰਡੀਗੜ੍ਹ ਵੱਲੋਂ ਨੈਸ਼ਨਲ ਬੇਕਰਸ, ਚੰਡੀਗੜ੍ਹ ਦੇ ਮਾਲਕ ਸ੍ਰੀ ਸਤਨਾਮ ਸਿੰਘ ਨੰਮੀ ਜੀ ਦਾ ਜਨਮ ਦਿਨ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਉਨ੍ਹਾਂ ਨੂੰ ਮੋਤੀਆਂ ਦੀ ਮਾਲਾ, ਸਿਰੋਪਾਓ ਅਤੇ ਸ਼ਾਲ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਤੇਰਾ ਹੀ ਤੇਰਾ ਮੈਡੀਕੋਸ ਦੇ ਇੰਚਾਰਜ ਸ. ਡੀ.ਪੀ. ਸਿੰਘ, ਤੇਰਾ ਹੀ ਤੇਰਾ ਮਿਸ਼ਨ ਦੇ ਜਨਰਲ ਸਕੱਤਰ ਡਾ. ਐਚ.ਐਸ. ਸਭਰਵਾਲ, ਡਾ. ਸਿਆਲ, ਸ੍ਰੀ ਅਮਨ ਮੁਝਾਲ, ਸ੍ਰੀ ਸਹਿਗਲ ਅਤੇ ਹੋਰ ਮੌਜੂਦ ਸਨ ਅਤੇ ਸਭ ਨੇ ਸਤਨਾਮ ਸਿੰਘ ਨੂੰ ਜਨਮ? ਦਿਨ ਦੀਆਂ ਵਧਾਈਆਂ ਦਿੱਤੀਆਂ।

ਸ. ਡੀ.ਪੀ. ਸਿੰਘ ਜੀ ਨੇ ਦੱਸਿਆ ਕਿ ਸ੍ਰੀ ਸਤਨਾਮ ਸਿੰਘ ਜੀ ਵੱਲੋਂ ਸਾਰੇ ਸਟਾਫ ਲਈ ਵੱਡਾ ਸਾਰਾ ਕੇਕ ਅਤੇ ਬਰਗਰ ਦੀ ਸੇਵਾ ਕੀਤੀ ਗਈ।





# ਮਿਹਨਤ ਲਈ ਸਿੱਖਿਆ

## ਮਿਹਨਤ ਦੇ ਖੰਭਾਂ 'ਤੇ ਸਫ਼ਲਤਾ ਦੀ ਉਡਾਣ

**"ਅੱਜ ਦੀ ਮਿਹਨਤ, ਕੱਲ੍ਹ ਦੀ ਸਫ਼ਲਤਾ ਅਤੇ ਆਉਣ ਵਾਲੇ ਕੱਲ੍ਹ ਦੇ ਸੁਨਹਿਰੀ ਭਵਿੱਖ ਦੀ ਨੀਂਹ ਹੈ।**

ਸਖ਼ਤ ਮਿਹਨਤ ਕਰਨ ਦੀ ਆਦਤ ਆਪਣੇ ਆਪ ਵਿੱਚ ਹੀ ਇੱਕ ਬਹੁਤ ਵੱਡਾ ਮਨੁੱਖੀ ਅਤੇ ਨੈਤਿਕ ਗੁਣ ਹੈ। ਮਿਹਨਤ ਨਾਲ ਹਾਸਿਲ ਕੀਤੀ ਕੋਈ ਵੀ ਉਪਲੱਬਧੀ ਜ਼ਿੰਦਗੀ ਨੂੰ ਆਨੰਦਮਈ ਬਣਾ ਦਿੰਦੀ ਹੈ। ਇਤਿਹਾਸ ਵੱਲ ਨਜ਼ਰ ਮਾਰੀਏ ਤਾਂ ਸਾਨੂੰ ਅਨੇਕਾਂ ਅਜਿਹੀਆਂ ਉਦਾਹਰਨਾਂ ਮਿਲਦੀਆਂ ਹਨ, ਜਿਹਨਾਂ ਲੋਕਾਂ ਨੇ ਅਨੇਕਾਂ ਆਰਥਿਕ ਅਤੇ ਸਮਾਜਿਕ ਤੰਗੀਆਂ ਹੋਣ ਦੇ ਬਾਵਜੂਦ ਵੀ ਸਿਰਫ਼ ਸਖ਼ਤ ਮਿਹਨਤ ਅਤੇ ਲਗਨ ਨਾਲ ਆਪਣੇ ਆਪ ਨੂੰ ਮਹਾਨ ਵਿਅਕਤੀਆਂ ਦੀ ਸ਼੍ਰੇਣੀ ਵਿੱਚ ਲਿਆ ਖੜਾ ਕੀਤਾ ਅਤੇ ਸਮਾਜ ਵਿੱਚ ਸਤਿਕਾਰਤ ਸਥਾਨ ਹਾਸਿਲ ਕੀਤਾ। ਪੰਜਾਬੀ ਵਿਰਸੇ ਵਿੱਚ 'ਦਸਾਂ ਨੌਹਾਂ ਦੀ ਕਿਰਤ ਕਮਾਈ ਕਰਨ' ਦਾ ਦਿੱਤਾ ਜਾਂਦਾ ਉਪਦੇਸ਼ ਸਖਤ ਮਿਹਨਤ ਕਰਨ ਦੀ ਹੀ ਪ੍ਰੇਰਨਾ ਦਿੰਦਾ ਹੈ। ਮਨੁੱਖੀ ਜੀਵਨ ਵਿੱਚ ਵਿਅਕਤੀ ਕੋਈ ਵੀ ਮੰਜ਼ਿਲ ਹਾਸਲ ਕਰਕੇ ਸਫ਼ਲਤਾ ਪ੍ਰਾਪਤ ਕਰਨਾ ਚਾਹੁੰਦਾ ਹੈ ਤਾਂ ਉਸ ਦਾ ਰਸਤਾ ਸਖ਼ਤ ਮਿਹਨਤ ਨਾਲ ਹੀ ਮੁਕੰਮਲ ਹੁੰਦਾ ਹੈ। ਇਸ ਲਈ ਹੀ ਸਖ਼ਤ ਮਿਹਨਤ ਨੂੰ ਸਫ਼ਲਤਾ ਦੀ ਮਾਂ ਅਤੇ ਤਰੱਕੀ ਦਾ ਰਸਤਾ ਕਿਹਾ ਜਾਂਦਾ ਹੈ ।

ਆਪਣੇ ਸੁਪਨੇ ਨੂੰ ਪੂਰਾ ਕਰਨ ਅਤੇ ਜ਼ਿੰਦਗੀ ਦੇ ਮਿੱਥੇ ਉਦੇਸ਼ ਦੀ ਪੂਰਤੀ ਲਈ ਲਗਨ ਆਤਮ ਵਿਸ਼ਵਾਸ ਅਤੇ ਨਿਰੰਤਰ ਯਤਨਾਂ ਨਾਲ ਕੰਮ ਕਰਨ ਨੂੰ ਹੀ ਸਖ਼ਤ ਮਿਹਨਤ ਕਹਿੰਦੇ ਹਨ ?। ਇਹ ਸਿਰਫ਼ ਸਰੀਰਕ ਮਿਹਨਤ ਹੀ ਨਹੀਂ ਬਲਕਿ ਮਾਨਸਿਕ ਮਿਹਨਤ ਅਤੇ ਸਮਾਜ ਵਿੱਚੋਂ ਸਹਿਯੋਗ ਲੈਣ ਦੀ ਕਾਬਲੀਅਤ ਨੂੰ ਵੀ ਦਰਸਾਉਂਦੀ ਹੈ। ਜਦੋਂ ਕੋਈ ਵਿਅਕਤੀ ਹੌਂਸਲੇ ਅਤੇ ਆਤਮ ਵਿਸ਼ਵਾਸ ਨਾਲ ਲਗਾਤਾਰ ਕੋਸ਼ਿਸ਼ ਕਰਦਾ ਹੈ ਤਾਂ ਉਹ ਮੁਸ਼ਕਿਲ ਤੋਂ ਮੁਸ਼ਕਿਲ ਕੰਮ ਅਤੇ ਟੀਚਾ ਵੀ ਪ੍ਰਾਪਤ ਕਰ ਲੈਂਦਾ ਹੈ।

ਸਖ਼ਤ ਮਿਹਨਤ ਹੀ ਵਿਅਕਤੀ ਦੀ ਸ਼ਖਸ਼ੀਅਤ ਨੂੰ ਨਿਖਾਰਦੀ ਹੈ । ਮਿਹਨਤੀ ਵਿਅਕਤੀ ਜ਼ਿੰਦਗੀ ਦੀ ਹਰ ਚੁਣੌਤੀ ਦਾ ਹਿੰਮਤ ਅਤੇ ਹੌਂਸਲੇ ਨਾਲ ਸਾਹਮਣਾ ਕਰਦਾ ਹੈ। ਉਹ ਅਸਫਲਤਾਵਾਂ ਤੋਂ ਘਬਰਾਉਂਦਾ ਨਹੀਂ ਸਗੋਂ ਉਹਨਾਂ ਤੋਂ ਸਬਕ ਲੈ ਕੇ ਅੱਗੇ ਆਪਣੀ ਮੰਜ਼ਿਲ ਵੱਲ ਵੱਧਦਾ ਹੈ। ਮਿਹਨਤ ਦਾ ਫਲ ਮਿੱਠਾ ਹੁੰਦਾ ਹੈ ,ਇਸ ਦੀਆਂ ਅਨੇਕਾਂ ਉਦਾਹਰਨਾਂ ਹਨ ਜਿਨਾਂ ਨੇ ਸਿਰਫ਼ ਮਿਹਨਤ ਕਰਕੇ ਹੀ ਵਿਸ਼ਵ ਪੱਧਰ ਤੇ ਨਾਮ ਚਮਕਾਇਆ ਹੈ। ਜਿਨਾਂ ਵਿੱਚੋਂ ਸਾਡੇ ਦੇਸ਼ ਦੇ ਸਾਬਕਾ ਰਾਸ਼ਟਰਪਤੀ ਡਾ. ਏ .ਪੀ. ਜੇ ਅਬਦੁਲ ਕਲਾਮ, ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ,ਦੱਖਣੀ ਅਫਰੀਕਾ ਦੇ ਰਾਸ਼ਟਰਪਤੀ ਨੈਲਸਨ ਮੰਡੇਲਾ ਅਤੇ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਇਬਰਾਹਿਮ ਲਿੰਕਨ ਵਰਗੀਆਂ ਅਨੇਕਾਂ ਉਦਾਹਰਨਾਂ ਸਾਡੇ ਸਾਹਮਣੇ ਹਨ। ਇਹਨਾਂ ਲੋਕਾਂ ਦਾ ਜੀਵਨ ਉਹਨਾਂ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਹੈ, ਜਿਹੜੇ ਆਪਣੇ ਆਰਥਿਕ ਸਾਧਨਾਂ ਅਤੇ ਸਰੋਤਾਂ ਦੀ ਕਮੀ ਜਾਂ ਕਿਸਮਤ ਨੂੰ ਦੋਸ਼ ਦਿੰਦੇ ਨਹੀਂ ਥੱਕਦੇ।



ਡਾ. ਸਤਿੰਦਰ ਸਿੰਘ
ਨੈਸ਼ਨਲ ਅਵਾਰਡੀ,
ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ
ਸੈਕੰਡਰੀ ਫਿਰੋਜ਼ਪੁਰ

ਸਖਤ ਮਿਹਨਤ ਮਿੱਟੀ ਨੂੰ ਸੋਨਾ ਬਣਾਉਣ ਦੀ ਤਾਕਤ ਰੱਖਦੀ ਹੈ । ਪਰੰਤੂ ਇਸ ਦੇ ਨਾਲ ਨਾਲ ਉਦੇਸ਼ ਦੀ ਪ੍ਰਾਪਤੀ ਲਈ ਲਗਾਤਾਰ ਯਤਨ, ਧੀਰਜ ਅਤੇ ਸਕਾਰਾਤਮਕ ਸੋਚ ਦੀ ਵੀ ਜ਼ਰੂਰਤ ਹੈ। ਹਰ ਵਿਅਕਤੀ ਜ਼ਿੰਦਗੀ ਵਿੱਚ ਸਫ਼ਲ ਅਤੇ ਕਾਮਯਾਬ ਹੋਣ ਦੀ ਕਾਮਨਾ ਕਰਦਾ ਹੈ । ਉਸ ਲਈ ਜ਼ਰੂਰੀ ਹੈ ਕਿ ਸ਼ੁਰੂਆਤੀ ਦੌਰ ਵਿੱਚ ਹੀ ਵੱਡੇ ਸੁਪਨੇ ਦੇਖੇ , ਵੱਡੇ ਨਿਸ਼ਾਨੇ ਹੋਣ ਤੇ ਉਹਨਾਂ ਦੀ ਪ੍ਰਾਪਤੀ ਲਈ ਠੋਸ ਯੋਜਨਾਬੰਦੀ ਕਰਕੇ ਸਖ਼ਤ ਮਿਹਨਤ ਦਾ ਰਸਤਾ ਚੁਣ ਕੇ ਨਿਰੰਤਰ ਯਤਨ ਕੀਤੇ ਜਾਣ। ਕਿਸੇ ਨਾਲ ਗਲਤ ਵਿਵਹਾਰ ਅਤੇ ਅਨੈਤਿਕ ਤਰੀਕਾ ਨਾ ਅਪਣਾਇਆ ਜਾਵੇ ਤਾਂ ਜੋ ਸਫ਼ਲਤਾ ਕਦਮ ਚੁੰਮਦੀ ਰਹੇ। ਮਿਹਨਤੀ ਇਨਸਾਨ ਲਈ ਇਸ ਦੁਨੀਆਂ ਤੇ ਸਭ ਕੁਝ ਹੈ ਪ੍ਰੰਤੂ ਕਰਮਹੀਣ ਮਨੁੱਖ ਲਈ ਕੁਝ ਵੀ ਨਹੀਂ ਹੈ। ਜਿਹੜਾ ਇਨਸਾਨ ਮਾਂ ਬਾਪ ,ਭੈਣ ਭਰਾ ਅਤੇ ਦੋਸਤ ਵਰਗੇ ਕਿਸੇ ਦੇ ਸਹਾਰੇ ਹੀ ਆਪਣੀ ਜ਼ਿੰਦਗੀ ਬਤੀਤ ਕਰਨ ਦਾ ਯਤਨ ਕਰਦਾ ਹੈ, ਜਦੋਂ ਉਹ ਸਹਾਰਾ ਖਤਮ ਹੁੰਦਾ ਹੈ ਤਾਂ ਉਸ ਇਨਸਾਨ ਤੇ ਮੁਸੀਬਤਾਂ ਦਾ ਪਹਾੜ ਡਿੱਗ ਪੈਂਦਾ ਹੈ । ਉਸ ਨੂੰ ਜ਼ਿੰਦਗੀ ਬੋਝ ਲੱਗਣ ਲੱਗ ਪੈਂਦੀ ਹੈ। ਜ਼ਿੰਦਗੀ ਵਿੱਚ ਆਤਮ ਨਿਰਭਰ ਬਣਨ ਲਈ ਮਿਹਨਤ ਹੀ ਇੱਕ ਰਸਤਾ ਹੈ। ਮਿਹਨਤ ਦਾ ਕੋਈ ਵਿਕਲਪ ਨਹੀਂ। ਮਹਾਤਮਾ ਗਾਂਧੀ ਜੀ ਨੇ ਵੀ ਕਿਹਾ ਕਿ 'ਸਭ ਤੋਂ ਵਧੀਆ ਕਮਾਈ ਪਸੀਨੇ ਦੀ ਕਮਾਈ ਹੈ'।

ਅੱਜ ਦੀ ਨੌਜਵਾਨ ਪੀੜੀ ਆਪਣੀ ਜ਼ਿੰਦਗੀ ਦੀ ਸ਼ੁਰੂਆਤ ਕਿਸੇ ਵੱਡੇ ਕੰਮ ਤੋਂ ਕਰਨਾ ਚਾਹੁੰਦੀ ਹੈ । ਛੋਟਾ ਕੰਮ ਕਰਨ ਨੂੰ ਆਪਣੀ ਹੱਤਕ ਸਮਝਦੇ ਹਨ। ਉਹਨਾਂ ਨੂੰ ਯਾਦ ਰੱਖਣਾ ਚਾਹੀਦਾ ਹੈ, ਕਿ ਦੁਨੀਆਂ ਦੀ ਹਰ ਚੀਜ਼ ਛੋਟੇ ਤੋਂ ਹੀ ਵੱਡੀ ਹੁੰਦੀ ਹੈ। ਛੋਟਾ ਜਿਹਾ ਬੂਟਾ ਹੀ, ਵਿਸ਼ਾਲ ਦਰਖਤ ਦਾ ਰੂਪ ਧਾਰਨ ਕਰਦਾ ਹੈ। ਕੋਈ ਵੀ ਕੰਮ ਛੋਟਾ ਨਹੀਂ ਹੁੰਦਾ , ਸਿਰਫ਼ ਆਪਣੀ ਸੋਚ ਨੂੰ ਵਿਸ਼ਾਲ ਕਰਨ ਦੀ ਜ਼ਰੂਰਤ ਹੈ। ਮੁਕਾਬਲੇ ਦੇ ਯੁੱਗ ਵਿੱਚ ਜੇ ਤੁਸੀਂ ਕਿਸੇ ਨੂੰ ਉਪਲਬਧੀਆਂ ਵਿੱਚ ਹਰਾਉਣਾ ਚਾਹੁੰਦੇ ਹੋ, ਤਾਂ ਸਭ ਤੋਂ ਪਹਿਲਾਂ ਉਸ ਨੂੰ ਮਿਹਨਤ ਵਿੱਚ ਹਰਾਉਣ ਦੀ ਆਦਤ ਬਣਾਓ ਜੇ ਉਸ ਨੂੰ ਮਿਹਨਤ ਵਿੱਚ ਹਰਾ ਦਿੱਤਾ ਤਾਂ ਉਪਲੱਬਧੀਆਂ ਵਿੱਚ ਹਰਾਉਣ ਦੀ ਸਮਰੱਥਾ ਤੁਸੀਂ ਆਸਾਨੀ ਨਾਲ ਹਾਸਿਲ ਕਰ ਸਕਦੇ ਹੋ। ਮੌਜੂਦਾ ਦੌਰ ਵਿੱਚ ਵਿਦਿਆਰਥੀ ਵਰਗ ਨੂੰ ਸਖ਼ਤ ਮਿਹਨਤ ਲਈ ਸਿੱਖਿਆ ਅਤੇ ਪ੍ਰੇਰਨਾ ਦੇਣਾ ਸਮੇਂ ਦੀ ਜ਼ਰੂਰਤ ਹੈ । ਵਿਦਿਆਰਥੀ ਜੀਵਨ ਵਿੱਚ ਪੜ੍ਹਾਈ ਕਰਨਾ ਬਹੁਗਿਣਤੀ ਵਿਦਿਆਰਥੀਆਂ ਨੂੰ ਮੁਸ਼ਕਿਲ ਲੱਗਦਾ ਹੈ। ਪ੍ਰੰਤੂ ਵੱਧ ਅੰਕ ਲੈਣਾ, ਮੈਰਿਟ ਵਿੱਚ ਆਉਣਾ ਹਰ ਇੱਕ ਦੀ ਇੱਛਾ ਹੁੰਦੀ ਹੈ। ਸਾਰਾ ਸਾਲ ਮਿਹਨਤ ਕਰਨ ਦੀ ਥਾਂ ਸਿਰਫ ਪ੍ਰੀਖਿਆ ਦੇ ਦਿਨਾਂ ਵਿੱਚ ਪੜ?ਨਾ ਜਾਂ ਪ੍ਰੀਖਿਆ ਦੌਰਾਨ ਤਿੰਨ ਘੰਟੇ ਕੀਤੀ ਨਕਲ ਵਿਦਿਆਰਥੀ ਨੂੰ ਆਲਸੀ ਅਤੇ ਨਿਕੰਮਾ ਬਣਾ ਰਹੀ ਹੁੰਦੀ ਹੈ। ਇਸ ਤਰੀਕੇ ਹਾਸਲ ਕੀਤੀ ਡਿਗਰੀ ਸਿਰਫ਼ ਕਾਗਜ਼ ਦਾ ਟੁਕੜਾ ਸਾਬਿਤ ਹੁੰਦੀ ਹੈ ਅਤੇ ਭਵਿੱਖ ਨੂੰ ਖਰਾਬ ਕਰਦੀ ਹੈ।

"ਜਦੋਂ ਮਿਹਨਤ ਤੁਹਾਡੀ ਆਦਤ ਅਤੇ ਸਿੱਖਣਾ ਤੁਹਾਡਾ ਸ਼ੌਕ ਬਣ ਜਾਂਦਾ ਹੈ, ਤਾਂ ਤਰੱਕੀ ਤੁਹਾਡੀ ਜੀਵਨ-ਯਾਤਰਾ ਦਾ ਹਿੱਸਾ ਬਣ ਜਾਂਦੀ ਹੈ। ਮਿਹਨਤ ਦੀ ਆਦਤ ਸਕੂਲੀ ਜੀਵਨ ਤੋਂ ਹੀ ਪਾ ਦਿੱਤੀ ਜਾਵੇ ਤਾਂ ਬੱਚਾ ਜੀਵਨ ਦੇ ਹਰ ਖੇਤਰ ਵਿੱਚ ਸਫ਼ਲਤਾ ਪ੍ਰਾਪਤ ਕਰਦਾ ਹੈ। ਸਕੂਲ ਮਾਪੇ ਅਤੇ ਸਮਾਜ ਮਿਲ ਕੇ ਬੱਚਿਆਂ ਵਿੱਚ ਮਿਹਨਤ, ਲਗਨ, ਦ੍ਰਿੜ ਇਰਾਦੇ, ਅਨੁਸ਼ਾਸਨ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰ ਸਕਦੇ ਹਨ। ਸਕੂਲ ਵਿੱਚ ਪਹਿਲੀ ਘੰਟੀ ਵੱਜਣ ਤੋਂ ਪਹਿਲਾਂ ਸਕੂਲ ਪਹੁੰਚਣਾ, ਹੋਮਵਰਕ ਮੁਕੰਮਲ ਕਰਕੇ ਸਕੂਲ ਪਹੁੰਚਣਾ, ਹਰ ਰੋਜ਼ ਸਕੂਲ ਜਾਣਾ, ਪ੍ਰੀਖਿਆ ਇਮਾਨਦਾਰੀ ਨਾਲ ਦੇਣਾ ਅਤੇ ਅਨੁਸ਼ਾਸਨ ਵਿੱਚ ਰਹਿਣ ਵਰਗੀਆਂ ਚੰਗੀਆਂ ਆਦਤਾਂ ਮਿਹਨਤ ਦੀ ਪਹਿਲੀ ਪੌੜੀ ਦਾ ਕੰਮ ਕਰਦੀਆਂ ਹਨ। ਅਜਿਹੀਆਂ ਆਦਤਾਂ ਵਾਲੇ ਮਿਹਨਤੀ ਬੱਚੇ ਹੀ ਅੱਗੇ ਚੱਲ ਕੇ ਸਫ਼ਲ ਵਿਦਿਆਰਥੀ, ਸਫ਼ਲ ਇਨਸਾਨ ਅਤੇ ਦੇਸ਼ ਦੇ ਜ਼ਿੰਮੇਵਾਰ ਨਾਗਰਿਕ ਬਣਦੇ ਹਨ। ਮਿਹਨਤ ਦੀ ਆਦਤ ਵਿਦਿਆਰਥੀਆਂ ਦੀ ਸਭ ਤੋਂ ਕੀਮਤੀ ਸੰਪਤੀ ਹੈ , ਜੋ ਉਸ ਨੂੰ ਜੀਵਨ ਭਰ ਸਫ਼ਲਤਾ ਦੇ ਰਾਹ ਤੇ ਅੱਗੇ ਵਧਾਉਂਦੀ ਹੈ।

"ਵੱਡਾ ਬਣਨ ਲਈ ਵੱਡੇ ਸਾਧਨਾਂ ਦੀ ਨਹੀਂ, ਸਗੋਂ ਵੱਡੀ ਸੋਚ, ਪੱਕੇ ਇਰਾਦੇ ਅਤੇ ਨਿਰੰਤਰ ਮਿਹਨਤ ਦੀ ਲੋੜ ਹੁੰਦੀ ਹੈ।

# ਕਿਸਾਨ ਦੀ ਫ਼ਸਲ, ਸਿਆਸਤ ਦੀ ਰੋਟੀ

**ਕਿਸਾਨ** ਦੀ ਫ਼ਸਲ ਡੁੱਬੇ ਤਾਂ ਕੁਦਰਤੀ ਆਫ਼ਤ ਕਹਿੰਦੇ ਹਾਂ; ਉਸ ਦੀ ਆਸ ਡੁੱਬੇ ਤਾਂ ਜ਼ਿੰਮੇਵਾਰ ਕੌਣ ਹੈ? ਪਾਣੀ ਵਿੱਚ ਘਿਰੀ ਫ਼ਸਲ ਕੋਲ ਖੜ੍ਹਾ ਕਿਸਾਨ ਸਿਰਫ਼ ਦਾਣੇ ਨਹੀਂ ਬਚਾਉਂਦਾ; ਉਹ ਕਰਜ਼ਾ ਮੋੜਨ, ਬੱਚਿਆਂ ਨੂੰ ਪੜ੍ਹਾਉਣ ਅਤੇ ਘਰ ਦਾ ਚੁੱਲ੍ਹਾ ਬਲਦਾ ਰੱਖਣ ਦੀ ਆਸ ਬਚਾਉਂਦਾ ਹੈ। ਮੀਂਹ ਰੋਕਣਾ ਕਿਸੇ ਸਰਕਾਰ ਦੇ ਵੱਸ ਨਹੀਂ, ਪਰ ਕਿਸਾਨ ਦੀ ਮਿਹਨਤ ਨੂੰ ਮੰਡੀ ਵਿੱਚ ਸੁਰੱਖਿਆ ਅਤੇ ਮੁਸੀਬਤ ਵੇਲੇ ਸਹਾਰਾ ਦੇਣਾ ਉਸ ਦੀ ਜ਼ਿੰਮੇਵਾਰੀ ਹੈ। ਫ਼ਸਲ ਦਾ ਨੁਕਸਾਨ ਮੌਸਮ ਦੇ ਖਾਤੇ ਪਾਉਣ ਤੋਂ ਪਹਿਲਾਂ ਇਹ ਹਿਸਾਬ ਵੀ ਹੋਣਾ ਚਾਹੀਦਾ ਹੈ ਕਿ ਸਮੇਂ ਸਿਰ ਤਿਆਰੀ ਨਾਲ ਕਿੰਨਾ ਨੁਕਸਾਨ ਟਾਲਿਆ ਜਾ ਸਕਦਾ ਸੀ।

ਹਾਲੀਆ ਮੀਂਹ ਨੇ ਪੰਜਾਬ ਵਿੱਚ ਵਾਢੀ ਅਤੇ ਮੰਡੀਆਂ ਦੇ ਕੰਮ ਨੂੰ ਪ੍ਰਭਾਵਿਤ ਕੀਤਾ ਹੈ। ਪਰ ਇਸ ਸੰਕਟ ਨੂੰ ਸਿਰਫ਼ ਮੌਸਮ ਦੀ ਖ਼ਬਰ ਸਮਝਣਾ ਕਿਸਾਨ ਦੀ ਅਸਲ ਹਾਲਤ ਨੂੰ ਅਣਡਿੱਠਾ ਕਰਨਾ ਹੋਵੇਗਾ। ਖੇਤ ਵਿੱਚ ਲੱਗੀ ਪੂੰਜੀ, ਮਹੀਨਿਆਂ ਦੀ ਮਿਹਨਤ ਅਤੇ ਫ਼ਸਲ ਵੇਚ ਕੇ ਪੂਰੀਆਂ ਕਰਨ ਵਾਲੀਆਂ ਲੋੜਾਂ ਦਾ ਹਿਸਾਬ ਉਹ ਪਹਿਲਾਂ ਹੀ ਜੋੜ ਚੁੱਕਾ ਹੁੰਦਾ ਹੈ। ਫ਼ਸਲ ਨੂੰ ਪਈ ਮਾਰ ਉਸ ਹਿਸਾਬ ਦੀ ਹਰ ਮੱਦ ਹਿਲਾ ਦਿੰਦੀ ਹੈ। ਜਿਸ ਘਰ ਦੀ ਆਮਦਨ ਅਗਲੀ ਵਾਢੀ ਨਾਲ ਜੁੜੀ ਹੋਵੇ, ਉੱਥੇ ਨੁਕਸਾਨ ਦਾ ਅਰਥ ਕਈ ਮਹੀਨਿਆਂ ਦੀ ਆਰਥਿਕ ਤੰਗੀ ਵੀ ਹੁੰਦਾ ਹੈ।

**ਅਜਿਹੇ ਵੇਲੇ ਮੁੜ ਦੁਹਰਾਏ ਜਾਂਦੇ ਸਿਆਸੀ ਭਰੋਸੇ ਸੁਣ ਕੇ ਇਹ ਸਤਰਾਂ ਚੇਤੇ ਆਉਂਦੀਆਂ ਹਨ:**

**ਓਹੀ ਵਾਅਦੇ, ਓਹੀ ਲਾਰੇ,**
**ਨਵਾਂ ਨਹੀਂ ਕੁਝ ਖੇਤੀ ਦੇ ਵਿੱਚ।**
**ਵੋਟਾਂ ਲੈ ਕੇ ਭੁੱਲ ਜਾਂਦੇ ਨੇ,**
**ਆਗੂ ਕਿੰਨੀ ਛੇਤੀ ਦੇ ਵਿੱਚ।**

ਇਹ ਸਤਰਾਂ ਕਿਸੇ ਇੱਕ ਪਾਰਟੀ ਵੱਲ ਉਂਗਲ ਨਹੀਂ ਕਰਦੀਆਂ; ਇਹ ਉਸ ਸਿਆਸੀ ਰਵਾਇਤ ਨੂੰ ਸਵਾਲ ਕਰਦੀਆਂ ਹਨ ਜਿਸ ਵਿੱਚ ਕਿਸਾਨ ਚੋਣਾਂ ਵੇਲੇ ਕੇਂਦਰ ਵਿੱਚ ਹੁੰਦਾ ਹੈ ਅਤੇ ਜਵਾਬਦੇਹੀ ਦੇ ਵੇਲੇ ਹਾਸ਼ੀਏ ਉੱਤੇ। ਸਰਕਾਰਾਂ ਬਦਲਦੀਆਂ ਹਨ, ਪਰ ਕਿਸਾਨ ਨੂੰ ਦਿੱਤੇ ਜਾਂਦੇ ਭਰੋਸਿਆਂ ਦੀ ਭਾਸ਼ਾ ਬਹੁਤੀ ਨਹੀਂ ਬਦਲਦੀ। ਖ਼ੁਸ਼ਹਾਲੀ ਦਾ ਵਾਅਦਾ ਕਰਨਾ ਸੌਖਾ ਹੈ; ਔਖਾ ਕੰਮ ਇਹ ਯਕੀਨੀ ਬਣਾਉਣਾ ਹੈ ਕਿ ਫ਼ਸਲ ਦਾ ਢੁੱਕਵਾਂ ਮੁੱਲ ਮਿਲੇ, ਅਦਾਇਗੀ ਸਮੇਂ ਸਿਰ ਹੋਵੇ ਅਤੇ ਮੌਸਮ ਦੀ ਇੱਕ ਮਾਰ ਕਿਸਾਨ ਨੂੰ ਮੁੜ ਕਰਜ਼ੇ ਦੇ ਚੱਕਰ ਵਿੱਚ ਨਾ ਧੱਕ ਦੇਵੇ।

ਮੰਡੀ ਤੱਕ ਫ਼ਸਲ ਪਹੁੰਚਾਉਣ ਮਗਰੋਂ ਵੀ ਜੇ ਕਿਸਾਨ ਨੂੰ ਉਸ ਦੀ ਰਾਖੀ ਲਈ ਅਸਮਾਨ ਵੱਲ ਤੱਕਣਾ ਪਵੇ ਤਾਂ ਪ੍ਰਬੰਧਾਂ ਦੀ ਪਰਖ ਲਾਜ਼ਮੀ ਹੈ। ਤਰਪਾਲਾਂ, ਪਾਣੀ ਦੀ ਨਿਕਾਸੀ, ਫ਼ਸਲ ਰੱਖਣ ਲਈ ਸੁਰੱਖਿਅਤ ਥਾਂ ਅਤੇ ਸਮੇਂ ਸਿਰ ਖ਼ਰੀਦ ਤੇ ਚੁਕਾਈ ਕੋਈ ਅਸਾਧਾਰਨ ਮੰਗਾਂ ਨਹੀਂ ਹਨ। ਇਹ ਖ਼ਰੀਦ ਪ੍ਰਣਾਲੀ ਦੀਆਂ ਬੁਨਿਆਦੀ ਲੋੜਾਂ ਹਨ। ਕਿਸਾਨ ਖੇਤ ਵਿੱਚ ਮੌਸਮ ਦਾ ਜੋਖ਼ਮ ਸਹਿੰਦਾ ਹੈ; ਮੰਡੀ ਵਿੱਚ ਉਸ ਨੂੰ ਬਦਇੰਤਜ਼ਾਮੀ ਦਾ ਜੋਖ਼ਮ ਵੀ ਕਿਉਂ ਸਹਿਣਾ ਪਵੇ?

ਸਵਾਲ ਸਿਰਫ਼ ਇਹ ਨਹੀਂ ਕਿ ਮੀਂਹ ਕਿੰਨਾ ਪਿਆ। ਸਵਾਲ ਇਹ ਵੀ ਹੈ ਕਿ ਮੌਸਮੀ ਚਿਤਾਵਨੀ ਮਗਰੋਂ ਕੀ ਤਿਆਰੀ ਹੋਈ, ਪਾਣੀ ਨਿਕਲਣ ਦੇ ਰਸਤੇ ਖੁੱਲ੍ਹੇ ਸਨ ਜਾਂ ਨਹੀਂ ਅਤੇ ਖ਼ਰੀਦੀ ਫ਼ਸਲ ਕਿੰਨੀ ਛੇਤੀ ਚੁੱਕੀ ਗਈ। ਜਿੱਥੇ ਕੰਮ ਠੀਕ ਹੋਇਆ, ਉਸ ਨੂੰ ਮੰਨਣਾ ਚਾਹੀਦਾ ਹੈ; ਜਿੱਥੇ ਕਮੀ ਰਹੀ, ਉੱਥੇ ਜ਼ਿੰਮੇਵਾਰੀ ਤੈਅ ਹੋਣੀ ਚਾਹੀਦੀ ਹੈ। ਸਾਰਾ ਨੁਕਸਾਨ ਕੁਦਰਤ ਦੇ ਖਾਤੇ ਪਾ ਦੇਣ ਨਾਲ ਸੁਧਾਰ ਦੀ ਲੋੜ ਹੀ ਓਹਲੇ ਹੋ ਜਾਂਦੀ ਹੈ।

ਭਿੱਜੀ ਫ਼ਸਲ ਦੀ ਖ਼ਰੀਦ ਅਤੇ ਚੁਕਾਈ ਵਿੱਚ ਦਿੱਤੀ ਜਾਣ ਵਾਲੀ ਰਾਹਤ ਦੀ ਅਹਿਮੀਅਤ ਹੈ। ਪਰ ਸੰਕਟ ਮਗਰੋਂ ਕੀਤੀ ਕਾਰਵਾਈ ਨੂੰ ਸੰਕਟ ਤੋਂ ਪਹਿਲਾਂ ਦੀ ਤਿਆਰੀ ਦਾ ਬਦਲ ਨਹੀਂ ਬਣਾਇਆ ਜਾ ਸਕਦਾ। ਖ਼ਰੀਦ, ਚੁਕਾਈ ਅਤੇ ਭੰਡਾਰਨ ਨੂੰ ਵੱਖਰੇ ਕੰਮ ਮੰਨਣ ਦੀ ਥਾਂ ਇੱਕ ਲੜੀ ਵਜੋਂ ਚਲਾਉਣਾ ਪਵੇਗਾ, ਕਿਉਂਕਿ ਕਿਸੇ ਇੱਕ ਪੜਾਅ ਦੀ ਦੇਰੀ ਦਾ ਬੋਝ ਅਖ਼ੀਰ ਕਿਸਾਨ ਉੱਤੇ ਪੈਂਦਾ ਹੈ।

> **ਮੀਂਹ ਨੇ ਫ਼ਸਲ ਭਿਉਂ ਦਿੱਤੀ, ਮਾੜੇ ਪ੍ਰਬੰਧਾਂ ਨੇ ਕਿਸਾਨ ਦੀ ਆਸ ਡੋਬ ਦਿੱਤੀ**

ਨੁਕਸਾਨ ਦੀ ਗਿਰਦਾਵਰੀ ਅਤੇ ਮੁਆਵਜ਼ੇ ਦਾ ਮਾਮਲਾ ਵੀ ਐਲਾਨ ਨਾਲ ਪੂਰਾ ਨਹੀਂ ਹੁੰਦਾ। ਕਿਸਾਨ ਲਈ ਅਸਲ ਸਵਾਲ ਹਨ: ਮੁਲਾਂਕਣ ਕਦੋਂ ਹੋਵੇਗਾ, ਕਿਸ ਅਧਾਰ 'ਤੇ ਹੋਵੇਗਾ ਅਤੇ ਸਹਾਇਤਾ ਖਾਤੇ ਵਿੱਚ ਕਦੋਂ ਆਵੇਗੀ? ਇਸ ਪ੍ਰਕਿਰਿਆ ਦੀ ਸਮਾਂ-ਸੀਮਾ ਅਤੇ ਸ਼ਿਕਾਇਤ ਦੇ ਨਿਪਟਾਰੇ ਦਾ ਸਪਸ਼ਟ ਪ੍ਰਬੰਧ ਹੋਣਾ ਚਾਹੀਦਾ ਹੈ। ਜ਼ਮੀਨ ਠੇਕੇ ਉੱਤੇ ਲੈ ਕੇ ਬੀਜ, ਖਾਦ ਅਤੇ ਮਿਹਨਤ ਦਾ ਖ਼ਰਚਾ ਕਰਨ ਵਾਲੇ ਕਿਸਾਨ ਦੀ ਹਾਲਤ ਵੀ ਰਾਹਤ ਨੀਤੀ ਵਿੱਚ ਸਾਹਮਣੇ ਰਹੇ। ਕਾਗਜ਼ਾਂ ਵਿੱਚ ਦਰਜ ਰਾਹਤ ਅਤੇ ਕਿਸਾਨ ਦੇ ਹੱਥ ਪਹੁੰਚੀ ਰਾਹਤ ਵਿਚਕਾਰ ਦਾ ਫ਼ਾਸਲਾ ਹੀ ਪ੍ਰਸ਼ਾਸਨ ਦੀ ਅਸਲ ਪਰਖ ਹੈ।



ਦੀਪਾ ਬੰਡਾਲਾ
ਐਡਮੰਟਨ, ਕੈਨੇਡਾ
+1 416-399-6594

ਸਿਆਸਤ ਨੂੰ ਵੀ ਇਸੇ ਕਸੌਟੀ ਉੱਤੇ ਪਰਖਣਾ ਚਾਹੀਦਾ ਹੈ। ਸਰਕਾਰ ਲਈ ਕਿਸਾਨ ਦੀ ਮੁਸੀਬਤ ਆਪਣੀ ਛਵੀ ਬਚਾਉਣ ਦਾ ਮਾਮਲਾ ਨਹੀਂ ਬਣ ਸਕਦੀ ਅਤੇ ਵਿਰੋਧੀ ਧਿਰ ਲਈ ਸਿਰਫ਼ ਸਰਕਾਰ ਨੂੰ ਘੇਰਨ ਦਾ ਮੌਕਾ ਨਹੀਂ ਹੋਣੀ ਚਾਹੀਦੀ। ਮੰਡੀ ਦਾ ਦੌਰਾ, ਤਸਵੀਰ ਜਾਂ ਬਿਆਨ ਤਦੋਂ ਮਾਇਨੇ ਰੱਖਦਾ ਹੈ ਜਦੋਂ ਉਸ ਮਗਰੋਂ ਕੰਮ ਅੱਗੇ ਵਧੇ। ਕਿਸਾਨ ਨਾਲ ਖੜ੍ਹਨ ਦਾ ਦਾਅਵਾ ਕਰਨ ਵਾਲੇ ਦੱਸਣ ਕਿ ਉਨ੍ਹਾਂ ਦੇ ਯਤਨਾਂ ਨਾਲ ਕਿਸ ਦਾ ਨੁਕਸਾਨ ਘਟਿਆ, ਕਿਸ ਦੀ ਰੁਕੀ ਅਦਾਇਗੀ ਹੋਈ ਅਤੇ ਕਿਸ ਨੂੰ ਸਮੇਂ ਸਿਰ ਸਹਾਇਤਾ ਮਿਲੀ।

ਇੱਕ ਸਵਾਲ ਕਿਸਾਨ ਨੂੰ ਆਪਣੇ ਆਪ ਨਾਲ ਵੀ ਕਰਨਾ ਪਵੇਗਾ। ਜੇ ਖ਼ਰੀਦ, ਭਾਅ, ਕਰਜ਼ੇ ਅਤੇ ਮੁਆਵਜ਼ੇ ਦੇ ਸਾਂਝੇ ਮਸਲੇ ਪਾਰਟੀਆਂ ਦੀ ਹਮਾਇਤ ਵਿੱਚ ਵੰਡੇ ਜਾਣ ਤਾਂ ਜਵਾਬ ਮੰਗਣ ਵਾਲੀ ਆਵਾਜ਼ ਕਮਜ਼ੋਰ ਪੈਂਦੀ ਹੈ। ਕਿਸਾਨ ਕਿਸੇ ਵੀ ਪਾਰਟੀ ਨੂੰ ਸਮਰਥਨ ਦੇ ਸਕਦਾ ਹੈ, ਪਰ ਇਸ ਦਾ ਅਰਥ ਸਵਾਲ ਕਰਨ ਦਾ ਹੱਕ ਛੱਡਣਾ ਨਹੀਂ ਹੈ। ਆਪਣੇ ਆਗੂ ਦੀ ਹਰ ਕਮੀ ਢਕਣ ਅਤੇ ਦੂਜੀ ਧਿਰ ਦੀ ਹਰ ਗੱਲ ਰੱਦ ਕਰਨ ਨਾਲ ਕਿਸਾਨ ਦਾ ਆਪਣਾ ਮਸਲਾ ਪਿੱਛੇ ਰਹਿ ਜਾਂਦਾ ਹੈ। ਪਾਰਟੀ ਦੀ ਵਫ਼ਾਦਾਰੀ ਨਾਲੋਂ ਆਪਣੀ ਮਿਹਨਤ ਪ੍ਰਤੀ ਵਫ਼ਾਦਾਰੀ ਵੱਡੀ ਹੋਣੀ ਚਾਹੀਦੀ ਹੈ।

ਇੰਨੇ ਸਾਲਾਂ ਮਗਰੋਂ ਚਰਚਾ ਸਿਰਫ਼ ਨਵੇਂ ਐਲਾਨ ਦੀ ਨਹੀਂ, ਪੁਰਾਣੇ ਐਲਾਨਾਂ ਦੇ ਨਤੀਜਿਆਂ ਦੀ ਹੋਣੀ ਚਾਹੀਦੀ ਹੈ। ਇਹ ਕਹਿਣਾ ਠੀਕ ਨਹੀਂ ਕਿ ਖੇਤੀ ਲਈ ਕਦੇ ਕੋਈ ਨੀਤੀ ਜਾਂ ਯੋਜਨਾ ਬਣੀ ਹੀ ਨਹੀਂ। ਪਰ ਇਹ ਪੁੱਛਣਾ ਬਿਲਕੁਲ ਜਾਇਜ਼ ਹੈ ਕਿ ਉਨ੍ਹਾਂ ਦੇ ਬਾਵਜੂਦ ਕਿਸਾਨ ਦੀ ਆਮਦਨ ਅਤੇ ਫ਼ਸਲ ਦੀ ਸੁਰੱਖਿਆ ਦਾ ਭਰੋਸਾ ਪੱਕਾ ਕਿਉਂ ਨਹੀਂ ਹੋਇਆ। ਨੀਤੀ ਦੀ ਸਫ਼ਲਤਾ ਉਸ ਦੇ ਐਲਾਨ ਵਿੱਚ ਨਹੀਂ, ਕਿਸਾਨ ਦੀ ਜ਼ਿੰਦਗੀ ਵਿੱਚ ਆਏ ਸੁਧਾਰ ਵਿੱਚ ਦਿਸਣੀ ਚਾਹੀਦੀ ਹੈ। ਖੇਤੀ ਨੀਤੀ ਦੀ ਪਰਖ ਪੈਦਾਵਾਰ ਦੇ ਅੰਕੜਿਆਂ ਨਾਲ ਹੀ ਨਹੀਂ, ਕਿਸਾਨ ਦੀ ਜ਼ਿੰਦਗੀ ਦੀ ਸੁਰੱਖਿਆ ਨਾਲ ਵੀ ਹੋਣੀ ਚਾਹੀਦੀ ਹੈ। ਕਿਸਾਨ ਖ਼ੁਦਕੁਸ਼ੀਆਂ ਦੇ ਕਾਰਨ ਕਈ ਹੋ ਸਕਦੇ ਹਨ, ਪਰ ਕਰਜ਼ੇ, ਲਗਾਤਾਰ ਨੁਕਸਾਨ ਅਤੇ ਆਰਥਿਕ ਅਨਿਸ਼ਚਿਤਤਾ ਵਿੱਚ ਘਿਰੇ ਕਿਸਾਨ ਨੂੰ ਸੰਕਟ ਡੂੰਘਾ ਹੋਣ ਤੋਂ ਪਹਿਲਾਂ ਸਹਾਰਾ ਮਿਲਣਾ ਲਾਜ਼ਮੀ ਹੈ। ਸਮੇਂ ਸਿਰ ਅਦਾਇਗੀ ਤੇ ਮੁਆਵਜ਼ਾ, ਕਰਜ਼ੇ ਦੀ ਮੁੜ ਵਿਉਂਤ, ਵਿੱਤੀ ਸਲਾਹ ਅਤੇ ਪਹੁੰਚਯੋਗ ਮਾਨਸਿਕ ਸਿਹਤ ਸੇਵਾਵਾਂ ਨੂੰ ਜੋੜਦੀ ਅਜਿਹੀ ਨੀਤੀ ਚਾਹੀਦੀ ਹੈ ਜਿਸ ਵਿੱਚ ਕਿਸਾਨ ਖ਼ੁਦਕੁਸ਼ੀਆਂ ਦੀ ਰੋਕਥਾਮ ਸਪਸ਼ਟ ਤਰਜੀਹ ਹੋਵੇ। ਇਸ ਲਈ ਫੰਡਾਂ ਦੀ ਘਾਟ ਦਾ ਤਰਕ ਦੇਣ ਤੋਂ ਪਹਿਲਾਂ ਸਰਕਾਰੀ ਖ਼ਰਚ ਦੀਆਂ ਤਰਜੀਹਾਂ ਪਰਖਣੀਆਂ ਪੈਣਗੀਆਂ। ਪ੍ਰਚਾਰ, ਸਮਾਗਮਾਂ ਅਤੇ ਘੱਟ ਲੋੜ ਵਾਲੇ ਖ਼ਰਚਿਆਂ ਦੀ ਸਮੀਖਿਆ ਕਰਕੇ ਬਚਾਇਆ ਪੈਸਾ ਫ਼ਸਲ ਦੀ ਸੁਰੱਖਿਆ ਅਤੇ ਸੰਕਟ ਵਿੱਚ ਘਿਰੇ ਪਰਿਵਾਰਾਂ ਲਈ ਵਰਤਿਆ ਜਾਵੇ। ਜਿਹੜਾ ਖ਼ਜ਼ਾਨਾ ਲੋਕਾਂ ਦੇ ਪੈਸੇ ਨਾਲ ਭਰਦਾ ਹੈ, ਉਸ ਦੀ ਪਹਿਲੀ ਤਰਜੀਹ ਲੋਕਾਂ ਦੀ ਜ਼ਿੰਦਗੀ ਬਚਾਉਣਾ ਹੋਣੀ ਚਾਹੀਦੀ ਹੈ।

ਖੇਤੀ ਨੂੰ "ਕਰਮਾਂ ਸੇਤੀ" ਆਖ ਕੇ ਕਿਸਮਤ ਦੇ ਆਸਰੇ ਛੱਡ ਦੇਣਾ ਸੌਖਾ ਹੈ। ਪਰ ਜਿਸ ਦੀ ਮਿਹਨਤ ਨਾਲ ਸਮਾਜ ਦੀ ਥਾਲੀ ਭਰਦੀ ਹੈ, ਉਸ ਦੀ ਸੁਰੱਖਿਆ ਵੀ ਸਾਂਝੀ ਜ਼ਿੰਮੇਵਾਰੀ ਹੈ। ਹਰ ਵਾਰ ਨੁਕਸਾਨ ਤੋਂ ਬਾਅਦ ਨਵਾਂ ਭਰੋਸਾ ਦੇਣ ਦੀ ਥਾਂ ਅਗਲੇ ਸੰਕਟ ਤੋਂ ਪਹਿਲਾਂ ਤਿਆਰੀ ਦਿਸਣੀ ਚਾਹੀਦੀ ਹੈ। ਕਿਸਾਨ ਨੂੰ ਇਹ ਯਕੀਨ ਹੋਵੇ ਕਿ ਖੇਤ ਤੋਂ ਮੰਡੀ ਅਤੇ ਮੰਡੀ ਤੋਂ ਉਸ ਦੀ ਆਮਦਨ ਬਣਨ ਤੱਕ ਪ੍ਰਬੰਧ ਉਸ ਦੇ ਨਾਲ ਖੜ੍ਹੇ ਹਨ।

ਹੁਣ ਕਿਸਾਨੀ ਦੀ ਚਰਚਾ ਨੂੰ ਵਾਅਦਿਆਂ ਤੋਂ ਕੱਢ ਕੇ ਨਤੀਜਿਆਂ ਤੱਕ ਲਿਆਉਣਾ ਪਵੇਗਾ। ਕਿਸਾਨ ਕਿਸੇ ਵੀ ਪਾਰਟੀ ਦਾ ਸਮਰਥਕ ਹੋਵੇ, ਉਸ ਦੇ ਪਰਿਵਾਰ ਦਾ ਭਵਿੱਖ ਸਿਆਸੀ ਵਫ਼ਾਦਾਰੀ ਦਾ ਮੁਥਾਜ ਨਹੀਂ ਹੋ ਸਕਦਾ। ਖੇਤੀ ਨੀਤੀ ਤਦੋਂ ਕਾਮਯਾਬ ਹੋਵੇਗੀ, ਜਦੋਂ ਉਹ ਦਾਣਿਆਂ ਦੇ ਨਾਲ ਉਨ੍ਹਾਂ ਨੂੰ ਉਗਾਉਣ ਵਾਲੇ ਦੀ ਜ਼ਿੰਦਗੀ ਅਤੇ ਸਨਮਾਨ ਵੀ ਬਚਾਏਗੀ। ਕਿਸਾਨ ਦੀ ਫ਼ਸਲ ਉੱਤੇ ਸਿਆਸਤ ਆਪਣੀ ਰੋਟੀ ਸੇਕਦੀ ਰਹੀ ਹੈ; ਹੁਣ ਜਵਾਬ ਇਸ ਗੱਲ ਦਾ ਚਾਹੀਦਾ ਹੈ ਕਿ ਕਿਸਾਨ ਦੇ ਘਰ ਦੀ ਰੋਟੀ ਕਿਵੇਂ ਬਚੇਗੀ।

# ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਵੱਲੋਂ ਓਐੱਸਡੀ ਵਿਕਰਾਂਤ ਸਿੰਘ ਠਾਕੁਰ ਦੀ ਮਾਤਾ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਊਨਾ, 13 ਅਕਤੂਬਰ (ਪੈ.ਗਾਮ-ਏ-ਜਗਤ)**

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਮੰਗਲਵਾਰ ਨੂੰ ਸਵਰਗਧਾਮ ਊਨਾ ਵਿਖੇ ਵਿਕਰਾਂਤ ਸਿੰਘ ਠਾਕੁਰ ਦੀ ਮਾਤਾ ਸ਼੍ਰੀਮਤੀ ਆਸ਼ਾ ਰਾਣੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਏ ਅਤੇ ਉਨ੍ਹਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਨੇ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕੀਤੀ।

ਵਿਕਰਾਂਤ ਸਿੰਘ ਠਾਕੁਰ ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਦੇ ਓਐੱਸਡੀ ਹਨ। ਉਨ੍ਹਾਂ ਦੀ ਮਾਤਾ ਸ਼੍ਰੀਮਤੀ ਆਸ਼ਾ ਰਾਣੀ ਲੰਬੇ ਸਮੇਂ ਤੋਂ ਬਿਮਾਰ ਸਨ ਅਤੇ 11 ਅਕਤੂਬਰ ਨੂੰ 75 ਸਾਲ ਦੀ ਉਮਰ ਵਿੱਚ ਉਨ੍ਹਾਂ ਦਾ ਦੇਹਾਂਤ ਹੋ ਗਿਆ ਸੀ।

ਉਪ ਮੁੱਖ ਮੰਤਰੀ ਨੇ ਦੁਖੀ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਦਿਲਾਸਾ ਦਿੱਤਾ। ਉਨ੍ਹਾਂ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਦੁਖੀ ਪਰਿਵਾਰ ਨੂੰ ਇਸ ਨਾ ਪੂਰਾ ਹੋਣ ਵਾਲੇ ਘਾਟੇ ਨੂੰ ਸਹਿਣ ਦੀ ਤਾਕਤ ਦੇਣ।



**• ਅੰਤਿਮ ਯਾਤਰਾ ਵਿੱਚ ਸ਼ਾਮਲ ਹੋ ਕੇ ਸ਼੍ਰੀਮਤੀ ਆਸ਼ਾ ਰਾਣੀ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ**

ਸ਼੍ਰੀਮਤੀ ਆਸ਼ਾ ਰਾਣੀ ਦੀ ਅੰਤਿਮ ਯਾਤਰਾ ਵਿੱਚ ਕੁਟਲੈਹੜ ਵਿਧਾਨ ਸਭਾ ਹਲਕੇ ਦੇ ਵਿਧਾਇਕ ਵਿਵੇਕ ਸ਼ਰਮਾ, ਪ੍ਰਦੇਸ਼ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਰਣਜੀਤ ਰਾਣਾ, ਹਰੋਲੀ ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਸੰਦੀਪ ਅਗਨੀਹੋਤਰੀ, ਗ੍ਰਾਮ ਪੰਚਾਇਤ ਕਾਂਗੜ ਦੇ ਪ੍ਰਧਾਨ ਵਿਨੋਦ ਕੁਮਾਰ ਬਿੱਟੂ, ਊਨਾ ਦੇ ਡਿਪਟੀ ਕਮਿਸ਼ਨਰ ਜਤਿਨ ਲਾਲ ਸਮੇਤ ਕਈ ਸਿਆਸੀ ਅਤੇ ਪ੍ਰਸ਼ਾਸਨਿਕ ਅਧਿਕਾਰੀ ਤੇ ਪਤਵੰਤੇ ਸ਼ਾਮਲ ਹੋਏ। ਸਾਰਿਆਂ ਨੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਦੁਖੀ ਪਰਿਵਾਰ ਨਾਲ ਆਪਣੀ ਹਮਦਰਦੀ ਪ੍ਰਗਟ ਕੀਤੀ।

# ਮਾਰਕਿਟ ਕਮੇਟੀ ਨੇ ਚੰਡੀਗੜ੍ਹ ਦੀ ਸੈਕਟਰ 26 ਮੰਡੀ ਵਿੱਚ ਬੁਨਿਆਦੀ ਢਾਂਚੇ ਦੇ ਸੁਧਾਰ ਦਾ ਕਾਰਜ ਸ਼ੁਰੂ ਕੀਤਾ

**ਪੈ.ਗਾਮ-ਏ-ਜਗਤ**
**ਚੰਡੀਗੜ੍ਹ, (ਹਰਮਿੰਦਰ ਸਿੰਘ ਨਾਗਪਾਲ)**

ਮਾਰਕਿਟ ਕਮੇਟੀ, ਸੈਕਟਰ 26, ਚੰਡੀਗੜ੍ਹ ਨੇ ਯੂ.ਟੀ. ਚੰਡੀਗੜ੍ਹ ਦੇ ਮੁੱਖ ਇੰਜੀਨੀਅਰ ਦੇ ਜ਼ਰੀਏ ਸੈਕਟਰ 26 ਦੀ ਅਨਾਜ, ਫਲ ਅਤੇ ਸਬਜ਼ੀ ਮੰਡੀ ਵਿੱਚ ਬੁਨਿਆਦੀ ਢਾਂਚੇ ਦੇ ਸੁਧਾਰ ਦਾ ਕਾਰਜ ਸ਼ੁਰੂ ਕੀਤਾ ਹੈ। ਲੰਬੇ ਸਮੇਂ ਤੋਂ ਲੰਬਿਤ ਸਮੱਸਿਆਵਾਂ ਦੇ ਸਮਾਧਾਨ ਅਤੇ ਨਾਗਰਿਕ ਸੁਵਿਧਾਵਾਂ ਨੂੰ ਬਿਹਤਰ ਬਣਾਉਣ ਲਈ ਅੱਜ ਸੜਕਾਂ ਦੇ ਪੁਨਰਨਿਰਮਾਣ ਅਤੇ ਜਲ ਨਿਕਾਸੀ ਵਿਵਸਥਾ ਵਿੱਚ ਸੁਧਾਰ ਦੇ ਕਾਰਜ ਸ਼ੁਰੂ ਕੀਤੇ ਗਏ।

ਸ਼?ਰੀ ਡੀ. ਕਾਰਤਿਕੇਯਨ, ਆਈਏਐੱਸ, ਸਕੱਤਰ, ਰਾਜ ਖੇਤੀਬਾੜੀ ਮਾਰਕਿਟਿੰਗ ਬੋਰਡ, ਚੰਡੀਗੜ੍ਹ ਪ੍ਰਸ਼ਾਸਨ ਨੇ ਸ਼੍ਰੀਮਤੀ ਖੁਸ਼ਪ੍ਰੀਤ ਕੌਰ, ਡੈਨਿਕਸ, ਪ੍ਰਸ਼ਾਸਕ, ਮਾਰਕਿਟ ਕਮੇਟੀ, ਯੂ.ਟੀ. ਚੰਡੀਗੜ੍ਹ ਦੇ ਨਾਲ ਅੱਜ ਮੰਡੀ ਦਾ ਨਿਰੀਖਣ ਕਰਕੇ ਸਫ਼ਾਈ ਵਿਵਸਥਾ ਅਤੇ ਬੁਨਿਆਦੀ ਢਾਂਚੇ ਨਾਲ ਸਬੰਧਿਤ ਕਾਰਜਾਂ ਦੀ ਸਮੀਖਿਆ ਕੀਤੀ। ਸਫ਼ਾਈ ਕਾਰਜਾਂ ਵਿੱਚ ਤੇਜ਼ੀ ਲਿਆਉਣ ਅਤੇ ਸੜਕਾਂ ਦਾ ਪੁਨਰਨਿਰਮਾਣ ਪੜਾਅਵਾਰ ਤਰੀਕੇ ਨਾਲ ਕਰਨ ਦੇ ਨਿਰਦੇਸ਼ ਦਿੱਤੇ ਗਏ, ਤਾਕਿ ਵਪਾਰੀਆਂ ਅਤੇ ਆਮ ਜਨਤਾ ਨੂੰ ਘੱਟ ਤੋਂ ਘੱਟ ਅਸੁਵਿਧਾ ਹੋਵੇ ਅਤੇ ਨਿਰਮਾਣ ਦੇ ਦੌਰਾਨ ਟ੍ਰੈਫਿਕ ਸੁਚਾਰੂ ਰਹੇ। ਵਪਾਰੀਆਂ ਅਤੇ ਆਮ ਲੋਕਾਂ ਨੂੰ ਨਿਰਮਾਣ ਕਾਰਜਾਂ ਦੇ ਦੌਰਾਨ ਸਹਿਯੋਗ ਕਰਨ ਦੀ ਅਪੀਲ ਵੀ ਕੀਤੀ ਗਈ। ਇਸ ਪਹਿਲ ਦਾ ਉਦੇਸ਼ ਬੁਨਿਆਦੀ ਢਾਂਚੇ ਨਾਲ ਜੁੜੀਆਂ ਸਮੱਸਿਆਵਾਂ ਦਾ ਸਥਾਈ ਸਮਾਧਾਨ ਕਰਨਾ ਅਤੇ ਮੰਡੀ ਦੀ ਸਮੁੱਚੀ ਕਾਰਜਪ੍ਰਣਾਲੀ ਨੂੰ ਬਿਹਤਰ ਬਣਾਉਣਾ ਹੈ।



# ਸੈਕਟਰ 41-ਏ ਵਿੱਚ ਲਗਾਈ ਮਾਤਾ ਦੀ ਚੌਂਕੀ

**ਪੈ.ਗਾਮ-ਏ-ਜਗਤ**
**ਚੰਡੀਗੜ੍ਹ, 13 ਅਕਤੂਬਰ**
**(ਹਰਮਿੰਦਰ ਸਿੰਘ ਨਾਗਪਾਲ)**

ਚੰਡੀਗੜ੍ਹ ਨਗਰ ਨਿਗਮ ਦੇ ਵਾਰਡ ਨੰਬਰ 30 ਅਧੀਨ ਸੈਕਟਰ 41-ਏ ਵਿਚਲੇ ਮਕਾਨ ਨੰਬਰ 455 ਤੋਂ 474 ਦੇ ਸਮੂਹ ਵਸਨੀਕਾਂ ਵੱਲੋਂ ਮਾਤਾ ਰਾਣੀ ਦੀ ਵਿਸ਼ਾਲ ਚੌਂਕੀ ਦਾ ਆਯੋਜਨ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਕੀਤਾ ਗਿਆ। ਦੇਰ ਸ਼ਾਮ ਸ਼ੁਰੂ ਹੋਈ ਇਸ ਚੌਂਕੀ ਵਿੱਚ ਮਾਤਾ ਦੀਆਂ ਭੇਟਾਵਾਂ ਅਤੇ ਭਜਨਾਂ ਨਾਲ ਸਾਰਾ ਮਾਹੌਲ ਭਗਤੀਮਈ ਹੋ ਗਿਆ। ਇਲਾਕੇ ਦੇ ਵਸਨੀਕਾਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਮਾਤਾ ਰਾਣੀ ਦਾ ਗੁਣਗਾਨ ਕੀਤਾ। ਇਸ ਪਾਵਨ ਮੌਕੇ 'ਤੇ ਬੀਬੀ ਸਤਨਾਮ ਕੌਰ ਪਤਨੀ ਸਵ.ਮਲਕੀਅਤ ਸਿੰਘ ਬੁਟੇਰਲਾ ਜੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਅਤੇ ਉਹਨਾਂ ਨੇ ਸੰਗਤਾਂ ਨੂੰ ਮਾਤਾ ਰਾਣੀ ਦੇ ਜੈਕਾਰੇ ਲਗਵਾਏ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮਾਂ ਨਾਲ ਆਪਸੀ ਭਾਈਚਾਰਕ ਸਾਂਝ ਹੋਰ ਮਜ਼ਬੂਤ ਹੁੰਦੀ ਹੈ। ਇਸ ਦੌਰਾਨ ਵਾਰਡ ਨੰਬਰ 30 ਦੇ ਕੌਂਸਲਰ ਹਰਦੀਪ ਸਿੰਘ ਬੁਟੇਰਲਾ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ।

ਉਹਨਾਂ ਨੇ ਮਾਤਾ ਦੀ ਚੌਂਕੀ ਵਿੱਚ ਹਾਜ਼ਰੀ ਲਗਵਾਈ ਅਤੇ ਸਮੂਹ ਇਲਾਕਾ ਨਿਵਾਸੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਵਾ ਗਿੱਲ, ਮੀਨੂ ਗਿੱਲ, ਮਨਜੀਤ ਕੌਰ, ਮਾਇਆ ਦੇਵੀ, ਪ੍ਰਕਾਸ਼ ਕੌਰ, ਸਵਿਤਾ ਮਿੱਤਲ, ਨਿਰਮਲਾ ਦੇਵੀ, ਪੁਸ਼ਪਾ ਸੈਣੀ, ਕੁਲਵੰਤ ਕੌਰ, ਸਵਰਨਜੀਤ ਕੌਰ, ਕ੍ਰਿਸ਼ਨਾ ਗਰਗ, ਸੁਮਨ ਮਿੱਤਲ, ਸਿੰਮੀ ਗਰਗ, ਮੀਨੂ ਅਤੇ ਆਦਿ ਨੇ ਵੀ ਹਾਜਰੀ ਲਗਵਾਈ। ਸਮਾਗਮ ਦੇ ਅੰਤ ਵਿੱਚ ਭੰਡਾਰੇ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਸਾਰੇ ਵਸਨੀਕਾਂ ਨੇ ਪ੍ਰਸ਼ਾਦ ਛਕਿਆ।



**• ਬੀਬੀ ਸਤਨਾਮ ਕੌਰ ਪਤਨੀ ਸਵ. ਮਲਕੀਅਤ ਸਿੰਘ ਬੁਟੇਰਲਾ ਨੇ ਮਾਤਾ ਦੀ ਚੌਂਕੀ ਵਿੱਚ ਹਾਜ਼ਰੀ ਭਰੀ**

# ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵਿਰੁੱਧ ਪੁਲਿਸ ਕਮਿਸ਼ਨਰ ਨੂੰ ਸ਼ਿਕਾਇਤ

## ਸਿੱਖ ਸੰਸਥਾ ਖਿਲਾਫ਼ ਇਤਰਾਜ਼ਯੋਗ ਟਿੱਪਣੀਆਂ ਦੇ ਮਾਮਲੇ 'ਚ ਸਖ਼ਤ ਕਾਰਵਾਈ ਦੀ ਕੀਤੀ ਮੰਗ

**ਪੈ.ਗਾਮ-ਏ-ਜਗਤ**
**ਅੰਮ੍ਰਿਤਸਰ, 13 ਅਕਤੂਬਰ**
**(ਹਰਮਿੰਦਰ ਸਿੰਘ ਨਾਗਪਾਲ)**

ਆਮ ਆਦਮੀ ਪਾਰਟੀ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਜਾਤੀ ਆਧਾਰਿਤ ਵਿਤਕਰੇ ਦੇ ਦੋਸ਼ ਲਗਾਉਣ ਅਤੇ ਸਿੱਖ ਸੰਸਥਾ ਖਿਲਾਫ ਵਰਤੀ ਗਈ ਇਤਰਾਜ਼ਯੋਗ ਸ਼ਬਦਾਵਲੀ ਨੂੰ ਲੈ ਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਵੱਲੋਂ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਨੂੰ ਸ਼ਿਕਾਇਤ ਦੇ ਕੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਹੈ। ਇਹ ਸਕਾਇਤ ਅੱਜ ਸ੍ਰੀ ਦਰਬਾਰ ਸਾਹਿਬ ਦੇ ਜਰਨਲ ਮੈਨੇਜਰ ਸ. ਮੇਜਰ ਸਿੰਘ ਦੀ ਅਗਵਾਈ ਹੇਠ ਸ੍ਰੀ ਦਰਬਾਰ ਸਾਹਿਬ ਦੇ ਅਧਿਕਾਰੀਆਂ ਵੱਲੋਂ ਦਰਜ਼ ਕਰਵਾਈ ਗਈ।

ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ ਵਿਧਾਇਕ ਵੱਲੋਂ ਲਗਾਏ ਗਏ ਦੋਸ਼ ਤੱਥਾਂ ਦੇ ਉਲਟ ਹਨ ਅਤੇ ਇਨ੍ਹਾਂ ਰਾਹੀਂ ਸਿੱਖ ਸੰਸਥਾਵਾਂ ਦੇ ਅਕਸ ਨੂੰ ਢਾਹ ਲਾਉਣ ਦੇ ਨਾਲ-ਨਾਲ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਗਈ ਹੈ। ਸ਼ਿਕਾਇਤ ਅਨੁਸਾਰ, ਵਿਧਾਇਕ ਨੂੰ ਸਕੱਤਰੇਤ ਵਿਖੇ ਦਾਖ਼ਲ ਹੋਣ ਤੋਂ ਰੋਕਣ ਦਾ ਕਾਰਨ ਜਾਤੀ ਨਹੀਂ, ਸਗੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਅਤੇ ਸਿੱਖ ਸੰਸਥਾ ਪ੍ਰਤੀ ਉਨ੍ਹਾਂ ਵੱਲੋਂ ਪਹਿਲਾਂ ਕੀਤੀਆਂ ਗਈਆਂ ਕਥਿਤ ਇਤਰਾਜ਼ਯੋਗ ਅਤੇ ਅਪਮਾਨਜਨਕ ਟਿੱਪਣੀਆਂ ਸਨ। ਪ੍ਰਬੰਧਕਾਂ ਨੇ ਸਪੱਸ਼ਟ ਕੀਤਾ ਹੈ ਕਿ ਸਿੱਖ ਧਰਮ ਜਾਤ-ਪਾਤ, ਊਚ-ਨੀਚ ਅਤੇ ਵਿਤਕਰੇ ਨੂੰ ਰੱਦ ਕਰਦਾ ਹੈ। ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤ ਸਰਬਸਾਂਝੀਵਾਲਤਾ, ਬਰਾਬਰਤਾ ਅਤੇ ਮਨੁੱਖੀ ਸਤਿਕਾਰ 'ਤੇ ਆਧਾਰਿਤ ਹਨ। ਅਜਿਹੇ ਪਵਿੱਤਰ ਅਸਥਾਨਾਂ 'ਤੇ ਜਾਤੀ ਵਿਤਕਰੇ ਦੇ ਦੋਸ਼ ਲਗਾਉਣਾ ਸਿੱਖ ਸਿਧਾਂਤਾਂ ਦੀ ਅਸਲ ਭਾਵਨਾ ਨੂੰ ਗ਼ਲਤ ਰੂਪ ਵਿੱਚ ਪੇਸ਼ ਕਰਨ ਦੇ ਬਰਾਬਰ ਹੈ।

ਸ਼ਿਕਾਇਤ ਵਿੱਚ ਇਹ ਵੀ ਕਿਹਾ ਗਿਆ ਕਿ ਵਿਧਾਇਕ ਮਨਵਿੰਦਰ ਸਿੰਘ ਵੱਲੋਂ ਮੀਡੀਆ ਅਤੇ ਸੋਸ਼ਲ ਮੀਡੀਆ 'ਤੇ ਦਿੱਤੇ ਬਿਆਨਾਂ ਅਤੇ ਪ੍ਰਸਾਰਿਤ ਵੀਡੀਓਜ਼ ਨਾਲ ਸਿੱਖ ਸੰਸਥਾਵਾਂ, ਉਨ੍ਹਾਂ ਦੇ ਪ੍ਰਬੰਧਕਾਂ ਅਤੇ ਅਹੁਦੇਦਾਰਾਂ ਦੀ ਸਾਖ ਨੂੰ ਨੁਕਸਾਨ ਪਹੁੰਚਣ ਦੇ ਨਾਲ ਸਮਾਜ ਵਿੱਚ ਬੇਲੋੜਾ ਤਣਾਅ ਪੈਦਾ ਹੋਣ ਦਾ ਖ਼ਦਸ਼ਾ ਹੈ। ਸ਼ਿਕਾਇਤ ਵਿਚ ਇਸ ਤੋਂ ਪਹਿਲਾਂ ਜਾਰੀ ਕੀਤੀਆਂ ਗਈਆਂ ਹੋਰ ਵੀਡੀਓਜ਼ ਦਾ ਹਵਾਲਾ ਦਿੰਦਿਆਂ ਉਨ੍ਹਾਂ ਦੀ ਵੀ ਜਾਂਚ ਕਰਨ ਦੀ ਮੰਗ ਕੀਤੀ ਗਈ ਹੈ।

ਪ੍ਰਬੰਧਕਾਂ ਨੇ ਪੁਲਿਸ ਕਮਿਸ਼ਨਰ ਨੂੰ ਅਪੀਲ ਕੀਤੀ ਕਿ ਸ਼ਿਕਾਇਤ ਵਿੱਚ ਦਰਜ ਤੱਥਾਂ ਤੇ ਸੰਬੰਧਿਤ ਵੀਡੀਓਜ਼ ਦੀ ਨਿਰਪੱਖ ਜਾਂਚ ਕਰਕੇ ਕਾਨੂੰਨ ਤਹਿਤ ਬਣਦੀ ਕਾਰਵਾਈ ਕੀਤੀ ਜਾਵੇ। ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ ਨੇ ਕਿਹਾ ਕਿ ਸਿੱਖ ਸੰਸਥਾਵਾਂ ਬਾਰੇ ਬਿਆਨ ਦੇਣ ਸਮੇਂ ਤੱਥਾਂ ਅਤੇ ਧਾਰਮਿਕ ਭਾਵਨਾਵਾਂ ਦੀ ਸੰਵੇਦਨਸ਼ੀਲਤਾ ਦਾ ਧਿਆਨ ਰੱਖਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਬੇਬੁਨਿਆਦ ਦੋਸ਼ਾਂ ਜਾਂ ਸਮਾਜਿਕ ਵੰਡ ਪਾਉਣ ਵਾਲੀ ਬਿਆਨਬਾਜ਼ੀ ਤੋਂ ਹਰ ਆਗੂ ਨੂੰ ਸੁਚੇਤ ਰਹਿਣਾ ਚਾਹੀਦਾ ਹੈ।

ਸ਼ਿਕਾਇਤ ਦਰਜ਼ ਕਰਵਾਉਣ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ ਦੇ ਨਾਲ ਸ਼?ਰੋਮਣੀ ਕਮੇਟੀ ਦੇ ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਮੈਨੇਜਰ ਸ. ਨਰਿੰਦਰ ਸਿੰਘ ਅਤੇ ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਭੋਮਾਂ, ਇੰਚਾਰਜ ਆਈਟੀ ਉਮਕਾਰ ਸਿੰਘ ਵੀ ਮੌਜੂਦ ਸਨ।



# ਹਰਖੋਵਾਲ ਵਿੱਚ ਹੋਣ ਵਾਲੇ ਰਾਜ ਪੱਧਰੀ ਪ੍ਰੋਗਰਾਮ ਨੂੰ ਲੈ ਕੇ ਗੜ੍ਹਸ਼ੰਕਰ ਵਿੱਚ ਤਿਆਰੀਆਂ ਤੇਜ਼

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ 14 ਅਕਤੂਬਰ ਨੂੰ ਪਿੰਡ ਹਰਖੋਵਾਲ ਵਿੱਚ ਆਮ ਆਦਮੀ ਕਲੀਨਿਕਾਂ ਸਬੰਧੀ ਕਰਵਾਏ ਜਾ ਰਹੇ ਰਾਜ ਪੱਧਰੀ ਪ੍ਰੋਗਰਾਮ ਵਿੱਚ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਤੋਂ ਵੱਡੀ ਗਿਣਤੀ ਵਿੱਚ ਲੋਕ ਬੱਸਾਂ ਰਾਹੀਂ ਸ਼ਾਮਲ ਹੋਣਗੇ। ਇਸ ਸਬੰਧ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਗੜ੍ਹਸ਼ੰਕਰ ਦੇ ਜਥੇਬੰਦੀ ਇੰਚਾਰਜ ਅਤੇ ਓਐਸਡੀ ਚਰਨਜੀਤ ਸਿੰਘ ਚੰਨੀ ਨੇ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਪ੍ਰੋਗਰਾਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।

ਇਸ ਸਬੰਧ ਵਿੱਚ ਜਾਣਕਾਰੀ ਦਿੰਦਿਆਂ ਚਰਨਜੀਤ ਸਿੰਘ ਚੰਨੀ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿਹਤ ਸੇਵਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਪਿੰਡ ਹਰਖੋਵਾਲ ਵਿੱਚ 14 ਅਕਤੂਬਰ ਨੂੰ ਰਾਜ ਪੱਧਰੀ ਪ੍ਰੋਗਰਾਮ ਆਯੋਜਿਤ ਕੀਤਾ ਜਾ ਰਿਹਾ ਹੈ, ਜਿਸ ਵਿੱਚ ਹਲਕਾ ਗੜ੍ਹਸ਼ੰਕਰ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਦੀਆਂ ਤਿਆਰੀਆਂ ਨੂੰ ਲੈ ਕੇ ਪਿੰਡ ਟਿੱਬੀਆਂ, ਨੈਣਵਾਂ, ਪੰਡੋਰੀ, ਭਵਾਨੀਪੁਰ ਮਜਾਰੀ ਅਤੇ ਮਹਿੰਦਵਾਣੀ ਵਿੱਚ ਮੀਟਿੰਗਾਂ ਕੀਤੀਆਂ ਗਈਆਂ।

ਇਨ੍ਹਾਂ ਮੀਟਿੰਗਾਂ ਦੌਰਾਨ ਪਾਰਟੀ ਆਗੂਆਂ, ਵਰਕਰਾਂ ਅਤੇ ਸਥਾਨਕ ਲੋਕਾਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਪ੍ਰੋਗਰਾਮ ਵਿੱਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਬੱਸਾਂ ਰਾਹੀਂ ਆਉਣ-ਜਾਣ ਦੇ ਪ੍ਰਬੰਧ ਕੀਤੇ ਜਾ ਰਹੇ ਹਨ, ਤਾਂ ਜੋ ਵੱਖ-ਵੱਖ ਪਿੰਡਾਂ ਤੋਂ ਪਹੁੰਚਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਲੋਕਾਂ ਨੂੰ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਅਤੇ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਹਲਕਾ ਗੜ੍ਹਸ਼ੰਕਰ ਦੇ ਲੋਕਾਂ ਵਿੱਚ ਇਸ ਪ੍ਰੋਗਰਾਮ ਨੂੰ ਲੈ ਕੇ ਕਾਫੀ ਉਤਸ਼ਾਹ ਹੈ। ਵੱਖ-ਵੱਖ ਪਿੰਡਾਂ ਤੋਂ ਲੋਕ ਬੱਸਾਂ, ਕਾਰਾਂ ਅਤੇ ਮੋਟਰਸਾਈਕਲਾਂ ਰਾਹੀਂ ਪ੍ਰੋਗਰਾਮ ਵਿੱਚ ਪਹੁੰਚਣਗੇ। ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਲੋਕ ਪੰਜਾਬ ਸਰਕਾਰ ਵੱਲੋਂ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਪ੍ਰਾਪਤ ਕਰਨਗੇ ਅਤੇ ਪ੍ਰੋਗਰਾਮ ਦਾ ਹਿੱਸਾ ਬਣਨਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਨੇੜੇ ਮੁੱਢਲੀਆਂ ਸਿਹਤ ਸਹੂਲਤਾਂ ਅਤੇ ਮੁਫ਼ਤ ਇਲਾਜ ਦੀਆਂ ਸੇਵਾਵਾਂ ਉਪਲਬਧ ਕਰਵਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਸਿਹਤ ਸੇਵਾਵਾਂ ਨੂੰ ਆਮ ਲੋਕਾਂ ਦੀ ਪਹੁੰਚ ਵਿੱਚ ਲਿਆਉਣਾ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚੋਂ ਇੱਕ ਹੈ।

